ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 21 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੪ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## 1984 ਸਿੱਖ ਕਤਲੇਆਮ ਦੇ ਦੋਸ਼ੀ

# ਸੱਜਣ ਕੁਮਾਰ ਦੀ 80 ਸਾਲ ਦੀ ਉਮਰ ਵਿੱਚ ਮੌਤ

**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-1984 ਦੇ ਸਿੱਖ ਵਿਰੋਧੀ ਕਤਲੇਆਮ ਨਾਲ ਸਬੰਧਤ ਦੋ ਮਾਮਲਿਆਂ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਹੇ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਦੀ ਵੀਰਵਾਰ ਨੂੰ 80 ਸਾਲ ਦੀ ਉਮਰ ਵਿੱਚ ਮੌਤ ਹੋ ਗਈ। ਤਿਹਾੜ ਜੇਲ੍ਹ ਵਿੱਚ ਬੰਦ ਸੱਜਣ ਕੁਮਾਰ ਦੀ ਸਿਹਤ ਵਿਗੜਨ ਤੋਂ ਬਾਅਦ ਉਸ ਨੂੰ ਦਿੱਲੀ ਦੇ ਸਫ਼ਦਰਜੰਗ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਦੀ ਮੌਤ ਦਾ ਖ਼ਾਸ ਮੈਡੀਕਲ ਕਾਰਨ ਹਾਲੇ ਜਨਤਕ ਨਹੀਂ ਕੀਤਾ ਗਿਆ ਹੈ। ਸੱਜਣ ਕੁਮਾਰ ਦਾ ਨਾਮ 1984 ਦੇ ਸਿੱਖ ਵਿਰੋਧੀ ਕਤਲੇਆਮ ਦੇ ਸਭ ਤੋਂ ਚਰਚਿਤ ਮਾਮਲਿਆਂ ਵਿੱਚ ਸਾਹਮਣੇ ਆਇਆ ਸੀ। 31 ਅਕਤੂਬਰ 1984 ਨੂੰ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਸਿੱਖ ਅੰਗਰੱਖਿਅਕਾਂ ਵੱਲੋਂ ਹੱਤਿਆ ਤੋਂ ਬਾਅਦ ਦਿੱਲੀ ਸਮੇਤ ਦੇਸ਼ ਦੇ ਕਈ ਹਿੱਸਿਆਂ ਵਿੱਚ ਸਿੱਖ ਭਾਈਚਾਰੇ ਵਿਰੁੱਧ ਵੱਡੇ ਪੱਧਰ 'ਤੇ ਹਿੰਸਾ ਹੋਈ। ਦਿੱਲੀ ਵਿੱਚ ਵੱਡੀ ਗਿਣਤੀ ਵਿੱਚ ਸਿੱਖਾਂ ਦੀਆਂ ਹੱਤਿਆਵਾਂ ਹੋਈਆਂ ਅਤੇ ਘਰਾਂ ਤੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾ ਬਣਾਇਆ ਗਿਆ।

**ਪੰਜ ਸਿੱਖਾਂ ਦੀ ਹੱਤਿਆ ਅਤੇ ਗੁਰਦੁਆਰੇ ਨੂੰ ਅੱਗ ਲਾਉਣ ਦਾ ਮਾਮਲਾ :** ਸੱਜਣ ਕੁਮਾਰ ਵਿਰੁੱਧ ਸਭ ਤੋਂ ਵੱਡੀ ਦੋਸ਼ਸਿੱਧੀ 2018 ਵਿੱਚ ਹੋਈ। ਇਹ ਮਾਮਲਾ ਦਿੱਲੀ ਦੇ ਪਾਲਮ ਕਲੋਨੀ ਦੇ ਰਾਜ ਨਗਰ ਇਲਾਕੇ ਵਿੱਚ 1 ਅਤੇ 2 ਨਵੰਬਰ 1984 ਨੂੰ ਹੋਈ ਹਿੰਸਾ ਨਾਲ ਸਬੰਧਤ ਸੀ। ਇਸ ਮਾਮਲੇ ਵਿੱਚ ਪੰਜ ਸਿੱਖਾਂ ਦੀ ਹੱਤਿਆ ਅਤੇ ਇੱਕ ਗੁਰਦੁਆਰੇ ਨੂੰ ਅੱਗ ਲਗਾਉਣ ਦੇ ਦੋਸ਼ ਸਨ।

ਹੇਠਲੀ ਅਦਾਲਤ ਵੱਲੋਂ ਪਹਿਲਾਂ ਸੱਜਣ ਕੁਮਾਰ ਨੂੰ ਬਰੀ ਕਰ ਦਿੱਤਾ ਗਿਆ ਸੀ, ਪਰ ਦਿੱਲੀ ਹਾਈ ਕੋਰਟ ਨੇ 17 ਦਸੰਬਰ 2018 ਨੂੰ ਇਹ ਫੈਸਲਾ ਪਲਟਦਿਆਂ ਉਸ ਨੂੰ ਦੋਸ਼ੀ ਕਰਾਰ ਦਿੱਤਾ ਅਤੇ ਉਮਰ ਕੈਦ ਦੀ ਸਜ਼ਾ ਸੁਣਾਈ। ਅਦਾਲਤ ਦੇ ਫੈਸਲੇ ਤੋਂ ਬਾਅਦ ਸੱਜਣ ਕੁਮਾਰ ਨੇ 31 ਦਸੰਬਰ 2018 ਨੂੰ ਆਤਮਸਮਰਪਣ ਕੀਤਾ ਅਤੇ ਉਸ ਨੂੰ ਜੇਲ੍ਹ ਭੇਜ ਦਿੱਤਾ ਗਿਆ।

ਇਸ ਤੋਂ ਬਾਅਦ ਉਹ ਲਗਾਤਾਰ ਜੇਲ੍ਹ ਵਿੱਚ ਰਿਹਾ। ਵੱਖ-ਵੱਖ ਮੌਕਿਆਂ 'ਤੇ ਸਿਹਤ ਦੇ ਆਧਾਰ 'ਤੇ ਰਾਹਤ ਅਤੇ ਜ਼ਮਾਨਤ ਦੀਆਂ ਕੋਸ਼ਿਸ਼ਾਂ ਹੋਈਆਂ, ਪਰ 2018 ਦੀ ਉਮਰ ਕੈਦ ਦੀ ਸਜ਼ਾ ਕਾਰਨ ਉਸ ਦੀ ਰਿਹਾਈ ਨਹੀਂ ਹੋ ਸਕੀ।



**ਦੂਜੇ ਮਾਮਲੇ ਵਿੱਚ ਵੀ ਮਿਲੀ ਉਮਰ ਕੈਦ :** ਸੱਜਣ ਕੁਮਾਰ ਨੂੰ 2025 ਵਿੱਚ 1984 ਦੇ ਕਤਲੇਆਮ ਨਾਲ ਜੁੜੇ ਇੱਕ ਹੋਰ ਮਾਮਲੇ ਵਿੱਚ ਵੀ ਦੋਸ਼ੀ ਕਰਾਰ ਦਿੱਤਾ ਗਿਆ। ਇਹ ਮਾਮਲਾ ਦਿੱਲੀ ਦੇ ਸਰਸਵਤੀ ਵਿਹਾਰ ਇਲਾਕੇ ਵਿੱਚ 1 ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਤਰੁਣਦੀਪ ਸਿੰਘ ਦੀ ਹੱਤਿਆ ਨਾਲ ਸਬੰਧਤ ਸੀ।

ਮਾਮਲੇ ਦੀ ਸੁਣਵਾਈ ਦੌਰਾਨ ਸੱਜਣ ਕੁਮਾਰ ਉੱਤੇ ਭੀੜ ਨੂੰ ਭੜਕਾਉਣ ਅਤੇ ਦੋਵਾਂ ਸਿੱਖ ਵਿਅਕਤੀਆਂ ਦੀ ਹੱਤਿਆ ਵਿੱਚ ਭੂਮਿਕਾ ਨਿਭਾਉਣ ਦੇ ਦੋਸ਼ ਸਾਬਤ ਹੋਏ। ਅਦਾਲਤ ਨੇ 12 ਫਰਵਰੀ 2025 ਨੂੰ ਉਸ ਨੂੰ ਦੋਸ਼ੀ ਕਰਾਰ ਦਿੱਤਾ ਅਤੇ 25 ਫਰਵਰੀ 2025 ਨੂੰ ਉਮਰ ਕੈਦ ਦੀ ਸਜ਼ਾ ਸੁਣਾਈ।

ਇਸ ਮਾਮਲੇ ਵਿੱਚ ਸਰਕਾਰੀ ਪੱਖ ਅਤੇ ਪੀੜਤ ਪਰਿਵਾਰ ਵੱਲੋਂ ਸੱਜਣ ਕੁਮਾਰ ਲਈ ਮੌਤ ਦੀ ਸਜ਼ਾ ਦੀ ਮੰਗ ਕੀਤੀ ਗਈ ਸੀ, ਪਰ ਅਦਾਲਤ ਨੇ ਉਸ ਦੀ ਉਮਰ, ਸਿਹਤ ਅਤੇ ਹੋਰ ਹਾਲਾਤਾਂ ਨੂੰ ਧਿਆਨ ਵਿੱਚ ਰੱਖਦਿਆਂ ਮੌਤ ਦੀ ਸਜ਼ਾ ਦੀ ਬਜਾਏ ਉਮਰ ਕੈਦ ਦਿੱਤੀ। ਇਸ ਤਰ੍ਹਾਂ 1984 ਦੇ ਦੋ ਵੱਖ-ਵੱਖ ਮਾਮਲਿਆਂ ਵਿੱਚ ਸੱਜਣ ਕੁਮਾਰ ਨੂੰ ਉਮਰ ਕੈਦ ਦੀਆਂ ਸਜ਼ਾਵਾਂ ਹੋ ਚੁੱਕੀਆਂ ਸਨ।

**ਹੋਰ ਮਾਮਲਿਆਂ ਵਿੱਚ ਵੀ ਲੱਗੇ ਸਨ ਦੋਸ਼ :** ਸੱਜਣ ਕੁਮਾਰ ਵਿਰੁੱਧ 1984 ਦੀ ਹਿੰਸਾ ਨਾਲ ਸਬੰਧਤ ਹੋਰ ਮਾਮਲੇ ਵੀ ਚੱਲੇ। ਉਸ ਉੱਤੇ ਦੰਗਾ ਕਰਨ, ਭੀੜ ਨੂੰ ਭੜਕਾਉਣ, ਵੱਖ-ਵੱਖ ਭਾਈਚਾਰਿਆਂ ਵਿਚਕਾਰ ਦੁਸ਼ਮਣੀ ਪੈਦਾ ਕਰਨ, ਕਤਲ ਅਤੇ ਅਪਰਾਧਿਕ ਸਾਜ਼ਿਸ਼ ਵਰਗੇ ਦੋਸ਼ ਲੱਗੇ ਸਨ। ਹਾਲਾਂਕਿ ਕਾਨੂੰਨੀ ਤੌਰ 'ਤੇ ਇਹ ਸਪਸ਼ਟ ਕਰਨਾ ਜ਼ਰੂਰੀ ਹੈ ਕਿ ਉਸ ਉੱਤੇ ਦਰਜ ਹਰ ਮਾਮਲੇ ਵਿੱਚ ਉਸ ਨੂੰ ਦੋਸ਼ੀ ਨਹੀਂ ਠਹਿਰਾਇਆ ਗਿਆ। ਜਨਵਰੀ 2026 ਵਿੱਚ ਦਿੱਲੀ ਦੀ ਇੱਕ ਅਦਾਲਤ ਨੇ ਜਨਕਪੁਰੀ ਅਤੇ ਵਿਕਾਸਪੁਰੀ ਵਿੱਚ 1984 ਦੀ ਹਿੰਸਾ ਨਾਲ ਸਬੰਧਤ ਇੱਕ ਮਾਮਲੇ ਵਿੱਚ ਉਸ ਨੂੰ ਬਰੀ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਉਸ ਦੀ ਭੂਮਿਕਾ ਸਾਬਤ ਕਰਨ ਲਈ ਲੋੜੀਂਦੇ ਸਬੂਤ ਮੌਜੂਦ ਨਹੀਂ ਸਨ।

**ਕਰੀਬ ਸਾਢੇ ਸੱਤ ਸਾਲ ਜੇਲ੍ਹ ਵਿੱਚ ਰਿਹਾ :** ਦਿੱਲੀ ਹਾਈ ਕੋਰਟ ਵੱਲੋਂ 2018 ਵਿੱਚ ਉਮਰ ਕੈਦ ਦੀ ਸਜ਼ਾ ਸੁਣਾਏ ਜਾਣ ਤੋਂ ਬਾਅਦ ਸੱਜਣ ਕੁਮਾਰ ਨੇ 31 ਦਸੰਬਰ 2018 ਨੂੰ ਜੇਲ੍ਹ ਵਿੱਚ ਆਤਮਸਮਰਪਣ ਕੀਤਾ। ਇਸ ਤੋਂ ਬਾਅਦ ਉਹ ਤਿਹਾੜ ਜੇਲ੍ਹ ਵਿੱਚ ਰਿਹਾ ਅਤੇ ਆਪਣੀ ਮੌਤ ਤੱਕ ਜੇਲ੍ਹ ਵਿੱਚ ਹੀ ਸੀ। 31 ਦਸੰਬਰ 2018 ਤੋਂ 20 ਅਗਸਤ 2026 ਤੱਕ ਉਹ ਲਗਭਗ 7 ਸਾਲ 8 ਮਹੀਨੇ ਜੇਲ੍ਹ ਵਿੱਚ ਰਿਹਾ। 2025 ਵਿੱਚ ਦੂਜੇ ਮਾਮਲੇ ਵਿੱਚ ਉਮਰ ਕੈਦ ਦੀ ਸਜ਼ਾ ਮਿਲਣ ਤੋਂ ਬਾਅਦ ਉਸ ਦੀ ਜੇਲ੍ਹ ਦੀ ਸਜ਼ਾ ਹੋਰ ਵੀ ਗੰਭੀਰ ਕਾਨੂੰਨੀ ਸਥਿਤੀ ਵਿੱਚ ਪਹੁੰਚ ਗਈ ਸੀ।

**ਜੇਲ੍ਹ ਤੋਂ ਹਸਪਤਾਲ ਅਤੇ ਫਿਰ ਮੌਤ :** 20 ਅਗਸਤ 2026 ਨੂੰ ਤਿਹਾੜ ਜੇਲ੍ਹ ਵਿੱਚ ਸੱਜਣ ਕੁਮਾਰ ਦੀ ਸਿਹਤ ਵਿਗੜ ਗਈ। ਉਸ ਨੂੰ ਤੁਰੰਤ ਦਿੱਲੀ ਦੇ ਸਫ਼ਦਰਜੰਗ ਹਸਪਤਾਲ ਲਿਜਾਇਆ ਗਿਆ। ਹਸਪਤਾਲ ਪਹੁੰਚਣ 'ਤੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਹਾਲਤ ਵਿੱਚ ਪਹੁੰਚਿਆ ਹੋਇਆ ਐਲਾਨ ਦਿੱਤਾ। ਉਸ ਸਮੇਂ ਉਸ ਦੀ ਉਮਰ 80 ਸਾਲ ਸੀ।

ਉਸ ਦੀ ਮੌਤ ਨਾਲ 1984 ਦੇ ਸਿੱਖ ਵਿਰੋਧੀ ਕਤਲੇਆਮ ਨਾਲ ਜੁੜੇ ਇੱਕ ਲੰਬੇ ਅਤੇ ਬਹੁਤ ਚਰਚਿਤ ਕਾਨੂੰਨੀ ਅਧਿਆਇ ਦਾ ਅੰਤ ਹੋ ਗਿਆ ਹੈ। ਹਾਲਾਂਕਿ ਸੱਜਣ ਕੁਮਾਰ ਵਿਰੁੱਧ ਕਈ ਮਾਮਲੇ ਦਹਾਕਿਆਂ ਤੱਕ ਚੱਲਦੇ ਰਹੇ, ਪਰ ਦੋ ਮਹੱਤਵਪੂਰਨ ਮਾਮਲਿਆਂ ਵਿੱਚ ਉਸ ਨੂੰ ਦੋਸ਼ੀ ਕਰਾਰ ਦੇ ਕੇ ਉਮਰ ਕੈਦ ਦੀ ਸਜ਼ਾ ਦਿੱਤੀ ਗਈ। 1984 ਦੇ ਕਤਲੇਆਮ ਦੇ ਪੀੜਤ ਪਰਿਵਾਰਾਂ ਲਈ ਸੱਜਣ ਕੁਮਾਰ ਦਾ ਮਾਮਲਾ ਦਹਾਕਿਆਂ ਤੱਕ ਚੱਲੀ ਇਨਸਾਫ਼ ਦੀ ਲੜਾਈ ਦਾ ਪ੍ਰਤੀਕ ਬਣਿਆ ਰਿਹਾ। 2018 ਦੀ ਦੋਸ਼ਸਿੱਧੀ ਤੋਂ ਲੈ ਕੇ 2025 ਵਿੱਚ ਦੂਜੀ ਉਮਰ ਕੈਦ ਤੱਕ, ਇਹ ਮਾਮਲਾ ਇਸ ਗੱਲ ਦੀ ਮਿਸਾਲ ਰਿਹਾ ਕਿ ਕਈ ਦਹਾਕਿਆਂ ਬਾਅਦ ਵੀ 1984 ਦੀ ਹਿੰਸਾ ਨਾਲ ਜੁੜੇ ਮਾਮਲਿਆਂ ਵਿੱਚ ਕਾਨੂੰਨੀ ਕਾਰਵਾਈ ਜਾਰੀ ਰਹੀ। ਸੱਜਣ ਕੁਮਾਰ ਦੀ ਮੌਤ 20 ਅਗਸਤ 2026 ਨੂੰ 80 ਸਾਲ ਦੀ ਉਮਰ ਵਿੱਚ ਸਫ਼ਦਰਜੰਗ ਹਸਪਤਾਲ, ਦਿੱਲੀ ਵਿਖੇ ਹੋਈ। ਉਸ ਸਮੇਂ ਉਹ ਤਿਹਾੜ ਜੇਲ੍ਹ ਵਿੱਚ 1984 ਦੇ ਸਿੱਖ ਵਿਰੋਧੀ ਕਤਲੇਆਮ ਨਾਲ ਸਬੰਧਤ ਮਾਮਲਿਆਂ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਸੀ।

# ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਪੰਜਾਬ ਬੰਦ

## ਸ਼੍ਰੋਮਣੀ ਕਮੇਟੀ ਦੀਆਂ ਕਾਰ ਸੇਵਾ ਵਾਲੀਆਂ ਬੱਸਾਂ ਦੀ ਭੰਨਤੋੜ, ਗੋਲੀਆਂ ਚਲਾਉਣ ਦਾ ਸ਼ੱਕ




**ਅੰਮ੍ਰਿਤਸਰ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਦਰਬਾਰ ਸਾਹਿਬ ਨੂੰ ਜਾਂਦੇ ਵਿਰਾਸਤੀ ਮਾਰਗ 'ਤੇ ਸਥਿਤ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਦੇ ਕੋਲ ਪਾਰਕਿੰਗ ਵਿੱਚ ਖੜ੍ਹੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਬੱਸਾਂ ਦੀ ਬੀਤੀ ਰਾਤ ਭੰਨਤੋੜ ਕਰ ਦਿੱਤੀ ਗਈ। ਜਾਣਕਾਰੀ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸੰਗਤਾਂ ਨੂੰ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨਾਂ ਲਈ ਇਹ ਕਾਰ ਸੇਵਾ ਬੱਸਾਂ ਚਲਾਈਆਂ ਜਾਂਦੀਆਂ ਹਨ। ਅੱਜ ਜਬਲਪੁਰ ਤੋਂ ਆਈ ਸੰਗਤ ਨੂੰ ਇਨ੍ਹਾਂ ਬੱਸਾਂ ਰਾਹੀਂ ਵੱਖ-ਵੱਖ ਗੁਰਧਾਮਾਂ ਦੇ ਦਰਸ਼ਨ ਕਰਵਾਉਣ ਦਾ ਪ੍ਰੋਗਰਾਮ ਸੀ। ਇਹ ਵੀ ਦੱਸਿਆ ਜਾ ਰਿਹਾ ਹੈ ਕਿ ਬੱਸਾਂ 'ਤੇ ਗੋਲੀਆਂ ਵੀ ਚਲਾਈਆਂ ਗਈਆਂ ਹੋ ਸਕਦੀਆਂ ਹਨ। ਇਸ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ। ਸੂਚਨਾ ਮਿਲਦਿਆਂ ਹੀ ਪੁਲਸ ਮੌਕੇ 'ਤੇ ਪਹੁੰਚ ਗਈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਵੱਲੋਂ ਘਟਨਾ ਵਾਲੀ ਥਾਂ ਦੇ ਆਸ-ਪਾਸ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵੀ ਖੰਗਾਲੀ ਜਾ ਰਹੀ ਹੈ ਤਾਂ ਜੋ ਦੋਸ਼ੀਆਂ ਦਾ ਪਤਾ ਲਗਾਇਆ ਜਾ ਸਕੇ।

## ਬੰਦੀ ਸਿੰਘਾਂ ਦੀ ਰਿਹਾਈ ਲਈ 21 ਅਗਸਤ ਦੇ ਪੰਜਾਬ ਬੰਦ ਦੀ ਦਮਦਮੀ ਟਕਸਾਲ ਵੱਲੋਂ ਹਮਾਇਤ

**ਅੰਮ੍ਰਿਤਸਰ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮੀ ਇਨਸਾਫ਼ ਮੋਰਚੇ ਵੱਲੋਂ 21 ਅਗਸਤ 2026, ਦਿਨ ਸ਼ੁੱਕਰਵਾਰ ਨੂੰ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਦੀ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਪੁਰਜ਼ੋਰ ਹਮਾਇਤ ਕੀਤੀ ਗਈ ਹੈ।




ਦਮਦਮੀ ਟਕਸਾਲ ਵੱਲੋਂ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਪੰਜਾਬ ਬੰਦ ਦੀ ਕਾਲ ਨੂੰ ਅਮਨ-ਸ਼ਾਂਤੀ ਨਾਲ ਸਫ਼ਲ ਬਣਾਉਣ। ਟਕਸਾਲ ਵੱਲੋਂ ਕਿਹਾ ਗਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲਾ ਲੰਮੇ ਸਮੇਂ ਤੋਂ ਚੱਲ ਰਿਹਾ ਹੈ ਅਤੇ ਸਰਕਾਰਾਂ ਨੂੰ ਇਸ ਮਾਮਲੇ 'ਤੇ ਗੰਭੀਰਤਾ ਨਾਲ ਵਿਚਾਰ ਕਰਦਿਆਂ ਬਿਨਾਂ ਸ਼ਰਤ ਬੰਦੀ ਸਿੰਘਾਂ ਦੀ ਜਲਦ ਰਿਹਾਈ ਲਈ ਕਦਮ ਚੁੱਕਣੇ ਚਾਹੀਦੇ ਹਨ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਬੰਦ ਦੌਰਾਨ ਪੂਰਨ ਸ਼ਾਂਤੀ, ਸੰਜਮ ਅਤੇ ਭਾਈਚਾਰਕ ਸਦਭਾਵਨਾ ਬਣਾਈ ਰੱਖੀ ਜਾਵੇ। ਦਮਦਮੀ ਟਕਸਾਲ ਨੇ ਸਰਕਾਰਾਂ ਤੋਂ ਮੰਗ ਕੀਤੀ ਕਿ ਬੰਦੀ ਸਿੰਘਾਂ ਨੂੰ ਬਿਨਾਂ ਸ਼ਰਤ ਜਲਦ ਤੋਂ ਜਲਦ ਰਿਹਾਅ ਕਰਕੇ ਇਸ ਮਸਲੇ ਦਾ ਹੱਲ ਕੀਤਾ ਜਾਵੇ।

## ਨਵੀਂ ਦਿੱਲੀ 'ਚ ਪਾਕਿਸਤਾਨ ਹਾਈ ਕਮਿਸ਼ਨ 'ਤੇ ਚੱਲਿਆ ਬੁਲਡੋਜ਼ਰ, ਢਾਹਿਆ ਕਬਜ਼ਾ ਤੇ ਬਾਹਰੀ ਸੁਰੱਖਿਆ ਘੇਰਾ

**ਨਵੀਂ ਦਿੱਲੀ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਪ੍ਰਸ਼ਾਸਕੀ ਏਜੰਸੀਆਂ ਨੇ ਵੀਰਵਾਰ ਨੂੰ ਰਾਜਧਾਨੀ ਨਵੀਂ ਦਿੱਲੀ ਵਿੱਚ ਪਾਕਿਸਤਾਨ ਹਾਈ ਕਮਿਸ਼ਨ ਦੇ ਬਾਹਰ ਵੱਡੀ ਕਾਰਵਾਈ ਕੀਤੀ। ਹਾਈ ਕਮਿਸ਼ਨ ਅਹਾਤੇ ਦੀ ਮਨਜ਼ੂਰ ਸੀਮਾ ਦੇ ਬਾਹਰ ਬਣੇ ਗੈਰ-ਕਾਨੂੰਨੀ ਢਾਂਚੇ ਅਤੇ ਸੁਰੱਖਿਆ ਬੈਰੀਕੇਡਾਂ ਨੂੰ ਏਜੰਸੀਆਂ ਨੇ ਜੇਸੀਬੀ ਮਸ਼ੀਨਾਂ ਦੀ ਵਰਤੋਂ ਕਰਕੇ ਢਾਹ ਦਿੱਤਾ।



ਇਹ ਕਾਰਵਾਈ ਡਿਪਲੋਮੈਟਿਕ ਕੰਪਲੈਕਸ ਦੇ ਬਾਹਰ ਸੜਕ ਅਤੇ ਸਰਵਿਸ ਲੇਨ 'ਤੇ ਕੀਤੇ ਗਏ ਕਬਜ਼ੇ ਹਟਾਉਣ ਦੇ ਉਦੇਸ਼ ਨਾਲ ਕੀਤੀ ਗਈ ਹੈ। ਉਨ੍ਹਾਂ ਨੇ ਅਹਾਤੇ ਦੇ ਬਾਹਰ ਗਲੀ ਤੋਂ ਢਾਂਚੇ ਅਤੇ ਬੈਰੀਕੇਡ ਹਟਾ ਦਿੱਤੇ, ਜਿਨ੍ਹਾਂ ਵਿੱਚ ਵੀਜ਼ਾ ਸੈਕਸ਼ਨ ਦੇ ਨੇੜੇ ਕਤਾਰਾਂ ਦਾ ਪ੍ਰਬੰਧਨ ਕਰਨ ਲਈ ਬਣਾਏ ਗਏ ਢਾਂਚੇ ਵੀ ਸ਼ਾਮਲ ਹਨ। ਅਧਿਕਾਰੀਆਂ ਨੇ ਪਾਕਿਸਤਾਨ ਹਾਈ ਕਮਿਸ਼ਨ ਦੇ ਬਾਹਰੋਂ ਬਾਹਰੀ ਸੁਰੱਖਿਆ ਘੇਰਾ ਹਟਾ ਦਿੱਤਾ ਹੈ। ਉਨ੍ਹਾਂ ਨੇ ਡਿਪਲੋਮੈਟਿਕ ਅਹਾਤੇ ਦੇ ਆਲੇ-ਦੁਆਲੇ ਸੁਰੱਖਿਆ ਘੇਰਾ ਬਣਾਉਣ ਵਾਲੇ ਟੈਰਿਫ ਬੋਲਾਰਡ ਅਤੇ ਬੈਰੀਕੇਡ ਹਟਾ ਦਿੱਤੇ ਹਨ। ਇਹ ਕਾਰਵਾਈ ਉਨ੍ਹਾਂ ਰਿਪੋਰਟਾਂ ਦੇ ਸਾਹਮਣੇ ਆਉਣ ਤੋਂ ਸਿਰਫ਼ ਤਿੰਨ ਦਿਨ ਬਾਅਦ ਆਈ ਹੈ ਕਿ ਪਾਕਿਸਤਾਨੀ ਅਧਿਕਾਰੀਆਂ ਨੇ ਇਸਲਾਮਾਬਾਦ ਵਿੱਚ ਭਾਰਤੀ ਹਾਈ ਕਮਿਸ਼ਨ ਦੇ ਬਾਹਰ ਸੁਰੱਖਿਆ ਬੈਰੀਕੇਡ ਹਟਾ ਦਿੱਤੇ ਹਨ। ਪਾਕਿਸਤਾਨ ਹਾਈ ਕਮਿਸ਼ਨ ਦੀਆਂ ਫੋਟੋਆਂ ਵਿੱਚ ਭੰਨਤੋੜ ਤੋਂ ਬਾਅਦ ਮਿਸ਼ਨ ਦੇ ਬਾਹਰ ਮਲਬਾ ਪਿਆ ਦਿਖਾਈ ਦੇ ਰਿਹਾ ਹੈ। ਟੁੱਟੀਆਂ ਧਾਤ ਦੀਆਂ ਰੇਲਿੰਗਾਂ ਅਤੇ ਗੇਟ, ਮਰੋੜੇ ਹੋਏ ਧਾਤ ਦੇ ਫਰੇਮ ਅਤੇ ਕੰਕਰੀਟ ਦੇ ਟੁਕੜੇ ਪੱਕੇ ਖੇਤਰ ਵਿੱਚ ਖਿੰਡੇ ਹੋਏ ਸਨ। ਇਸ ਤੋਂ ਇਲਾਵਾ ਸਾਈਟ ਦੀਆਂ ਤਸਵੀਰਾਂ ਵਿੱਚ ਬਾਹਰੀ ਢਾਂਚੇ ਦੇ ਕੁਝ ਹਿੱਸੇ ਪੂਰੀ ਤਰ੍ਹਾਂ ਤਬਾਹ ਹੋਏ ਦਿਖਾਈ ਦਿੱਤੇ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ / Naam Japo
ਕਿਰਤ ਕਰੋ / Kirat Karo
ਵੰਡ ਛਕੋ / Vand Shako

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

## ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ
ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV





# ਬੰਦੀ ਸਿੰਘਾਂ ਦੀ ਰਿਹਾਈ ਮਾਨਵੀ ਤੇ ਕਾਨੂੰਨੀ ਨਿਆਂ ਦਾ ਮਾਮਲਾ, ਸਿਆਸੀ ਦਬਾਅ ਦਾ ਨਹੀਂ: ਪ੍ਰੋ. ਸਰਚਾਂਦ ਸਿੰਘ ਖਿਆਲਾ

**ਅੰਮ੍ਰਿਤਸਰ, 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਉਹ ਬੰਦੀ ਸਿੰਘਾਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਦੇ ਹੱਕ ਵਿੱਚ ਹਨ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ 2019

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਬੰਦੀ ਸਿੰਘਾਂ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਕੇ ਸਬੰਧਤ ਰਾਜਾਂ ਨੂੰ ਸੰਵਿਧਾਨਕ ਪ੍ਰਕਿਰਿਆ ਸ਼ੁਰੂ ਕਰਨ ਦੇ ਨਿਰਦੇਸ਼ ਦੇਣਾ ਇਸ ਦਿਸ਼ਾ ਵਿੱਚ ਕੇਂਦਰ ਦੀ ਸੁਹਿਰਦ ਪਹੁੰਚ ਦਾ ਸਪੱਸ਼ਟ ਪ੍ਰਮਾਣ ਹੈ। ਇਸ ਤਹਿਤ 6 ਬੰਦੀ ਸਿੰਘਾਂ ਦੀ ਸਮੇਂ ਤੋਂ ਪਹਿਲਾਂ ਰਿਹਾਈ ਹੋ ਚੁੱਕੀ ਹੈ, ਜਦਕਿ ਦੋ ਹੋਰ ਮਾਮਲੇ ਸਬੰਧਤ ਰਾਜ ਸਰਕਾਰਾਂ ਦੇ ਵਿਚਾਰ ਅਧੀਨ ਹਨ। ਬਲਵੰਤ ਸਿੰਘ ਰਾਜੋਆਣਾ ਦੇ ਮਾਮਲੇ ਵਿੱਚ ਵੀ ਸੁਪਰੀਮ ਕੋਰਟ ਵੱਲੋਂ ਅਜੇ ਅੰਤਿਮ ਫ਼ੈਸਲਾ ਨਹੀਂ ਦਿੱਤਾ ਗਿਆ।

ਪ੍ਰੋ. ਖਿਆਲਾ ਨੇ ਕਿਹਾ ਕਿ ਦਹਾਕਿਆਂ ਤੋਂ ਜੇਲ੍ਹਾਂ ਵਿੱਚ ਬੰਦ ਬੰਦੀ ਸਿੰਘਾਂ ਦੇ ਮਾਮਲੇ ਨੂੰ ਸਿਰਫ਼ ਅਪਰਾਧ ਦੀ ਕਾਨੂੰਨੀ ਪਰਿਭਾਸ਼ਾ ਤੱਕ ਸੀਮਿਤ ਕਰਕੇ ਨਹੀਂ ਦੇਖਿਆ ਜਾ ਸਕਦਾ। ਪੰਜਾਬ ਵਿੱਚ ਪਿਛਲੇ ਦਹਾਕਿਆਂ ਦੌਰਾਨ ਪੈਦਾ ਹੋਏ ਰਾਜਸੀ ਟਕਰਾਅ ਅਤੇ ਅਣਸੁਖਾਵੇਂ ਹਾਲਾਤਾਂ ਦਾ ਵੀ ਇਸ ਪੂਰੇ ਮਸਲੇ ਨਾਲ ਸੰਦਰਭ ਜੁੜਿਆ ਹੋਇਆ ਹੈ। ਇਸ ਲਈ ਜਿੱਥੇ ਕਾਨੂੰਨ ਆਪਣੀ ਪ੍ਰਕਿਰਿਆ ਅਨੁਸਾਰ ਲਾਗੂ ਹੋਵੇ, ਉੱਥੇ ਮਾਨਵੀ ਪੱਖ ਨੂੰ ਵੀ ਸੰਵੇਦਨਸ਼ੀਲਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ।

21 ਅਗਸਤ ਨੂੰ ਕੌਮੀ ਇਨਸਾਫ਼ ਮੋਰਚੇ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਦਿੱਤੇ ਪੰਜਾਬ ਬੰਦ ਦੇ ਸੱਦੇ ਬਾਰੇ ਉਨ੍ਹਾਂ ਕਿਹਾ ਕਿ ਆਪਣੀਆਂ ਮੰਗਾਂ ਨੂੰ ਸ਼ਾਂਤਮਈ ਢੰਗ ਨਾਲ ਉਠਾਉਣਾ ਹਰ ਨਾਗਰਿਕ ਦਾ ਲੋਕਤੰਤਰਕ ਅਧਿਕਾਰ ਹੈ, ਪਰ ਕਿਸੇ ਵੀ ਅੰਦੋਲਨ ਦਾ ਰੂਪ ਅਜਿਹਾ ਨਹੀਂ ਹੋਣਾ ਚਾਹੀਦਾ ਜਿਸ ਨਾਲ ਆਮ ਲੋਕਾਂ ਦੀ ਰੋਜ਼ੀ-ਰੋਟੀ, ਕਾਰੋਬਾਰ ਜਾਂ ਸਮਾਜਿਕ ਸ਼ਾਂਤੀ ਪ੍ਰਭਾਵਿਤ ਹੋਵੇ। ਉਨ੍ਹਾਂ ਦਿੱਲੀ ਦੀ ਮੰਡੋਲੀ ਜੇਲ੍ਹ ਤੋਂ ਜਗਤਾਰ ਸਿੰਘ ਹਵਾਰਾ ਵੱਲੋਂ ਨੌਜਵਾਨਾਂ ਨੂੰ ਸੰਜਮ ਵਰਤਣ, ਕਾਨੂੰਨ ਆਪਣੇ ਹੱਥ ਵਿੱਚ ਨਾ ਲੈਣ, ਹਿੰਸਾ ਤੋਂ ਦੂਰ ਰਹਿਣ ਅਤੇ ਸ਼ਰਾਰਤੀ ਅਨਸਰਾਂ ਤੋਂ ਸੁਚੇਤ ਰਹਿਣ ਦੀ ਅਪੀਲ ਨੂੰ ਸਕਾਰਾਤਮਕ ਅਤੇ ਸ਼ਾਂਤੀਪੂਰਨ ਪਹੁੰਚ ਕਰਾਰ ਦਿੰਦਿਆਂ ਇਸ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਹਿੰਸਾ ਦੀ ਭਿਆਨਕ ਕੀਮਤ ਅਦਾ ਕਰ ਚੁੱਕਾ ਹੈ, ਇਸ ਲਈ ਕਿਸੇ ਵੀ ਕੀਮਤ ’ਤੇ ਮੁੜ ਹਿੰਸਕ ਮਾਹੌਲ ਪੈਦਾ ਨਹੀਂ ਹੋਣ ਦੇਣਾ ਚਾਹੀਦਾ।



ਪ੍ਰੋ. ਖਿਆਲਾ ਨੇ ਕਿਹਾ ਕਿ ‘ਬੰਦੀ ਸਿੰਘ’ ਦੀ ਪਰਿਭਾਸ਼ਾ ਅਤੇ ਗਿਣਤੀ ਨੂੰ ਲੈ ਕੇ ਵੱਖ-ਵੱਖ ਧੜਿਆਂ ਦੇ ਆਪਣੇ-ਆਪਣੇ ਦਾਅਵੇ ਹਨ, ਪਰ ਲੋਕਤੰਤਰ ਵਿੱਚ ਕਿਸੇ ਵੀ ਵਿਅਕਤੀ ਦੇ ਮਾਮਲੇ ਦਾ ਨਿਰਧਾਰਨ ਸੰਵਿਧਾਨ ਅਤੇ ਕਾਨੂੰਨ ਅਨੁਸਾਰ ਹੀ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਰਿਹਾਈ ਦਾ ਫ਼ੈਸਲਾ ਸੜਕਾਂ ਦੇ ਦਬਾਅ ਜਾਂ ਸਿਆਸੀ ਨਾਅਰਿਆਂ ਨਾਲ ਨਹੀਂ, ਸਗੋਂ ਨਿਰਧਾਰਿਤ ਕਾਨੂੰਨੀ ਨੀਤੀਆਂ, ਸਜ਼ਾ ਦੀ ਮਿਆਦ, ਵਿਵਹਾਰ ਅਤੇ ਹੋਰ ਸੰਬੰਧਿਤ ਮਾਪਦੰਡਾਂ ਦੇ ਆਧਾਰ ’ਤੇ ਹੋਣਾ ਚਾਹੀਦਾ ਹੈ।

ਮੋਰਚਿਆਂ ਦੀ ਭੂਮਿਕਾ ’ਤੇ ਸਵਾਲ ਉਠਾਉਂਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਬੰਦੀ ਸਿੰਘ ਗੁਰਦੀਪ ਸਿੰਘ ਖੈੜਾ ਖ਼ੁਦ ਜਨਤਕ ਤੌਰ ’ਤੇ ਕਹਿ ਚੁੱਕੇ ਹਨ ਕਿ ਉਨ੍ਹਾਂ ਦੀ ਰਿਹਾਈ ਵਿੱਚ ਇਨ੍ਹਾਂ ਮੋਰਚਿਆਂ ਦੀ ਕੋਈ ਭੂਮਿਕਾ ਨਹੀਂ ਰਹੀ। ਉਨ੍ਹਾਂ 21 ਜਨਵਰੀ 2024 ਨੂੰ ਮੋਹਾਲੀ-ਚੰਡੀਗੜ੍ਹ ਸਰਹੱਦ ’ਤੇ ਚੱਲ ਰਹੇ ਕੌਮੀ ਇਨਸਾਫ਼ ਮੋਰਚੇ ਵਿੱਚ ਸ਼ਾਮਲ ਹੋਣ ਗਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਗੱਡੀ ’ਤੇ ਹੋਏ ਹਮਲੇ ਅਤੇ ਭੰਨਤੋੜ ਦਾ ਜ਼ਿਕਰ ਕਰਦਿਆਂ ਕਿਹਾ ਕਿ ਜਿੱਥੇ ਇੱਕ ਸਿੱਖ ਸੰਸਥਾ ਦੇ ਮੁਖੀ ਦੀ ਸੁਰੱਖਿਆ ਅਤੇ ਮਰਯਾਦਾ ਦਾ ਵੀ ਖ਼ਿਆਲ ਨਾ ਰੱਖਿਆ ਜਾਵੇ, ਉੱਥੇ ਕਈ ਗੰਭੀਰ ਸਵਾਲ ਖੜ੍ਹੇ ਹੁੰਦੇ ਹਨ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦਾ ਮੁੱਦਾ ਮਨੁੱਖੀ ਅਧਿਕਾਰ ਅਤੇ ਕਾਨੂੰਨੀ ਨਿਆਂ ਨਾਲ ਸਬੰਧਤ ਹੈ, ਇਸ ਨੂੰ ਚੋਣਾਵੀਂ ਸਿਆਸਤ ਦਾ ਹਥਿਆਰ ਨਹੀਂ ਬਣਾਇਆ ਜਾਣਾ ਚਾਹੀਦਾ। ਹਰ ਕੈਦੀ ਨੂੰ ਸੰਵਿਧਾਨ ਅਤੇ ਕਾਨੂੰਨ ਅਨੁਸਾਰ ਨਿਆਂ ਮਿਲਣਾ ਚਾਹੀਦਾ ਹੈ ਅਤੇ ਜਿਸ ਮਾਮਲੇ ਵਿੱਚ ਸਮੇਂ ਤੋਂ ਪਹਿਲਾਂ ਰਿਹਾਈ ਕਾਨੂੰਨੀ ਤੌਰ ’ਤੇ ਬਣਦੀ ਹੈ, ਉਸ ’ਤੇ ਸਬੰਧਤ ਅਥਾਰਿਟੀ ਵੱਲੋਂ ਨਿਰਪੱਖਤਾ ਨਾਲ ਫ਼ੈਸਲਾ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਭਾਵਨਾਵਾਂ ਨਾਲ ਸਿਆਸੀ ਰੋਟੀਆਂ ਸੇਕਣਾ ਨਾ ਪੰਜਾਬ ਦੇ ਹਿੱਤ ਵਿੱਚ ਹੈ ਅਤੇ ਨਾ ਹੀ ਇਸ ਨਾਲ ਬੰਦੀ ਸਿੰਘਾਂ ਦੇ ਮਸਲੇ ਦਾ ਸਥਾਈ ਹੱਲ ਨਿਕਲੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਜੇ ਮੋਰਚਾ ਇਸ ਮਸਲੇ ਪ੍ਰਤੀ ਸੱਚਮੁੱਚ ਗੰਭੀਰ ਹੈ ਤਾਂ ਉਸ ਨੂੰ ਸੰਵਿਧਾਨਕ ਅਤੇ ਕਾਨੂੰਨੀ ਰਾਹ ਅਪਣਾਉਣਾ ਚਾਹੀਦਾ ਹੈ। ਪੰਜਾਬ ਨੂੰ ਨਸ਼ਾ, ਬੇਰੁਜ਼ਗਾਰੀ, ਉਦਯੋਗ, ਨਿਵੇਸ਼ ਅਤੇ ਨੌਜਵਾਨਾਂ ਦੇ ਭਵਿੱਖ ਵਰਗੇ ਮੁੱਦਿਆਂ ’ਤੇ ਵੀ ਉਸੇ ਗੰਭੀਰਤਾ ਨਾਲ ਸੰਘਰਸ਼ ਕਰਨ ਦੀ ਲੋੜ ਹੈ। ਹਰ ਵਾਰ ਧਾਰਮਿਕ ਭਾਵਨਾਵਾਂ ਨੂੰ ਚੋਣੀ ਹਥਿਆਰ ਬਣਾਉਣਾ ਪੰਜਾਬ ਦੀਆਂ ਭਾਵਨਾਵਾਂ ਨਾਲ ਇਨਸਾਫ਼ ਨਹੀਂ ਹੈ।

ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੀ ਗੱਲ ਕਰਦਿਆਂ ਬੇਅੰਤ ਸਿੰਘ ਕਤਲ ਮਾਮਲੇ ਵਿੱਚ ਮਾਰੇ ਗਏ 16 ਹੋਰ ਵਿਅਕਤੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਦਰਦ ਨੂੰ ਵੀ ਨਹੀਂ ਭੁੱਲਣਾ ਚਾਹੀਦਾ। ਨਿਆਂ ਦਾ ਮਤਲਬ ਹਰ ਪੀੜਤ ਦੇ ਦਰਦ ਨੂੰ ਬਰਾਬਰ ਸੰਵੇਦਨਸ਼ੀਲਤਾ ਨਾਲ ਸਮਝਣਾ ਵੀ ਹੈ।

**ਹਵਾਰਾ ਦੀ ਪੈਰੋਲ ’ਤੇ ਸਰਕਾਰ ਦੇ ਬਦਲੇ ਰੁਖ ’ਤੇ ਸਵਾਲ**

ਜਗਤਾਰ ਸਿੰਘ ਹਵਾਰਾ ਦੀ ਪੈਰੋਲ ਬਾਰੇ ਪ੍ਰੋ. ਖਿਆਲਾ ਨੇ ਕਿਹਾ ਕਿ ਇਹ ਮਾਮਲਾ ਸਿਰਫ਼ ਕਾਨੂੰਨੀ ਜਾਂ ਤਕਨੀਕੀ ਨਹੀਂ, ਸਗੋਂ ਮਾਨਵੀ ਪੱਖ ਨਾਲ ਵੀ ਜੁੜਿਆ ਹੋਇਆ ਹੈ। ਜੇ ਕਾਨੂੰਨ ਇਜਾਜ਼ਤ ਦਿੰਦਾ ਹੈ ਅਤੇ ਸਾਰੇ ਸੁਰੱਖਿਆ ਮਾਪਦੰਡ ਪੂਰੇ ਹੁੰਦੇ ਹਨ ਤਾਂ ਇੱਕ ਬਜ਼ੁਰਗ ਮਾਂ ਨੂੰ ਆਪਣੇ ਪੁੱਤਰ ਨਾਲ ਮਿਲਣ ਦੀ ਇੱਛਾ ’ਤੇ ਹਮਦਰਦੀ ਨਾਲ ਵਿਚਾਰ ਕੀਤਾ ਜਾਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਹਵਾਰਾ ਦੀ ਪੈਰੋਲ ਦਾ ਮਾਮਲਾ ਦਿੱਲੀ ਵਿੱਚ ਭਾਜਪਾ ਸਰਕਾਰ ਬਣਨ ਤੋਂ ਬਾਅਦ ਹੀ ਤੇਜ਼ ਹੋਇਆ, ਸਗੋਂ 11 ਜੂਨ 2025 ਨੂੰ ਹਾਈ ਕੋਰਟ ਦੇ ਨਿਰਦੇਸ਼ਾਂ ਤੋਂ ਬਾਅਦ ਇਸ ’ਤੇ ਪ੍ਰਕਿਰਿਆ ਸ਼ੁਰੂ ਹੋਈ ਸੀ। ਦਿੱਲੀ ਸਰਕਾਰ ਦੇ ਡਾਇਰੈਕਟਰ ਜਨਰਲ (ਪ੍ਰਿਜ਼ਨਜ਼) ਦਫ਼ਤਰ ਨੇ 21 ਅਕਤੂਬਰ 2025 ਨੂੰ ਪੰਜਾਬ ਸਰਕਾਰ ਤੋਂ ਹਵਾਰਾ ਨੂੰ ਪੈਰੋਲ ਦੇਣ ਸਬੰਧੀ ਰਿਪੋਰਟ ਮੰਗੀ ਸੀ। ਪੰਜਾਬ ਸਰਕਾਰ ਨੇ 19 ਫ਼ਰਵਰੀ 2026 ਨੂੰ ਜਵਾਬ ਦਿੰਦਿਆਂ ਹਵਾਰਾ ਵਿਰੁੱਧ ਦਰਜ 25 ਅਪਰਾਧਿਕ ਮਾਮਲਿਆਂ ਦਾ ਹਵਾਲਾ ਦੇ ਕੇ ਪੈਰੋਲ ਨਾ ਦੇਣ ਦੀ ਸਿਫ਼ਾਰਸ਼ ਕੀਤੀ ਸੀ।

ਇਸ ਤੋਂ ਬਾਅਦ 11 ਜੁਲਾਈ 2026 ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਮੰਡੋਲੀ ਜੇਲ੍ਹ ਅਥਾਰਿਟੀ ਨੂੰ ਹਵਾਰਾ ਦੀ ਪੈਰੋਲ ਅਰਜ਼ੀ ’ਤੇ ਕਾਨੂੰਨ ਅਨੁਸਾਰ ਵਿਚਾਰ ਕਰਨ ਦੇ ਨਿਰਦੇਸ਼ ਦਿੱਤੇ। ਪ੍ਰੋ. ਖਿਆਲਾ ਨੇ ਸਪੱਸ਼ਟ ਕੀਤਾ ਕਿ ਪੈਰੋਲ ਦੇਣ ਦਾ ਅੰਤਿਮ ਫ਼ੈਸਲਾ ਅਦਾਲਤ ਨਹੀਂ, ਸਗੋਂ ਲਾਗੂ ਜੇਲ੍ਹ ਨਿਯਮਾਂ ਅਤੇ ਅਧਿਕਾਰਤ ਪ੍ਰਕਿਰਿਆ ਅਨੁਸਾਰ ਸਬੰਧਤ ਜੇਲ੍ਹ ਅਥਾਰਿਟੀ ਵੱਲੋਂ ਕੀਤਾ ਜਾਣਾ ਹੁੰਦਾ ਹੈ।

ਉਨ੍ਹਾਂ ਕਿਹਾ ਕਿ 8 ਅਗਸਤ 2026 ਨੂੰ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਰਾਜਪਾਲ ਨੂੰ ਪੱਤਰ ਲਿਖ ਕੇ ਅਤੇ ਮੁਲਾਕਾਤ ਕਰਕੇ ਹਵਾਰਾ ਨੂੰ ਪੈਰੋਲ ਦੇਣ ਦੀ ਸਿਫ਼ਾਰਸ਼ ਕਰਨਾ ਸਿਆਸੀ ਮੌਕਾਪ੍ਰਸਤੀ ਤੋਂ ਵੱਧ ਕੁਝ ਨਹੀਂ। ਸਵਾਲ ਇਹ ਹੈ ਕਿ ਕੁਝ ਮਹੀਨੇ ਪਹਿਲਾਂ ਜਿਸ ਸਰਕਾਰ ਨੇ ਕਾਨੂੰਨ-ਵਿਵਸਥਾ ਦਾ ਹਵਾਲਾ ਦੇ ਕੇ ਪੈਰੋਲ ਦਾ ਵਿਰੋਧ ਕੀਤਾ, ਉਹ ਚੋਣਾਂ ਨੇੜੇ ਆਉਂਦਿਆਂ ਆਪਣਾ ਰੁਖ ਕਿਉਂ ਬਦਲ ਰਹੀ ਹੈ ? ਜੇ ਮਾਨ ਸਰਕਾਰ ਦਾ ਮੌਜੂਦਾ ਰੁਖ ਸਹੀ ਹੈ ਤਾਂ ਪਹਿਲਾਂ ਦਾ ਵਿਰੋਧ ਗ਼ਲਤ ਕਿਉਂ ਸੀ ? ਪੰਜਾਬ ਦੀ ਜਨਤਾ ਇਸ ਦੋਹਰੇ ਮਾਪਦੰਡ ਦਾ ਜਵਾਬ ਮੰਗਦੀ ਹੈ।

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

**ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ**
(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)



**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**

ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।

ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV


ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ
ਵੱਲੋਂ
21 ਅਗਸਤ ਨੂੰ
ਪੰਜਾਬ ਬੰਦ
ਦਾ ਸੱਦਾ
ਆਵਾਜ਼ਿ ਕੌਮ AWAZE QAUM International Newspaper & WEB TV
ਸਮੂਹ ਧਾਰਮਿਕ, ਸਮਾਜਿਕ, ਵਪਾਰਕ ਅਤੇ
ਸਿੱਖ ਜਥੇਬੰਦੀਆਂ ਸਮੇਤ ਪੰਜਾਬ ਵਿੱਚ ਵੱਸਦੇ
ਹਰ ਇੱਕ ਪ੍ਰਾਣੀ ਨੂੰ ਅਪੀਲ ਹੈ ਕਿ
ਬੰਦੀ ਸਿੰਘਾਂ ਦੀ ਰਿਹਾਈ ਲਈ
ਇਸ ਪੰਜਾਬ ਬੰਦ ਦੇ ਸੱਦੇ ਵਿੱਚ
ਆਪਣਾ ਸਹਿਯੋਗ ਦੇਣ।
ਪੰਜਾਬ ਦੇ ਜੰਮੇ-ਜਾਏ ਨੌਜਵਾਨ
ਬੰਦੀ ਸਿੰਘਾਂ ਦੀ ਰਿਹਾਈ ਲਈ–
ਆਓ, ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰੀਏ।
ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਗੁਰਦੁਆਰਾ
ਬੰਗਲਾ ਸਾਹਿਬ
22 ਅਗਸਤ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ
ਸੀਸਗੰਜ ਸਾਹਿਬ
23 ਅਗਸਤ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰ.- 9814015740, 9356060960
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸਲਾਨਾ ਸਮਾਗਮ 21, 22 ਅਤੇ 23 ਅਗਸਤ 2026

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘਾਂ ਨੂੰ ਲਗਾ ਕੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾ ਰਹੇ ਹਨ। ਜਿਸ ਵਿੱਚ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਦੀ ਪਾਵਨ ਯਾਦ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 21 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ 8 :30 ਵਜੇ ਤੱਕ ਦੀਵਾਨ ਸਜਣਗੇ।
- ਐਤਵਾਰ 23 ਅਗਸਤ 2026 ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਵਜੇ ਪੈਣ ਉਪਰੰਤ 13:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੁੰਚ ਰਹੇ ਗਿਆਨੀ ਅਮਰਜੀਤ ਸਿੰਘ ਹੜ੍ਹ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ੴ ਸਤਿਗੁਰ ਪ੍ਰਸਾਦਿ ੴ
ਬੰਦੀ ਸਿੱਖਾਂ ਦੀ ਰਿਹਾਈ ਲਈ
ਕੌਮੀ ਇੰਨਸਾਫ ਮੋਰਚੇ ਵੱਲੋਂ
21 ਅਗਸਤ 2026
ਦਿਨ ਸੁਕਰਵਾਰ ਨੂੰ
ਪੰਜਾਬ ਬੰਦ
ਦੇ ਸੱਦੇ ਦੀ
ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸੰਤ ਗਿ: ਹਰਨਾਮ ਸਿੰਘ ਜੀ ਖਾਲਸਾ
ਭਿੰਡਰਾਂਵਾਲਿਆਂ ਵੱਲੋਂ
ਪੁਰਜ਼ੋਰ ਹਿਮਾਇਤ ਕੀਤੀ ਜਾਂਦੀ ਹੈ।
ਅਤੇ ਸਮੂਚੇ ਪੰਜਾਬ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ
ਪੂਰੇ ਅਮਨ ਸ਼ਾਂਤੀ ਨਾਲ ਪੰਜਾਬ ਬੰਦ ਦੀ ਕਾਲ ਨੂੰ
ਸਫਲ ਬਣਾਇਆ ਜਾਵੇ
ਅਤੇ ਸਰਕਾਰ ਬਿਜ਼ਾ ਸ਼ਰਤ ਜਲਦੀ ਤੋਂ ਜਲਦੀ
ਬੰਦੀ ਸਿੱਘਾਂ ਨੂੰ ਰਿਹਾਅ ਕਰੇ।
ਬੰਦੀ ਸਿੰਘਾਂ ਨੂੰ ਰਿਹਾਅ ਕਰੇ
ਬੰਦੀ ਸਿੰਘਾਂ ਨੂੰ ਰਿਹਾਅ ਕਰੇ
ਇਨਸਾਫ ਸਾਡਾ ਹੱਕ ਹੈ
ਬੰਦੀ ਸਿੱਖਾਂ ਨੂੰ ਰਿਹਾਅ ਕਰੋ
ਦਮਦਮੀ ਟਕਸਾਲ ਜਥੇਬੰਦੀ



ਵੱਖ ਵੱਖ ਦੇਸ਼ਾਂ ਦੇ ਖਾਲਿਸ਼ਤਾਨੀ ਆਗੂਆਂ ਵੱਲੋਂ
ਕੌਮੀ ਇਨਸਾਫ਼ ਮੋਰਚਾ ਚੰਡੀਗੜ੍ਹ ਵੱਲੋਂ
21 ਅਗਸਤ ਨੂੰ ਪੰਜਾਬ ਬੰਦ ਦਾ ਪੂਰਨ ਸਮਰਥਨ
ਭਾਈ ਗੁਰਦੀਪ ਸਿੰਘ ਖੇੜਾ
32 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਪ੍ਰੋ: ਦਵਿੰਦਰਪਾਲ ਸਿੰਘ ਭੁੱਲਰ
28 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਬਲਵੰਤ ਸਿੰਘ ਰਾਜੋਆਣਾ
27 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਜਗਤਾਰ ਸਿੰਘ ਤਰਾਨ
27 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਹਰਵਿੰਦਰ ਸਿੰਘ ਬੌਂਸਾ
27 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਗੁਰਮੀਤ ਸਿੰਘ
27 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਕਸ਼ਮੀਰ ਸਿੰਘ
27 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਪਰਮਜੀਤ ਸਿੰਘ ਭਿਓਰਾ
25 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਭਾਈ ਸ਼ਰਾਤਾਰ ਸਿੰਘ ਦਾਲਾ
17 ਸਾਲਾਂ ਤੋਂ ਜੇਲ੍ਹ 'ਚ ਨਜ਼ਰਬੰਦ
ਸਮੂਹ ਧਾਰਮਿਕ,ਸਮਾਜਿਕ,ਵਪਾਰਕ ਅਤੇ ਸਿੱਖ ਜਥੇਬੰਦੀਆਂ
ਸਮੇਤ ਪੰਜਾਬ ਵਿੱਚ ਵੱਸਦੇ ਹਰ ਇੱਕ ਪ੍ਰਾਣੀ ਨੂੰ ਅਪੀਲ ਹੈ ਕਿ
ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਬੰਦ ਦੇ ਸੱਦੇ ਵਿੱਚ
ਆਪਣਾ ਸਹਿਯੋਗ ਦੇਣ ।
ਆਵਾਜ਼ਿ ਕੌਮ
AWAZE QAUM
International Newspaper & WEB TV
ਪੰਜਾਬ ਦੇ ਜੰਮੇ- ਜਾਏ ਨੌਜਵਾਨ
ਬੰਦੀ ਸਿੰਘਾਂ ਦੀ ਰਿਹਾਈ ਲਈ
ਆਓ ਇਕਜੱਟ ਹੋ ਕੇ ਅਵਾਜ਼ ਬਲੰਦ ਕਰੀਏ
21 ਅਗਸਤ 2025
ਪੰਜਾਬ ਬੰਦ
Pargat Singh Nijjar

### ਅਕਾਲ ਯੂਨੀਵਰਸਿਟੀ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ 'ਲੈਬੋਰਟਰੀ ਸੁਰੱਖਿਆ ਅਤੇ ਵਿਗਿਆਨਿਕ ਮਾਪ' 'ਤੇ

# ਵਿਸ਼ੇਸ਼ ਵਰਕਸ਼ਾਪ ਦਾ ਆਯੋਜਨ





ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਬੀ.ਐੱਸ.ਸੀ. ਸਮੈਸਟਰ ਪਹਿਲਾ ਦੇ ਵਿਦਿਆਰਥੀਆਂ ਲਈ 'ਲੈਬੋਰਟਰੀ ਸੁਰੱਖਿਆ ਅਤੇ ਵਿਗਿਆਨਿਕ ਮਾਪ' ਵਿਸ਼ੇ 'ਤੇ ਇੱਕ ਰੋਜ਼ਾ ਵਿਸ਼ੇਸ਼ ਵਰਕਸ਼ਾਪ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਦਾ ਮੁੱਖ ਉਦੇਸ਼ ਨਵੇਂ ਆਏ ਵਿਦਿਆਰਥੀਆਂ ਨੂੰ ਪ੍ਰਯੋਗਸ਼ਾਲਾ ਦੀਆਂ ਸੁਰੱਖਿਆ ਨੀਤੀਆਂ, ਨਿਰੀਖਣ ਕਲਾ ਅਤੇ ਵਿਗਿਆਨਕ ਆਂਕੜਿਆਂ ਦੀ ਸਹੀ ਮਾਪਣ ਪ੍ਰਣਾਲੀ ਪ੍ਰਤੀ ਜਾਗਰੂਕ ਕਰਨਾ ਸੀ। ਇਸ ਵਰਕਸ਼ਾਪ ਵਿੱਚ ਬੀ.ਐੱਸ.ਸੀ. ਦੇ ਲਗਭਗ 50 ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿਭਾਗੀ ਕੋਆਰਡੀਨੇਟਰ ਡਾ. ਰਮਨਦੀਪ ਕੌਰ ਦੇ ਪ੍ਰਭਾਵਸ਼ਾਲੀ ਮੁੱਖ ਭਾਸ਼ਣ ਨਾਲ ਹੋਈ। ਉਨ੍ਹਾਂ ਆਪਣੇ ਸੰਬੋਧਨ ਵਿੱਚ ਭੌਤਿਕ ਵਿਗਿਆਨ ਦੀ ਪੜ੍ਹਾਈ ਵਿੱਚ ਪ੍ਰਯੋਗਸ਼ਾਲਾ ਦੇ ਮਹੱਤਵ ਉੱਤੇ ਚਾਨਣਾ ਪਾਇਆ ਅਤੇ ਦੱਸਿਆ ਕਿ ਕਿਸੇ ਵੀ ਵਿਗਿਆਨਕ ਖੋਜ ਜਾਂ ਪ੍ਰਯੋਗ ਦੀ ਸਫ਼ਲਤਾ ਸਹੀ ਨਿਰੀਖਣ, ਢੁਕਵੇਂ ਮਾਪ ਅਤੇ ਸ਼ੁੱਧਤਾ ਉੱਤੇ ਹੀ ਨਿਰਭਰ ਕਰਦੀ ਹੈ। ਸ਼ੁਰੂਆਤੀ ਲੈਕਚਰ ਤੋਂ ਬਾਅਦ ਵਿਦਿਆਰਥੀਆਂ ਲਈ ਇੱਕ ਵਿਹਾਰਕ ਅਭਿਆਸ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਨੂੰ ਲੈਬੋਰਟਰੀ ਵਿੱਚ ਵਰਤੀਆਂ ਜਾਣ ਵਾਲੀਆਂ ਜ਼ਰੂਰੀ ਸਾਵਧਾਨੀਆਂ, ਵਧੀਆ ਅੱਭਿਆਸਾਂ ਅਤੇ ਪ੍ਰਯੋਗਿਕ ਆਂਕੜਿਆਂ ਨੂੰ ਯੋਜਨਾਬੱਧ ਢੰਗ ਨਾਲ ਦਰਜ ਕਰਨ ਦੀਆਂ ਵਿਧੀਆਂ ਸਮਝਾਈਆਂ ਗਈਆਂ। ਵਿਦਿਆਰਥੀਆਂ ਨੇ ਪ੍ਰਯੋਗਾਂ ਦੌਰਾਨ ਹਾਸਲ ਹੋਏ ਆਂਕੜਿਆਂ ਦਾ ਵਿਸ਼ਲੇਸ਼ਣ ਕਰਨਾ ਅਤੇ ਸਹੀ ਡਾਟਾ ਸੈੱਟਾਂ ਦੀ ਚੋਣ ਕਰਨ ਦਾ ਵਿਹਾਰਕ ਤਜਰਬਾ ਹਾਸਲ ਕੀਤਾ। ਇਹ ਵਰਕਸ਼ਾਪ ਪਹਿਲੇ ਸਮੈਸਟਰ ਦੇ ਵਿਦਿਆਰਥੀਆਂ ਲਈ ਬਹੁਤ ਹੀ ਲਾਹੇਵੰਦ ਸਾਬਤ ਹੋਈ, ਜਿਸ ਨੇ ਉਨ੍ਹਾਂ ਅੰਦਰ ਵਿਗਿਆਨਕ ਦ੍ਰਿਸ਼ਟੀਕੋਣ ਅਤੇ ਖੋਜ-ਰੁਚੀ ਨੂੰ ਪ੍ਰੇਰਿਤ ਕੀਤਾ। ਵਿਦਿਆਰਥੀਆਂ ਨੇ ਇਸ ਵਿਵਹਾਰਕ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਉਨ੍ਹਾਂ ਦਾ ਆਤਮ-ਵਿਸ਼ਵਾਸ ਵਧਿਆ ਹੈ ਅਤੇ ਇਹ ਗਿਆਨ ਭਵਿੱਖ ਦੀਆਂ ਪ੍ਰਯੋਗਸ਼ਾਲਾ ਸੰਬੰਧੀ ਗਤੀਵਿਧੀਆਂ ਵਿੱਚ ਉਨ੍ਹਾਂ ਲਈ ਬਹੁਮੁੱਲਾ ਸਾਬਤ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

### ਜਰਮਨੀ ਦੀਆਂ ਪੰਥਕ ਜਥੇਬੰਦੀਆਂ ਵੱਲੋਂ

# 21 ਅਗਸਤ ਦੇ ਪੰਜਾਬ ਬੰਦ ਦੀ ਪੂਰਨ ਹਮਾਇਤ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਜਰਮਨੀ ਦੀਆਂ ਵੱਖ-ਵੱਖ ਪੰਥਕ ਜਥੇਬੰਦੀਆਂ ਦੇ ਆਗੂਆਂ ਨੇ ਬੰਦੀ ਸਿੰਘਾਂ ਦੀ ਰਿਹਾਈ ਮੋਰਚੇ ਵੱਲੋਂ 21 ਅਗਸਤ ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਦੀ ਪੂਰਨ ਹਮਾਇਤ ਕਰਦਿਆਂ ਪੰਜਾਬ ਵਾਸੀਆਂ ਨੂੰ ਇਕਜੁੱਟ ਹੋ ਕੇ ਬੰਦ ਸਫਲ ਬਣਾਉਣ ਦੀ ਅਪੀਲ ਕੀਤੀ ਹੈ। ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਰਾਜਿੰਦਰ ਸਿੰਘ ਬੱਬਰ, ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਗੁਰਮੀਤ ਸਿੰਘ ਖਨਿਆਣ, ਭਾਈ ਗੁਰਦਿਆਲ ਸਿੰਘ ਲਾਲੀ, ਦਲ ਖਾਲਸਾ ਇੰਟਰਨੈਸ਼ਨਲ ਦੇ ਪ੍ਰਧਾਨ ਭਾਈ ਹਰਮੀਤ ਸਿੰਘ, ਭਾਈ ਅੰਗਰੇਜ਼ ਸਿੰਘ, ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ ਦੇ ਪ੍ਰਧਾਨ ਭਾਈ ਲਖਵਿੰਦਰ ਸਿੰਘ ਮੱਲ੍ਹੀ, ਭਾਈ ਸੁਖਵਿੰਦਰ ਸਿੰਘ ਕਲੋਨ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਹੀਰਾ ਸਿੰਘ ਮੱਤੇਵਾਲ ਅਤੇ ਭਾਈ ਰਾਜਵਿੰਦਰ ਸਿੰਘ ਰਾਜੂ ਆਦਿ ਨੇ ਕਿਹਾ ਕਿ 21 ਅਗਸਤ ਦਾ ਬੰਦ ਬੰਦੀ ਸਿੰਘਾਂ ਨਾਲ ਹੋ ਰਹੇ ਕਥਿਤ ਵਿਤਕਰੇ ਅਤੇ ਪੰਜਾਬ ਨਾਲ ਕੀਤੇ ਜਾ ਰਹੇ ਅਨਿਆਂ ਵਿਰੁੱਧ ਪੰਜਾਬ ਦੀ ਸਾਂਝੀ ਆਵਾਜ਼ ਬਣਨਾ ਚਾਹੀਦਾ ਹੈ। ਪੰਥਕ ਆਗੂਆਂ ਨੇ ਕਿਹਾ ਕਿ ਬੰਦੀ ਸਿੰਘਾਂ ਦਾ ਮਾਮਲਾ ਭਾਰਤੀ ਨਿਆਂ ਪ੍ਰਬੰਧ ਦੀ ਦੋਹਰੀ ਨੀਤੀ 'ਤੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦਲੀਲ ਦਿੱਤੀ ਕਿ ਜਿਹੜੇ ਸਿੰਘ ਆਪਣੀਆਂ ਨਿਰਧਾਰਤ ਸਜ਼ਾਵਾਂ ਤੋਂ ਵੀ ਲੰਮਾ ਸਮਾਂ ਜੇਲ੍ਹਾਂ ਵਿੱਚ ਬਿਤਾ ਚੁੱਕੇ ਹਨ, ਉਨ੍ਹਾਂ ਦੀ ਰਿਹਾਈ ਦਾ ਮਾਮਲਾ ਅਜੇ ਵੀ ਲਟਕਾਇਆ ਜਾ ਰਿਹਾ ਹੈ, ਜਦਕਿ ਦੂਜੇ ਪਾਸੇ ਕਿਸ਼ੋਰੀ ਲਾਲ ਵਰਗੇ ਮਾਮਲਿਆਂ ਵਿੱਚ, ਜਿੱਥੇ ਮੌਤ ਦੀ ਸਜ਼ਾ ਸੁਣਾਈ ਗਈ ਸੀ, ਬਾਅਦ ਵਿੱਚ ਕਾਨੂੰਨੀ ਪ੍ਰਕਿਰਿਆ ਤਹਿਤ ਸਜ਼ਾ ਵਿੱਚ ਤਬਦੀਲੀ ਅਤੇ ਰਿਹਾਈ ਹੋਈ, ਜਿਸ ਨੂੰ ਲੈ ਕੇ ਸਿੱਖ ਪੰਥ ਵਿੱਚ ਲੰਮੇ ਸਮੇਂ ਤੋਂ ਸਵਾਲ ਉਠਦੇ ਰਹੇ ਹਨ। ਆਗੂਆਂ ਨੇ ਕਿਹਾ ਕਿ ਜੇਕਰ ਕਾਨੂੰਨ ਵਿੱਚ ਰਹਿਮ, ਸਜ਼ਾ ਵਿੱਚ ਤਬਦੀਲੀ ਅਤੇ ਰਿਹਾਈ ਦੇ ਰਸਤੇ ਮੌਜੂਦ ਹਨ ਤਾਂ ਇਹ ਮਾਪਦੰਡ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਵੀ ਨਿਰਪੱਖ ਢੰਗ ਨਾਲ ਲਾਗੂ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਕਾਨੂੰਨ ਸਭ ਲਈ ਇਕਸਾਰ ਹੋਣਾ ਹੀ ਲੋਕਤੰਤਰ ਅਤੇ ਨਿਆਂ ਦੀ ਅਸਲ ਕਸੌਟੀ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਨਾਲ ਧੱਕੇ ਦੀ ਦਾਸਤਾਨ ਨੂੰ ਹੁਣ ਹੋਰ ਚੁੱਪ ਰਹਿ ਕੇ ਸਵੀਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਪੰਜਾਬ ਵਾਸੀਆਂ ਨੂੰ ਧਰਮ, ਪਾਰਟੀ ਅਤੇ ਨਿੱਜੀ ਵਖਰੇਵਿਆਂ ਤੋਂ ਉੱਪਰ ਉੱਠ ਕੇ 21 ਅਗਸਤ ਨੂੰ ਪੰਜਾਬ ਬੰਦ ਸਫਲ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਬੰਦ ਬੰਦੀ ਸਿੰਘਾਂ ਦੀ ਰਿਹਾਈ, ਇਨਸਾਫ਼ ਅਤੇ ਪੰਜਾਬ ਦੇ ਹੱਕਾਂ ਲਈ ਆਪਣੀ ਆਵਾਜ਼ ਬੁਲੰਦ ਕਰਨ ਦਾ ਮੌਕਾ ਹੈ। ਉਨ੍ਹਾਂ ਕਿਹਾ ਕਿ 21 ਅਗਸਤ ਨੂੰ ਪੰਜਾਬ ਪੂਰਨ ਤੌਰ 'ਤੇ ਬੰਦ ਕਰਕੇ ਸਰਕਾਰ ਨੂੰ ਸਪੱਸ਼ਟ ਸੁਨੇਹਾ ਦਿੱਤਾ ਜਾਵੇ ਕਿ ਜਿਹੜੇ ਸਿੰਘ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਹਨ, ਉਨ੍ਹਾਂ ਨੂੰ ਜੇਲ੍ਹਾਂ ਵਿੱਚ ਬੰਦ ਰੱਖਣ ਦਾ ਮਸਲਾ ਹੁਣ ਪੰਜਾਬ ਚੁੱਪਚਾਪ ਸਹਿਣ ਵਾਲਾ ਨਹੀਂ।

**ਜੇਕਰ ਭਾਰਤੀ ਕਾਨੂੰਨ ਵਿੱਚ ਰਹਿਮ, ਸਜ਼ਾ ਵਿੱਚ ਤਬਦੀਲੀ ਅਤੇ ਰਿਹਾਈ ਦੇ ਰਸਤੇ ਮੌਜੂਦ ਹਨ ਤਾਂ ਇਹ ਮਾਪਦੰਡ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਕਿਉਂ ਨਹੀ ਲਾਗੂ ਕੀਤਾ ਜਾਂਦਾ**

ਆਵਾਜ਼ਿ ਕੌਮ AWAZE QAUM International Newspaper & WEB TV

## ਅਮਰੀਕੀ ਅਦਾਲਤ ਵੱਲੋਂ ਗੁਰਦੁਆਰਿਆਂ 'ਚ ਇਮੀਗ੍ਰੇਸ਼ਨ ਗ੍ਰਿਫ਼ਤਾਰੀਆਂ 'ਤੇ ਰੋਕ ਬਰਕਰਾਰ

### ਫ਼ੈਸਲੇ ਨੂੰ ਧਾਰਮਿਕ ਆਜ਼ਾਦੀ ਦੀ ਰੱਖਿਆ ਲਈ ਅਹਿਮ ਜਿੱਤ ਕਰਾਰ




**ਵਾਸ਼ਿੰਗਟਨ, 20 ਅਗਸਤ (ਸਰਬਜੀਤ ਸਿੰਘ ਬਨੂੜ)**-ਅਮਰੀਕਾ ਦੀ ਸੰਘੀ ਅਪੀਲ ਅਦਾਲਤ ਨੇ ਸਿੱਖ, ਕਵੇਕਰ ਅਤੇ ਬੈਪਟਿਸਟ ਭਾਈਚਾਰਿਆਂ ਨਾਲ ਸਬੰਧਤ ਧਾਰਮਿਕ ਅਸਥਾਨਾਂ ਅੰਦਰ ਜਾਂ ਨੇੜੇ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਕੀਤੀਆਂ ਜਾਣ ਵਾਲੀਆਂ ਗ੍ਰਿਫ਼ਤਾਰੀਆਂ 'ਤੇ ਲੱਗੀ ਰੋਕ ਬਰਕਰਾਰ ਰੱਖੀ ਹੈ। ਤਿੰਨ ਜੱਜਾਂ ਦੇ ਬੈਂਚ ਨੇ ਕਿਹਾ ਕਿ ਧਾਰਮਿਕ ਅਸਥਾਨਾਂ 'ਤੇ ਕਾਰਵਾਈ ਦੇ ਡਰ ਕਾਰਨ ਪ੍ਰਵਾਸੀ ਸ਼ਰਧਾਲੂਆਂ ਦੀ ਹਾਜ਼ਰੀ ਘਟੀ ਹੈ, ਜਿਸ ਨਾਲ ਉਨ੍ਹਾਂ ਦੀ ਧਾਰਮਿਕ ਆਜ਼ਾਦੀ ਪ੍ਰਭਾਵਿਤ ਹੁੰਦੀ ਹੈ। ਇਹ ਮਾਮਲਾ ਕੈਲੀਫੋਰਨੀਆ ਦੇ ਗੁਰਦੁਆਰਾ ਸਾਹਿਬ ਵੈਸਟ ਸੈਕਰਾਮੈਂਟੋ, ਬੈਪਟਿਸਟ ਫੈਲੋਸ਼ਿਪ ਅਤੇ ਛੇ ਕਵੇਕਰ ਸੰਸਥਾਵਾਂ ਵੱਲੋਂ ਦਾਇਰ ਪਟੀਸ਼ਨ ਨਾਲ ਸਬੰਧਤ ਹੈ। ਅਦਾਲਤ ਨੇ ਮਾਮਲੇ ਦਾ ਅੰਤਿਮ ਫ਼ੈਸਲਾ ਹੋਣ ਤੱਕ ਇਨ੍ਹਾਂ ਧਾਰਮਿਕ ਅਸਥਾਨਾਂ 'ਤੇ ਪੁਰਾਣੀਆਂ ਸੁਰੱਖਿਆ ਹਦਾਇਤਾਂ ਲਾਗੂ ਰੱਖਣ ਦੇ ਆਦੇਸ਼ ਦਿੱਤੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਦਮਦਮਾ ਸਾਹਿਬ ਵਿਖੇ ਅਧਿਆਪਕਾਂ ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਖ਼ਿਲਾਫ਼ ਧਰਨਾ



ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਅਧਿਆਪਕਾਂ ਵੱਲੋਂ ਅੱਜ ਯੂਨੀਵਰਸਿਟੀ ਪ੍ਰਸ਼ਾਸਨ ਵਿਰੁੱਧ ਰੋਸ ਧਰਨਾ ਦਿੱਤਾ ਗਿਆ। ਇਹ ਧਰਨਾ ਸਵੇਰੇ 11:30 ਵਜੇ ਤੋਂ ਬਾਅਦ ਦੁਪਹਿਰ 1:00 ਵਜੇ ਤੱਕ ਦਿੱਤਾ ਗਿਆ। ਧਰਨੇ ਦਾ ਸੱਦਾ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਟੀਚਰਜ਼ ਐਸੋਸੀਏਸ਼ਨ (ਪੂਟਾ) ਵੱਲੋਂ ਦਿੱਤਾ ਗਿਆ ਸੀ। ਅਧਿਆਪਕਾਂ ਨੇ ਦੋਸ਼ ਲਾਇਆ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਅਧਿਆਪਕਾਂ ਦੀਆਂ ਤਰੱਕੀਆਂ ਵਿੱਚ ਬੇਵਜ੍ਹਾ ਰੁਕਾਵਟਾਂ ਪੈਦਾ ਕੀਤੀਆਂ ਜਾ ਰਹੀਆਂ ਹਨ, ਜਿਸ ਕਾਰਨ ਅਧਿਆਪਕ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਧਰਨੇ ਦੌਰਾਨ ਅਧਿਆਪਕਾਂ ਨੇ ਯੂਨੀਵਰਸਿਟੀ ਪ੍ਰਸ਼ਾਸਨ ਦੀਆਂ ਨੀਤੀਆਂ ਖ਼ਿਲਾਫ਼ ਆਪਣੀ ਆਵਾਜ਼ ਬੁਲੰਦ ਕਰਦਿਆਂ ਮੰਗ ਕੀਤੀ ਕਿ ਤਰੱਕੀਆਂ ਸਬੰਧੀ ਮਾਮਲਿਆਂ ਦਾ ਨਿਯਮਾਂ ਅਨੁਸਾਰ ਨਿਪਟਾਰਾ ਕੀਤਾ ਜਾਵੇ। ਇਸ ਮੌਕੇ ਅਧਿਆਪਕਾਂ ਨੇ ਕਿਹਾ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਪ੍ਰਸ਼ਾਸਨ ਯੂ.ਜੀ.ਸੀ ਵੱਲੋਂ ਨਿਰਧਾਰਤ ਨਿਯਮਾਂ ਨੂੰ ਨਜ਼ਰਅੰਦਾਜ਼ ਕਰਕੇ ਆਪਣੇ ਪੱਧਰ 'ਤੇ ਨਿਯਮ ਬਣਾਉਣ ਅਤੇ ਉਨ੍ਹਾਂ ਨੂੰ ਅਧਿਆਪਕਾਂ 'ਤੇ ਲਾਗੂ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਅਧਿਆਪਕਾਂ ਦੇ ਦੋਸ਼ ਅਨੁਸਾਰ ਇਸ ਕਾਰਨ ਉਨ੍ਹਾਂ ਦੀ ਸੀਨੀਆਰਤਾ ਵਿੱਚ ਵੀ ਦੋ ਸਾਲ ਤੋਂ ਲੈ ਕੇ ਪੰਜ ਸਾਲ ਤੱਕ ਦੀ ਕਮੀ ਕੀਤੀ ਜਾ ਰਹੀ ਹੈ, ਜਦਕਿ ਇਸ ਵਿੱਚ ਅਧਿਆਪਕਾਂ ਦਾ ਕੋਈ ਕਸੂਰ ਨਹੀਂ ਹੈ। ਤਲਵੰਡੀ ਸਾਬੋ ਕੈਂਪਸ ਵਿੱਚ ਦਿੱਤਾ ਗਿਆ ਇਹ ਧਰਨਾ ਪੂਟਾ ਮੈਂਬਰ ਡਾ. ਜਗਤਾਰ ਸਿੰਘ ਅਤੇ ਡਾ. ਜਗਦੀਪ ਸਿੰਘ ਦੀ ਅਗਵਾਈ ਹੇਠ ਹੋਇਆ। ਧਰਨੇ ਵਿੱਚ ਸੀਨੀਅਰ ਪ੍ਰੋਫੈਸਰ ਡਾ. ਹਜ਼ੂਰ ਸਿੰਘ, ਡਾ. ਜਗਤਾਰ ਸਿੰਘ, ਡਾ. ਅੰਜੂ ਸੈਣੀ, ਡਾ. ਲਖਵੀਰ ਸਿੰਘ, ਡਾ. ਕੈਂਡੀ ਗੋਇਲ, ਡਾ. ਰਜਿੰਦਰ ਕੁਮਾਰ, ਡਾ. ਦੀਪਕ ਭੰਡਾਰੀ, ਡਾ. ਮਨੋਜ ਕੁਮਾਰ, ਡਾ. ਸੰਜੀਵ ਮਹਿਤਾ, ਡਾ. ਦਿਵਿਆ ਤਨੇਜਾ, ਡਾ. ਸ਼ਿਪਰਾ, ਦਾਦ ਸਵਿਤਾ ਰਾਣੀ, ਡਾ. ਸੰਦੀਪ ਰਾਣਾ, ਡਾ. ਗੁਰਪ੍ਰੀਤ ਭਾਰਤੀ, ਡਾ ਮਨਪ੍ਰੀਤ ਕੌਰ, ਡਾ. ਸੁਨੀਤਾ ਰਾਣੀ, ਡਾ. ਸੁਮੀਤ ਕੌਰ, ਡਾ. ਬਲਜਿੰਦਰ ਕੌਰ, ਡਾ. ਭਾਵਨਾ ਸ਼ਰਮਾ ਅਤੇ ਡਾ. ਸ਼ਰੂਤੀ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਸਾਹਿਬਾਨ ਸ਼ਾਮਲ ਹੋਏ। ਧਰਨੇ ਦੌਰਾਨ ਅਧਿਆਪਕਾਂ ਨੇ ਯੂਨੀਵਰਸਿਟੀ ਪ੍ਰਸ਼ਾਸਨ ਵੱਲੋਂ ਕਥਿਤ ਤੌਰ 'ਤੇ ਕੀਤੇ ਜਾ ਰਹੇ ਧੱਕੇ ਦਾ ਵਿਰੋਧ ਕਰਦਿਆਂ ਕਿਹਾ ਕਿ ਅਧਿਆਪਕਾਂ ਦੇ ਹੱਕਾਂ ਅਤੇ ਸੇਵਾ ਨਿਯਮਾਂ ਨਾਲ ਕਿਸੇ ਵੀ ਕਿਸਮ ਦਾ ਸਮਝੌਤਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਯੂ.ਜੀ.ਸੀ ਦੇ ਨਿਯਮਾਂ ਨੂੰ ਧਿਆਨ ਵਿੱਚ ਰੱਖਦਿਆਂ ਅਧਿਆਪਕਾਂ ਦੀਆਂ ਤਰੱਕੀਆਂ ਅਤੇ ਸੀਨੀਆਰਤਾ ਨਾਲ ਸਬੰਧਤ ਮਾਮਲਿਆਂ ਨੂੰ ਪਾਰਦਰਸ਼ੀ ਢੰਗ ਨਾਲ ਹੱਲ ਕੀਤਾ ਜਾਵੇ। ਅਧਿਆਪਕਾਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਨ੍ਹਾਂ ਦੀਆਂ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕਾਂ ਦੇ ਹੱਕਾਂ ਦੀ ਰਾਖੀ ਲਈ ਪੂਟਾ ਵੱਲੋਂ ਲਏ ਜਾਣ ਵਾਲੇ ਅਗਲੇ ਫ਼ੈਸਲਿਆਂ ਅਨੁਸਾਰ ਸੰਘਰਸ਼ ਜਾਰੀ ਰੱਖਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬੰਦੀ ਸਿੰਘਾਂ ਦੀ ਰਿਹਾਈ ਲਈ 21 ਅਗਸਤ ਨੂੰ ਪੰਜਾਬ ਬੰਦ ਦਾ ਸੱਦਾ

## ਕੌਮੀ ਇਨਸਾਫ਼ ਮੋਰਚੇ ਦੇ ਪੰਜਾਬ ਬੰਦ ਦੇ ਸੱਦੇ ਨੂੰ ਦਮਦਮੀ ਟਕਸਾਲ ਵੱਲੋਂ ਪੂਰਨ ਹਮਾਇਤ



### ਸੰਤ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਅਤੇ ਸੰਤ ਸਮਾਜ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਪੰਜਾਬ ਬੰਦ ਦਾ ਸਮਰਥਨ

ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਕੌਮੀ ਇਨਸਾਫ਼ ਮੋਰਚੇ ਵੱਲੋਂ 21 ਅਗਸਤ 2026 ਦਿਨ ਸ਼ੁੱਕਰਵਾਰ ਨੂੰ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ, ਜਿਸ ਦਾ ਸਮਰਥਨ ਕਰਦਿਆਂ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲਿਆਂ ਵੱਲੋਂ ਇਸ ਬੰਦ ਦੇ ਸੱਦੇ ਦੀ ਪੁਰਜ਼ੋਰ ਹਮਾਇਤ ਕੀਤੀ ਗਈ ਹੈ। ਉਨ੍ਹਾਂ ਸਮੂਹ ਪੰਜਾਬ ਵਾਸੀਆਂ ਨੂੰ ਬੇਨਤੀ ਕੀਤੀ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਦੀ ਆਵਾਜ਼ ਬੁਲੰਦ ਕਰਨ ਲਈ ਪੂਰੇ ਅਮਨ ਸ਼ਾਂਤੀ ਨਾਲ ਇਸ ਪੰਜਾਬ ਬੰਦ ਦੀ ਕਾਲ ਨੂੰ ਸਫ਼ਲ ਬਣਾਉਣ। ਸਰਕਾਰ ਤੋਂ ਬਿਨਾਂ ਸ਼ਰਤ ਜਲਦੀ ਤੋਂ ਜਲਦੀ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ ਗਈ ਹੈ। ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਵੀ ਹਾਜਿਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸਕੂਲਾਂ ਦੇ ਜ਼ਿਲ੍ਹਾ ਪੱਧਰੀ ਰੋਲ ਪਲੇਅ ਮੁਕਾਬਲੇ ਖਾਲਸਾ ਕਾਲਜ ਦੇ ਵਿਹੜੇ 'ਚ ਆਯੋਜਿਤ**

# ਵਿਦਿਆਰਥੀਆਂ ਦੀ ਐਕਟਿੰਗ ਨੇ ਦਰਸ਼ਕਾਂ ਨੂੰ ਸੋਚਣ ਲਈ ਕੀਤਾ ਮਜ਼ਬੂਰ




**ਅੰਮ੍ਰਿਤਸਰ, ਮਹਿਤਾ ਚੌਂਕ, 20 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੁਆਰਾ ਨਿਰਧਾਰਿਤ ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਜ਼ਿਲ੍ਹਾ ਪੱਧਰੀ ਰੋਲ ਪਲੇਅ ਮੁਕਾਬਲੇ ਅੰਮ੍ਰਿਤਸਰ ਦੀ ਖਾਲਸਾ ਕਾਲਜ ਬ੍ਰਾਂਚ ਰਣਜੀਤ ਐਵੇਨਿਊ ਦੇ ਵਿਹੜੇ ਵਿੱਚ ਸ.ਹਰਜਿੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ).ਅੰਮ੍ਰਿਤਸਰ, ਸ਼੍ਰੀ ਰਾਜੇਸ਼ ਖੰਨਾ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਦੇ ਦਿਸ਼ਾ ਨਿਰਦੇਸ਼ ਅਨੁਸਾਰ ਸ੍ਰ.ਨਰਿੰਦਰ ਸਿੰਘ ਸਟੇਟ ਰਿਸੋਰਸ ਪਰਸਨ ਕਮ ਜ਼ਿਲਾ ਕੋਆਰਡੀਨੇਟਰ ਏ.ਈ.ਪੀ. ਦੀ ਯੋਗ ਅਗਵਾਈ ਹੇਠ ਅੱਜ ਤੋਂ ਪੂਰੇ ਜਾਹੋ ਜਲਾਲ ਨਾਲ ਸ਼ੁਰੂ ਕੀਤੇ ਗਏ। ਇਸ ਵਿੱਚ ਜ਼ਿਲ੍ਹੇ ਦੇ ਹਰ ਬਲਾਕ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਵਾਲੀਆਂ 13 ਟੀਮਾਂ ਨੇ ਭਾਗ ਲਿਆ।ਪੰਜਾਬੀ ਸੱਭਿਆਚਾਰ, ਨਾਟਕਾਂ, ਫਿਲਮਾਂ ਅਤੇ ਥੀਏਟਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਸ਼੍ਰੀ ਦਲਜੀਤ ਸਿੰਘ ਸੋਨਾ, ਸਟੇਟ ਆਵਾਰਡੀ ਮੈਡਮ ਰਵਿੰਦਰ ਕੌਰ, ਅਸਿਸਟੈਂਟ ਪ੍ਰੋਫੈਸਰ ਡਾ. ਗਗਨਦੀਪ ਸਿੰਘ ਖਾਲਸਾ ਕਾਲਜ ਵੱਲੋਂ ਬਤੌਰ ਜੱਜਾਂ ਦੀ ਭੂਮਿਕਾ ਨਿਭਾਈ ਗਈ। ਇਸ ਮੌਕੇ ਮੰਚ ਸੰਚਾਲਕ ਮੈਡਮ ਗਗਨਦੀਪ ਕੌਰ ਨੇ ਆਪਣੇ ਸ਼ੇਅਰੋ ਸ਼ਾਇਰੀ ਦੇ ਵਿਲੱਖਣ ਅੰਦਾਜ਼ ਨਾਲ ਪ੍ਰੋਗਰਾਮ ਦਾ ਰੰਗ ਬੰਨ੍ਹੀ ਰੱਖਿਆ। ਮੀਡੀਆ ਕੋਆਰਡੀਨੇਟਰ ਇੰਚਾਰਜ ਪ੍ਰਿੰਸੀਪਲ ਸ਼੍ਰੀ ਨਰਿੰਦਰ ਰਾਏ ਰਹੇ, ਜਿਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਆਪਣੇ ਸੰਬੋਧਨ ਵਿੱਚ ਕਿਸ਼ੋਰ ਅਵਸਥਾ ਵਿੱਚ ਆਉਂਦੀਆ ਸਮੱਸਿਆਵਾਂ ਅਤੇ ਉਹਨਾਂ ਦੇ ਹੱਲ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਸਮਾਰੋਹ ਦੇ ਪ੍ਰਬੰਧਕ ਮੈਡਮ ਮਨਦੀਪ ਕੌਰ, ਮੈਡਮ ਮਨਜੋਤ ਕੌਰ ਦਾ ਪ੍ਰਬੰਧ ਪ੍ਰਸ਼ੰਸਾ ਯੋਗ ਸੀ। ਅੱਜ ਦੇ ਰੋਲ ਪਲੇਅ ਵਿੱਚ ਜ਼ਿਲ੍ਹਾ ਪੱਧਰ 'ਤੇ ਪਹਿਲਾ ਸਥਾਨ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਵਾਂ ਕੋਟ, ਦੂਸਰਾ ਸਥਾਨ ਸਰਕਾਰੀ ਹਾਈ ਸਕੂਲ ਮੀਰਾਂ ਕੋਟ ਅਤੇ ਤੀਸਰਾ ਸਥਾਨ ਸਰਕਾਰੀ ਹਾਈ ਸਕੂਲ ਕਾਲਾ ਨੇ ਪ੍ਰਾਪਤ ਕੀਤਾ। ਇਸ ਮੌਕੇ ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ ਮਨਦੀਪ ਕੌਰ, ਰਾਏ ਮੂਵੀਜ਼ ਦੇ ਕੋ-ਪ੍ਰੋਡਿਊਸਰ ਸਰਬਸੁੱਖਪਾਲ ਰਾਏ, ਸਟੀਫਨ ਗਿੱਲ ਅਤੇ ਵੱਖ ਵੱਖ ਸਕੂਲਾਂ ਦੇ ਗਾਈਡ ਅਧਿਆਪਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਜਣ ਕੁਮਾਰ ਦੀ ਜੇਲ੍ਹ ਅੰਦਰ ਹੋਈ ਮੌਤ: ਸਿੱਖ ਪੰਥ ਦਾ ਸਭ ਤੋਂ ਵੱਡਾ ਅਫ਼ਸੋਸ—1984 ਦੇ ਦੋਸ਼ੀਆਂ ਨੂੰ ਪੰਥਕ ਸਜ਼ਾ ਨਾ ਦੇ ਸਕਣਾ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- 1984 ਦੇ ਸਿੱਖ ਕਤਲੇਆਮ ਨਾਲ ਜੁੜੇ ਮਾਮਲਿਆਂ ਵਿੱਚ ਉਮਰਕੈਦ ਦੀ ਸਜ਼ਾ ਕੱਟ ਰਹੇ ਕਾਂਗਰਸ ਦੇ ਸਾਬਕਾ ਸੰਸਦ ਮੈਂਬਰ ਸੱਜਣ ਕੁਮਾਰ ਦੀ ਅੱਜ 80 ਸਾਲ ਦੀ ਉਮਰ ਵਿੱਚ ਮੌਤ ਹੋ ਗਈ। ਤਿਹਾੜ ਜੇਲ੍ਹ ਵਿੱਚ ਬੰਦ ਸੱਜਣ ਕੁਮਾਰ ਦੀ ਤਬੀਅਤ ਵਿਗੜਨ ਤੋਂ ਬਾਅਦ ਉਸ ਨੂੰ ਦਿੱਲੀ ਦੇ ਸਫ਼ਦਰਜੰਗ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਉਸ ਦੀ ਮੌਤ ਦਾ ਕਾਰਨ ਹਾਲੇ ਅਧਿਕਾਰਤ ਤੌਰ 'ਤੇ ਸਪੱਸ਼ਟ ਨਹੀਂ ਕੀਤਾ ਗਿਆ। ਸਿੱਖ ਪੰਥ ਲਈ ਇਹ ਸਿਰਫ਼ ਇੱਕ ਸਾਬਕਾ ਸਿਆਸਤਦਾਨ ਦੀ ਮੌਤ ਦੀ ਖ਼ਬਰ ਨਹੀਂ, ਬਲਕਿ 1984 ਦੇ ਉਸ ਖੂਨੀ ਦੌਰ ਦੀ ਯਾਦ ਹੈ ਜਿਸ ਨੇ ਹਜ਼ਾਰਾਂ ਸਿੱਖ ਪਰਿਵਾਰਾਂ ਦੀ ਜ਼ਿੰਦਗੀ ਉਜਾੜ ਦਿੱਤੀ। ਸੱਜਣ ਕੁਮਾਰ ਨੂੰ 2018 ਵਿੱਚ ਦਿੱਲੀ ਹਾਈਕੋਰਟ ਨੇ ਪੰਜ ਸਿੱਖਾਂ ਦੀ ਹੱਤਿਆ ਅਤੇ ਗੁਰਦੁਆਰਾ ਸਾੜੇ ਜਾਣ ਨਾਲ ਸਬੰਧਤ ਮਾਮਲੇ ਵਿੱਚ ਉਮਰਕੈਦ ਦੀ ਸਜ਼ਾ ਸੁਣਾਈ ਸੀ। ਬਾਅਦ ਵਿੱਚ 2025 ਵਿੱਚ ਸਰਸਵਤੀ ਵਿਹਾਰ ਮਾਮਲੇ ਵਿੱਚ ਜਸਵੰਤ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਤਰੁਣਦੀਪ ਸਿੰਘ ਦੀ ਹੱਤਿਆ ਨਾਲ ਸਬੰਧਤ ਮਾਮਲੇ ਵਿੱਚ ਵੀ ਉਸ ਨੂੰ ਉਮਰਕੈਦ ਦੀ ਸਜ਼ਾ ਮਿਲੀ। ਦੂਜੇ ਪਾਸੇ, ਜਨਵਰੀ 2026 ਵਿੱਚ ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਜਨਕਪੁਰੀ-ਵਿਕਾਸਪੁਰੀ ਨਾਲ ਸਬੰਧਤ 1984 ਦੇ ਇੱਕ ਮਾਮਲੇ ਵਿੱਚ ਸਬੂਤਾਂ ਦੀ ਕਮੀ ਦੇ ਆਧਾਰ 'ਤੇ ਸੱਜਣ ਕੁਮਾਰ ਨੂੰ ਬਰੀ ਕਰ ਦਿੱਤਾ ਸੀ। ਅਦਾਲਤ ਨੇ ਕਿਹਾ ਕਿ ਸ਼ੱਕ, ਭਾਵੇਂ ਕਿੰਨਾ ਵੀ ਮਜ਼ਬੂਤ ਹੋਵੇ, ਸਬੂਤ ਦੀ ਥਾਂ ਨਹੀਂ ਲੈ ਸਕਦਾ। ਇਸ ਬਰੀ ਹੋਣ ਦੇ ਬਾਵਜੂਦ ਉਹ ਹੋਰ ਮਾਮਲਿਆਂ ਵਿੱਚ ਮਿਲੀ ਉਮਰਕੈਦ ਦੀਆਂ ਸਜ਼ਾਵਾਂ ਕਾਰਨ ਜੇਲ੍ਹ ਵਿੱਚ ਹੀ ਰਿਹਾ। ਸਿੱਖ ਪੰਥ ਨੂੰ ਸਭ ਤੋਂ ਵੱਡਾ ਅਫ਼ਸੋਸ ਇਹ ਰਹੇਗਾ ਕਿ 1984 ਦੇ ਕਤਲੇਆਮ ਦੇ ਦੋਸ਼ੀਆਂ ਨੂੰ ਪੰਥ ਆਪਣੀ ਅਦਾਲਤ ਵਿੱਚ ਗੁਨਾਹਾਂ ਦੀ ਸਜ਼ਾ ਨਹੀਂ ਦੇ ਸਕਿਆ। ਜਿਨ੍ਹਾਂ ਘਰਾਂ ਵਿੱਚ ਉਸ ਵੇਲੇ ਚਿਤਾਵਾਂ ਬਲੀਆਂ, ਜਿਨ੍ਹਾਂ ਮਾਵਾਂ ਦੇ ਪੁੱਤਰ ਮਾਰੇ ਗਏ, ਜਿਨ੍ਹਾਂ ਔਰਤਾਂ ਦੇ ਸੁਹਾਗ ਉਜੜੇ ਅਤੇ ਜਿਨ੍ਹਾਂ ਬੱਚਿਆਂ ਨੇ ਆਪਣੇ ਪਿਤਾ ਗੁਆਏ—ਉਨ੍ਹਾਂ ਦੇ ਜ਼ਖ਼ਮ ਸਿਰਫ਼ ਅਦਾਲਤੀ ਫ਼ੈਸਲਿਆਂ ਨਾਲ ਵੀ ਪੂਰੇ ਨਹੀਂ ਭਰ ਸਕਦੇ। ਪਰ ਸੱਜਣ ਕੁਮਾਰ ਵਰਗੇ ਪ੍ਰਭਾਵਸ਼ਾਲੀ ਸਿਆਸੀ ਆਗੂ ਦਾ ਆਖ਼ਰੀ ਸਮਾਂ ਤਿਹਾੜ ਦੀਆਂ ਸਲਾਖਾਂ ਪਿੱਛੇ ਬੀਤਣਾ ਪੀੜਤ ਪਰਿਵਾਰਾਂ ਲਈ ਘੱਟੋ-ਘੱਟ ਇਹ ਤਸੱਲੀ ਜ਼ਰੂਰ ਸੀ ਕਿ ਸੱਤਾ, ਪੈਸਾ ਅਤੇ ਸਿਆਸੀ ਰਸੂਖ਼ ਹਮੇਸ਼ਾ ਕਾਨੂੰਨ ਤੋਂ ਉੱਪਰ ਨਹੀਂ ਰਹਿੰਦੇ। ਸੱਜਣ ਕੁਮਾਰ ਦੀ ਮੌਤ ਨਾਲ 1984 ਦਾ ਅਧਿਆਇ ਬੰਦ ਨਹੀਂ ਹੁੰਦਾ। ਨਾ ਹੀ ਇਹ ਉਨ੍ਹਾਂ ਹਜ਼ਾਰਾਂ ਬੇਗੁਨਾਹ ਸਿੱਖਾਂ ਦੀਆਂ ਰੂਹਾਂ ਨੂੰ ਜਵਾਬ ਮਿਲ ਜਾਣਾ ਹੈ ਜਿਨ੍ਹਾਂ ਦਾ ਖ਼ੂਨ ਦਿੱਲੀ ਦੀਆਂ ਗਲੀਆਂ ਵਿੱਚ ਵਹਾਇਆ ਗਿਆ। ਅਸਲ ਸਵਾਲ ਅੱਜ ਵੀ ਉਹੀ ਖੜ੍ਹਾ ਹੈ, ਕੀ 1984 ਦੇ ਹਰ ਦੋਸ਼ੀ ਨੂੰ ਕਾਨੂੰਨ ਦੇ ਕਟਹਿਰੇ ਤੱਕ ਪਹੁੰਚਾਇਆ ਜਾਵੇਗਾ, ਜਾਂ ਕੁਝ ਨਾਮ ਸਿਆਸੀ ਰਸੂਖ਼, ਸਬੂਤਾਂ ਦੀ ਕਮੀ ਅਤੇ ਸਮੇਂ ਦੀ ਧੂੜ ਹੇਠ ਦੱਬੇ ਹੀ ਰਹਿਣਗੇ? ਸੱਜਣ ਕੁਮਾਰ ਆਪਣੇ ਗੁਨਾਹਾਂ ਦੇ ਸਾਰੇ ਦੋਸ਼ਾਂ ਦਾ ਜਵਾਬ ਦੁਨਿਆਵੀ ਅਦਾਲਤ ਵਿੱਚ ਦੇ ਕੇ ਨਹੀਂ ਗਿਆ, ਪਰ ਉਸ ਦੀ ਜੇਲ੍ਹ ਵਿੱਚ ਹੋਈ ਮੌਤ ਇੱਕ ਕੌੜਾ ਸੱਚ ਛੱਡ ਗਈ ਹੈ, 1984 ਦੇ ਜ਼ਖ਼ਮਾਂ ਨੂੰ ਸਮਾਂ ਮਿਟਾ ਨਹੀਂ ਸਕਿਆ ਅਤੇ ਇਨਸਾਫ਼ ਜਿੰਨਾ ਵੀ ਦੇਰ ਨਾਲ ਆਵੇ, ਸਿੱਖ ਕੌਮ ਉਸ ਕਤਲੇਆਮ ਨੂੰ ਨਾ ਭੁੱਲੀ ਹੈ ਅਤੇ ਨਾ ਭੁੱਲੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਐਨ.ਐਚ.ਐਮ. ਸਟਾਫ ਵੱਲੋਂ ਮੰਗਾਂ ਸਬੰਧੀ ਹੜਤਾਲ ਜਾਰੀ



ਘੜੂੰਆਂ, 20 ਅਗਸਤ 2026: ਪੰਜਾਬ ਭਰ ਵਿੱਚ ਐਨ.ਐਚ.ਐਮ. ਕਰਮਚਾਰੀਆਂ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਲੈ ਕੇ 17 ਅਗਸਤ ਤੋਂ 24 ਅਗਸਤ 2026 ਤੱਕ ਕੀਤੀ ਜਾ ਰਹੀ ਹੜਤਾਲ ਦੇ ਤਹਿਤ ਬਲਾਕ ਘੜੂੰਆਂ ਦੇ ਐਨ.ਐਚ.ਐਮ. ਸਟਾਫ ਵੱਲੋਂ ਵੀ ਹੜਤਾਲ ਵਿੱਚ ਸਰਗਰਮੀ ਨਾਲ ਸ਼ਮੂਲੀਅਤ ਕੀਤੀ ਗਈ। ਇਸ ਦੌਰਾਨ ਬਲਾਕ ਘੜੂੰਆਂ ਦੇ ਵੱਖ-ਵੱਖ ਸਿਹਤ ਕੇਂਦਰਾਂ ਨਾਲ ਸਬੰਧਤ ਐਨ.ਐਚ.ਐਮ. ਕਰਮਚਾਰੀਆਂ ਨੇ ਇਕਜੁੱਟਤਾ ਨਾਲ ਆਪਣੀਆਂ ਮੰਗਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ। ਐਨ.ਐਚ.ਐਮ. ਸਟਾਫ ਦੀਆਂ ਮੁੱਖ ਮੰਗਾਂ ਵਿੱਚ ਤਨਖਾਹ ਵਿੱਚ ਵਾਧਾ, "Equal Work Equal Pay" ਦੇ ਸਿਧਾਂਤ ਅਨੁਸਾਰ ਬਰਾਬਰ ਕੰਮ ਲਈ ਬਰਾਬਰ ਤਨਖਾਹ, ਸੇਵਾਮੁਕਤੀ ਦੀ ਉਮਰ 62 ਸਾਲ ਕਰਨਾ ਅਤੇ ਗ੍ਰੈਚੁਇਟੀ ਦਾ ਲਾਭ ਦੇਣਾ ਸ਼ਾਮਲ ਹਨ। ਕਰਮਚਾਰੀਆਂ ਦਾ ਕਹਿਣਾ ਹੈ ਕਿ ਉਹ ਸਿਹਤ ਵਿਭਾਗ ਦੀਆਂ ਵੱਖ-ਵੱਖ ਰਾਸ਼ਟਰੀ ਸਿਹਤ ਯੋਜਨਾਵਾਂ ਅਤੇ ਸਿਹਤ ਸੇਵਾਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਲਗਾਤਾਰ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਬੀ.ਐਸ.ਏ. ਇਸਮੀਤ ਕੌਰ ਨੇ ਕਿਹਾ ਕਿ ਐਨ.ਐਚ.ਐਮ. ਸਟਾਫ ਵੱਲੋਂ ਸਿਹਤ ਵਿਭਾਗ ਦੀਆਂ ਸੇਵਾਵਾਂ ਨੂੰ ਜ਼ਮੀਨੀ ਪੱਧਰ 'ਤੇ ਲੋਕਾਂ ਤੱਕ ਪਹੁੰਚਾਉਣ ਲਈ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਰਮਚਾਰੀਆਂ ਦੀਆਂ ਮੰਗਾਂ ਜਾਇਜ਼ ਹਨ ਅਤੇ ਸਰਕਾਰ ਨੂੰ "Equal Work Equal Pay" ਦੇ ਸਿਧਾਂਤ ਨੂੰ ਲਾਗੂ ਕਰਨ ਦੇ ਨਾਲ-ਨਾਲ ਤਨਖਾਹ ਵਿੱਚ ਵਾਧਾ, 62 ਸਾਲ ਦੀ ਸੇਵਾਮੁਕਤੀ ਉਮਰ ਅਤੇ ਗ੍ਰੈਚੁਇਟੀ ਦੀ ਮੰਗ 'ਤੇ ਜਲਦ ਸਕਾਰਾਤਮਕ ਫੈਸਲਾ ਲੈਣਾ ਚਾਹੀਦਾ ਹੈ। ਇਸ ਹੜਤਾਲ ਵਿੱਚ ਏ.ਐਨ.ਐਮ., ਬੀ.ਐਸ.ਏ., ਇਨਫਰਮੇਸ਼ਨ ਅਸਿਸਟੈਂਟ, ਕੰਪਿਊਟਰ ਓਪਰੇਟਰ, ਅਕਾਊਂਟੈਂਟ ਅਤੇ ਹੋਰ ਐਨ.ਐਚ.ਐਮ. ਸਟਾਫ ਵੱਲੋਂ ਭਾਗ ਲਿਆ ਗਿਆ। ਬਲਾਕ ਘੜੂੰਆਂ ਦੀਆਂ ਏ.ਐਨ.ਐਮ. ਵੱਲੋਂ ਵੀ ਹੜਤਾਲ ਨੂੰ ਸਮਰਥਨ ਦਿੰਦਿਆਂ ਇਸ ਵਿੱਚ ਸ਼ਮੂਲੀਅਤ ਕੀਤੀ ਗਈ। ਕਰਮਚਾਰੀਆਂ ਨੇ ਸਰਕਾਰ ਤੋਂ ਅਪੀਲ ਕੀਤੀ ਕਿ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਜਾਇਜ਼ ਮੰਗਾਂ ਨੂੰ ਗੰਭੀਰਤਾ ਨਾਲ ਵਿਚਾਰਦਿਆਂ ਜਲਦ ਪੂਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਹ ਆਪਣੀਆਂ ਮੰਗਾਂ ਦੀ ਪੂਰਤੀ ਲਈ ਐਨ.ਐਚ.ਐਮ. ਪੰਜਾਬ ਦੇ ਸਾਂਝੇ ਸੰਘਰਸ਼ ਨਾਲ ਇਕਜੁੱਟ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# "ਪ੍ਰਯੋਗਸ਼ਾਲਾ ਦਾ ਉੱਚ ਮਿਆਰ" ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ



ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਇੰਜੀਨੀਅਰਿੰਗ ਦੇ ਇਲੈਕਟ੍ਰੀਕਲ ਵਿਭਾਗ ਵੱਲੋਂ ਭਾਰਤੀ ਗੁਣਵੱਤਾ ਪਰਿਸ਼ਦ ਦੇ ਸਹਿਯੋਗ ਨਾਲ ਐੱਨ.ਏ.ਬੀ.ਐੱਲ ਵੱਲੋਂ ਚਲਾਈ ਜਾ ਰਹੀ ਗੁਣਵੱਤਾ ਯਾਤਰਾ ਜਾਗਰੂਕਤਾ-ਮੁਹਿੰਮ ਤਹਿਤ ਖੋਜ ਪ੍ਰਯੋਗਸ਼ਾਲਾਵਾਂ ਦੇ ਮਿਆਰ ਨੂੰ ਉੱਚਾ ਕਰਨ ਲਈ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਪਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ, ਜਦ ਕਿ ਅਸ਼ੋਕ ਕੁਮਾਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਡੀਨ ਫੈਕਲਟੀ ਆਫ਼ ਇੰਜੀਨੀਅਰਿੰਗ ਡਾ. ਆਰ. ਕੇ. ਤਿਵਾਰੀ, ਖੇਤੀਬਾੜੀ, ਪੈਰਾ ਮੈਡੀਕਲ, ਫਾਰਮੈਸੀ ਅਤੇ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਵਰਮਾ ਨੇ ਕਿਹਾ ਕਿ ਅਕਾਦਮਿਕ ਅਤੇ ਉਦਯੋਗਿਕ ਖੇਤਰਾਂ ਵਿੱਚ ਉਤਪਾਦ ਅਤੇ ਸੰਬੰਧਿਤ ਵਸਤਾਂ ਦੀ ਗੁਣਵੱਤਾ ਦੀ ਪ੍ਰਮਾਣਕਿਤਾ ਨੂੰ ਬਣਾਏ ਰੱਖਣ ਲਈ ਉੱਚ ਮਿਆਰੀ ਪ੍ਰਯੋਗਸ਼ਾਲਾਵਾਂ ਦਾ ਹੋਣਾ ਜ਼ਰੂਰੀ ਹੈ। ਇਸ ਲਈ ਬਦਲ ਰਹੇ ਸਮੇਂ ਅਤੇ ਬਾਜ਼ਾਰ ਵਿੱਚ ਆ ਰਹੀਆਂ ਨਵੀਆਂ ਤਕਨੀਕਾਂ ਤੇ ਵਿਧੀਆਂ ਦੇ ਇਸਤੇਮਾਲ ਲਈ ਸੰਸਥਾਵਾਂ ਨੂੰ ਆਪਣੀਆਂ ਪ੍ਰਯੋਗਸ਼ਾਲਾਵਾਂ ਦੀ ਮਾਨਤਾ ਲੈਣੀ ਚਾਹੀਦੀ ਹੈ। ਉਹਨਾਂ ਟੈਸਟਿੰਗ ਅਤੇ ਕੈਲੀਬ੍ਰੇਸ਼ਨ ਪ੍ਰਕਿਰਿਆਵਾਂ ਬਾਰੇ ਵੀ ਚਾਨਣਾ ਪਾਇਆ। ਮੁੱਖ ਵੱਕਤਾ ਅਸ਼ੋਕ ਕੁਮਾਰ ਨੇ ਤਕਨੀਕੀ ਸੈਸ਼ਨ ਵਿੱਚ ਐੱਨ.ਏ.ਬੀ.ਸੀ. ਦੀ ਮਾਨਤਾ ਹਾਸਿਲ ਕਰਨ ਲਈ ਲੋੜੀਂਦੇ ਦਸਤਾਵੇਜ਼ਾਂ ਅਤੇ ਸੰਬੰਧਿਤ ਸੁਵਿਧਾਵਾਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਪ੍ਰਯੋਗਸ਼ਾਲਾ ਗੁਣਵੱਤਾ ਪ੍ਰਬੰਧਨ ਪ੍ਰਣਾਲੀਆਂ ਬਾਰੇ ਵੀ ਵਿਚਾਰ ਸਾਂਝੇ ਕੀਤੇ। ਸ਼ੁਰੂ ਵਿੱਚ ਡੀਨ, ਡਾ.ਤਿਵਾਰੀ ਨੇ ਆਪਣੇ ਸੁਆਗਤੀ ਭਾਸ਼ਣ ਵਿੱਚ ਪ੍ਰਯੋਗਸ਼ਾਲਾ ਮਾਨਤਾ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ। ਸੈਮੀਨਾਰ ਦੀ ਕੁਆਰਡੀਨੇਟਰ ਅਤੇ ਸੰਚਾਲਕ ਡਾ. ਗੁਰਪ੍ਰੀਤ ਕੌਰ, ਮੁਖੀ ਇਲੈਕਟ੍ਰੀਕਲ ਵਿਭਾਗ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਵਰਸਿਟੀ ਵੱਲੋਂ ਅਜਿਹੇ ਜਾਗਰੂਕਤਾ ਸੈਮੀਨਾਰਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਉਹਨਾਂ ਵਿਚਾਰ ਚਰਚਾ ਅਤੇ ਸਵਾਲ-ਜੁਆਬ ਸ਼ੈਸ਼ਨ ਦਾ ਸੰਚਾਲਨ ਕੀਤਾ।

### ਇੰਗਲੈਂਡ ਦੀ ਧਰਤੀ ਵਿਖੇ ਧੰਨ ਧੰਨ ਬਾਬਾ ਨੰਦ ਸਿੰਘ ਜੀ ਨਾਨਕ ਸਰ ਕਲੇਰਾਂ ਵਾਲਿਆ ਦੀ

# ਬਰਸੀ ਬੜੀ ਸ਼ਰਧਾ-ਭਾਵਨਾ ਨਾਲ ਮਨਾਈ ਜਾਵੇਗੀ







☛ 83ਵੀਂ ਬਰਸੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 22 ਤੋਂ 30 ਅਗਸਤ ਤੱਕ
☛ ਬਾਬੇ ਕੇ ਫਾਰਮ ਵਾਰਵਿਕਸ਼ਾਇਰ ਵਿਖੇ ਦੇਸ਼ ਵਿਦੇਸ਼ ਤੋਂ ਸੰਤ ਮਹਾਂਪੁਰਸ਼, ਹਜ਼ੂਰੀ ਰਾਗੀ ਤੇ ਪ੍ਰਸਿੱਧ ਕੀਰਤਨੀ ਜਥੇ ਭਰਨਗੇ ਹਾਜ਼ਰੀ
☛ 30 ਅਗਸਤ ਨੂੰ ਸਜੇਗਾ ਵਿਸ਼ਾਲ ਨਗਰ ਕੀਰਤਨ, ਸੰਗਤਾਂ ਦੀ ਸਹੂਲਤ ਲਈ ਬਰਮਿੰਘਮ ਤੋਂ ਰੋਜ਼ਾਨਾ ਤਿੰਨ ਵਾਰ ਚੱਲਣਗੀਆਂ ਮਿੰਨੀ ਬੱਸਾਂ

ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੀ ਪਾਵਨ ਬਖ਼ਿਸ਼ਸ਼ ਸਦਕਾ ਧੰਨ ਧੰਨ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੀ 83ਵੀਂ ਬਰਸੀ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 22 ਤੋਂ 30 ਅਗਸਤ 2026 ਤੱਕ ਬਾਬੇ ਕੇ ਫਾਰਮ, ਸਟ੍ਰੈਟਫੋਰਡ ਅਪਾਨ, ਵਾਰਵਿਕਸ਼ਾਇਰ ਵਿਖੇ ਬੜੀ ਸ਼ਰਧਾ, ਸਤਿਕਾਰ ਅਤੇ ਖ਼ਾਲਸਾਈ ਜਾਹੋ ਜਲਾਲ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮਹਾਨ ਗੁਰਮਤਿ ਸਮਾਗਮ ਵਿਚ ਪੰਥ ਦੀਆਂ ਨਾਮਵਰ ਧਾਰਮਿਕ ਸ਼ਖ਼ਸੀਅਤਾਂ, ਸੰਤ ਮਹਾਂਪੁਰਸ਼, ਹਜ਼ੂਰੀ ਰਾਗੀ ਅਤੇ ਪ੍ਰਸਿੱਧ ਕੀਰਤਨੀ ਜਥੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰ ਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਨਾਲ ਨਿਹਾਲ ਕਰਨਗੇ। ਸਮਾਗਮ ਵਿਚ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ, ਸੰਤ ਬਲਬੀਰ ਸਿੰਘ ਸੀਚੇਵਾਲ, ਸੰਤ ਜਗਜੀਤ ਸਿੰਘ ਲੋਪੋਂ, ਬਾਬਾ ਹਰਜੀਤ ਸਿੰਘ ਮਹਿਤਾ ਚੌਂਕ, ਬਾਬਾ ਸਰਬਜੀਤ ਸਿੰਘ ਸੰਧੂਆਂ ਵਾਲੇ, ਭਾਈ ਬਲਵਿੰਦਰ ਸਿੰਘ ਰੰਗੀਲਾ, ਭਾਈ ਸਰਬਜੀਤ ਸਿੰਘ ਲਾਡੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਅਮਰਜੀਤ ਸਿੰਘ ਨਾਨਕਸਰ ਠਾਠ ਈਸ਼ਰ ਦਰਬਾਰ ਅਤੇ ਬਾਬਾ ਮਨਪ੍ਰੀਤ ਸਿੰਘ ਅਲੀਪੁਰ ਖਾਲਸਾ ਸਮੇਤ ਅਨੇਕਾਂ ਧਾਰਮਿਕ ਸ਼ਖ਼ਸੀਅਤਾਂ ਅਤੇ ਕੀਰਤਨੀ ਜਥੇ ਸ਼ਮੂਲੀਅਤ ਕਰਨਗੇ। ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ, ਵਿਸ਼ੇਸ਼ ਕੀਰਤਨ ਦਰਬਾਰ ਅਤੇ ਹੋਰ ਧਾਰਮਿਕ ਦੀਵਾਨ ਸਜਾਏ ਜਾਣਗੇ, ਜਦਕਿ 30 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਰਤੀ ਕੀਰਤਨ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਜਾਵੇਗੀ।

ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕ ਜਸਵਿੰਦਰ ਸਿੰਘ ਕਾਲਾ ਤੇ ਮਨਜੀਤ ਸਿੰਘ ਭੋਗਲ ਸੀਨੀਅਰ ਐਡਵੋਕੇਟ ਨੇ ਦਸਿਆ ਕਿ ਇਸ ਵਿਸ਼ਾਲ ਸਮਾਗਮ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਤਿਆਰੀਆਂ ਪੂਰੇ ਜ਼ੋਰਾਂ 'ਤੇ ਚੱਲ ਰਹੀਆਂ ਹਨ ਅਤੇ ਸੰਗਤਾਂ ਦੀ ਸਹੂਲਤ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਗੁਰਦੁਆਰਾ ਬਾਬੇ ਕੇ, ਬਰਮਿੰਘਮ ਤੋਂ ਰੋਜ਼ਾਨਾ ਤਿੰਨ ਵਾਰ ਮਿੰਨੀ ਬੱਸਾਂ ਚਲਾਈਆਂ ਜਾਣਗੀਆਂ, ਜੋ ਸੰਗਤਾਂ ਨੂੰ ਬਾਬੇ ਕੇ ਫਾਰਮ ਵਿਖੇ ਸਮਾਗਮ ਵਾਲੀ ਥਾਂ ਤੱਕ ਲੈ ਕੇ ਜਾਣ ਅਤੇ ਸਮਾਗਮ ਉਪਰੰਤ ਵਾਪਸ ਬਰਮਿੰਘਮ ਲਿਆਉਣ ਦੀ ਸੇਵਾ ਨਿਭਾਉਣਗੀਆਂ। ਉਨ੍ਹਾਂ ਅੱਗੇ ਦੱਸਿਆ ਕਿ 30 ਅਗਸਤ ਨੂੰ ਦੁਪਹਿਰ 2 ਵਜੇ ਤੋਂ ਸ਼ਾਮ 4 ਵਜੇ ਤੱਕ ਬਾਬੇ ਕੇ ਫਾਰਮ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ, ਜਿਸ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਗੱਲਬਾਤ ਕਰਦਿਆਂ ਜਸਵਿੰਦਰ ਸਿੰਘ ਕਾਲਾ ਨੇ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਨਿਮਰ ਬੇਨਤੀ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਇਸ ਮਹਾਨ ਗੁਰਮਤਿ ਸਮਾਗਮ ਵਿਚ ਹਾਜ਼ਰੀ ਭਰ ਕੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦਾ ਲਾਹਾ ਲੈਣ ਅਤੇ ਗੁਰੂ ?ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ।

# ਆਯੁਸ਼ਮਾਨ ਕਾਰਡ ਧਾਰਕਾਂ ਨੂੰ ਅਮਨਦੀਪ ਹਸਪਤਾਲ ਵਿੱਚ ਮਿਲੇਗਾ ਮੁਫ਼ਤ ਇਲਾਜ



ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਮੋਗਾ ਰੋਡ ਸਥਿਤ ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਨਾਲ ਸਾਂਝੇਦਾਰੀ ਤਹਿਤ ਆਯੁਸ਼ਮਾਨ ਭਾਰਤ ਪ੍ਰਧਾਨ ਮੰਤਰੀ ਜਨ ਆਰੋਗਿਆ ਯੋਜਨਾ ਅਧੀਨ ਸੂਚੀਬੱਧਤਾ ਹਾਸਲ ਕੀਤੀ ਹੈ। ਇਸ ਤਹਿਤ ਯੋਗ ਆਯੁਸ਼ਮਾਨ ਕਾਰਡ ਧਾਰਕ ਹੁਣ ਹਸਪਤਾਲ ਵਿੱਚ ਵੱਖ—ਵੱਖ ਮਾਹਿਰ ਡਾਕਟਰੀ ਸੇਵਾਵਾਂ ਦਾ ਮੁਫ਼ਤ ਲਾਭ ਲੈ ਸਕਣਗੇ। ਹਸਪਤਾਲ ਪ੍ਰਬੰਧਨ ਅਨੁਸਾਰ ਆਯੁਸ਼ਮਾਨ ਯੋਜਨਾ ਤਹਿਤ ਕਾਰਡੀਓਲੋਜੀ ਵਿਭਾਗ ਵਿੱਚ ਹਾਰਟ ਸਟੈਂਟਿੰਗ ਦੀ ਸਹੂਲਤ ਉਪਲਬਧ ਹੋਵੇਗੀ, ਜਨਰਲ ਅਤੇ ਲੈਪਰੋਸਕੋਪਿਕ ਸਰਜਰੀ ਵਿਭਾਗ ਵਿੱਚ ਹਾਈਡ੍ਰੋਸੇਲ, ਅਪੈਂਡਿਕਸ ਅਤੇ ਬਵਾਸੀਰ ਲਈ ਸਟੇਪਲਰ ਸਰਜਰੀ ਦੀ ਸਹੂਲਤ ਮਿਲੇਗੀ। ਇਸੇ ਤਰ੍ਹਾਂ ਨਿਊਰੋਸਰਜਰੀ ਅਤੇ ਸਪਾਈਨ ਸਰਜਰੀ ਵਿਭਾਗ ਵਿੱਚ ਦਿਮਾਗ ਅਤੇ ਰੀੜ੍ਹ ਦੀ ਹੱਡੀ ਨਾਲ ਸਬੰਧਤ ਸਰਜਰੀਆਂ ਕੀਤੀਆਂ ਜਾਣਗੀਆਂ। ਆਰਥੋਪੈਡਿਕਸ ਵਿਭਾਗ ਵਿੱਚ ਫ੍ਰੈਕਚਰ ਦੇ ਇਲਾਜ ਲਈ ਨੇਲਿੰਗ ਅਤੇ ਪਲੇਟਿੰਗ ਦੇ ਨਾਲ ?ਨਾਲ ਲੋੜ ਅਨੁਸਾਰ ਇੰਪਲਾਂਟ ਹਟਾਉਣ ਦੀ ਸਹੂਲਤ ਵੀ ਯੋਜਨਾ ਤਹਿਤ ਉਪਲਬਧ ਹੋਵੇਗੀ। ਈ.ਐਨ.ਟੀ ਵਿਭਾਗ ਵਿੱਚ ਕੰਨ ਦੇ ਪਰਦੇ ਦੀ ਸਰਜਰੀ (ਟਿੰਪੈਨੋਪਲਾਸਟੀ) ਅਤੇ ਟੇਢੀ ਨੱਕ ਨੂੰ ਠੀਕ ਕਰਨ ਲਈ ਸੈਪਟੋਪਲਾਸਟੀ ਦੀ ਸਹੂਲਤ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਨੇਫਰੋਲੋਜੀ ਵਿਭਾਗ ਵਿੱਚ ਯੋਗ ਮਰੀਜ਼ਾਂ ਨੂੰ ਡਾਇਲਸਿਸ ਸੇਵਾਵਾਂ ਦਾ ਲਾਭ ਵੀ ਮਿਲੇਗਾ। ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਉਜਾਲਾ ਸਿਗਨਸ ਨਾਲ ਇਹ ਸਾਂਝੇਦਾਰੀ ਫਿਰੋਜ਼ਪੁਰ ਅਤੇ ਆਸ—ਪਾਸ ਦੇ ਖੇਤਰਾਂ ਦੇ ਲੋਕਾਂ ਤੱਕ ਉੱਨਤ ਅਤੇ ਕਿਫਾਇਤੀ ਸਿਹਤ ਸੇਵਾਵਾਂ ਪਹੁੰਚਾਉਣ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਕਾਰਡ ਧਾਰਕਾਂ ਦੀ ਸਹੂਲਤ ਲਈ ਹਸਪਤਾਲ ਵਿੱਚ ਵਿਸ਼ੇਸ਼ ਆਯੁਸ਼ਮਾਨ ਹੈਲਪ ਡੈਸਕ ਸਥਾਪਤ ਕੀਤਾ ਗਿਆ ਹੈ, ਜਿਥੇ ਮਰੀਜ਼ਾਂ ਨੂੰ ਰਜਿਸਟ੍ਰੇਸ਼ਨ, ਮਨਜ਼ੂਰੀ ਪ੍ਰਕਿਰਿਆ ਅਤੇ ਮੁਫ਼ਤ ਇਲਾਜ ਸਬੰਧੀ ਲੋੜੀਂਦੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਸੂਚੀਬੱਧਤਾ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਕਾਰਨਾਂ ਕਰਕੇ ਕਿਸੇ ਵੀ ਮਰੀਜ਼ ਨੂੰ ਜ਼ਰੂਰੀ ਅਤੇ ਗੰਭੀਰ ਇਲਾਜ ਵਿੱਚ ਦੇਰੀ ਨਾ ਹੋਵੇ। ਉਨ੍ਹਾਂ ਕਿਹਾ ਕਿ ਹਸਪਤਾਲ ਦੀ ਮਾਹਿਰ ਡਾਕਟਰਾਂ ਦੀ ਟੀਮ ਯੋਗ ਲਾਭਪਾਤਰੀਆਂ ਨੂੰ ਸਮੇਂ ਸਿਰ ਬਿਹਤਰ ਅਤੇ ਗੁਣਵੱਤਾ ਭਰਪੂਰ ਇਲਾਜ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ।

# ਸਰਦਾਰ ਹਰਪਾਲ ਸਿੰਘ ਭੁੱਲਰ ਦੀ ਦੂਸਰੀ ਬਰਸੀ ਤੇ ਕਰਵਾਏ ਧਾਰਮਿਕ ਸਮਾਗਮ





ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਸਰਪ੍ਰਸਤ ਸਵਰਗੀ ਹਰਪਾਲ ਸਿੰਘ ਭੁੱਲਰ ਦੀ ਦੂਸਰੀ ਬਰਸੀ ਭਾਈ ਮਰਦਾਨਾ ਜੀ ਯਾਦਗਾਰੀ ਹਾਲ ਵਿਖੇ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਈ ਗਈ। ਇਸ ਸਮਾਗਮ ਦੌਰਾਨ ਧਾਰਮਿਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ।ਸਮਾਗਮ ਵਿੱਚ ਵੱਖ—ਵੱਖ ਧਾਰਮਿਕ ਸ਼ਖਸੀਅਤਾਂ ਅਤੇ ਸੰਤ ਮਹਾਂਪੁਰਸ਼ਾਂ ਨੇ ਪਹੁੰਚ ਕੇ ਅਰਦਾਸ ਕੀਤੀ ਅਤੇ ਹਾਜ਼ਰੀ ਲਗਵਾਈ। ਸਮਾਗਮ ਦੌਰਾਨ ਵੱਖ—ਵੱਖ ਰਾਜਨੀਤਿਕ ਅਤੇ ਧਾਰਮਿਕ ਪਾਰਟੀਆਂ ਦੇ ਮੁੱਖ ਆਗੂਆਂ ਨੇ ਸ਼ਿਰਕਤ ਕਰਕੇ ਸਰਦਾਰ ਹਰਪਾਲ ਸਿੰਘ ਭੁੱਲਰ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਸਮੇਂ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣਾਂ, ਸਹਿਯੋਗੀਆਂ, ਦੋਸਤਾਂ, ਰਿਸ਼ਤੇਦਾਰਾਂ ਅਤੇ ਇਲਾਕੇ ਦੀਆਂ ਸੰਗਤਾਂ ਨੇ ਪਹੁੰਚ ਕੇ ਭੁੱਲਰ ਪਰਿਵਾਰ ਨਾਲ ਹਮਦਰਦੀ ਅਤੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਹ ਸਮਾਗਮ ਭੁੱਲਰ ਪਰਿਵਾਰ ਅਤੇ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਦੇ ਸਹਿਯੋਗ ਨਾਲ ਸਫਲਤਾਪੂਰਵਕ ਨੇਪਰੇ ਚੜ੍ਹਿਆ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਇਸ ਤੋ ਇਲਾਵਾ ਸਾਬਕਾ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਸੁਖਪਾਲ ਸਿੰਘ ਨੰਨੂ, ਕਰਨੈਲ ਸਿੰਘ ਭਾਵੜਾ, ਗੁਰਦਿਆਲ ਸਿੰਘ ਵਿਰਕ, ਭਗਵਾਨ ਸਿੰਘ ਦੜਿਆਲਾ, ਚੌਧਰੀ ਸਤਪਾਲ ਸਿੰਘ ਸਾਬਕਾ ਐਮ.ਸੀ, ਰਿੰਕੂ ਗਰੋਵਰ ਸਾਬਕਾ ਪ੍ਰਧਾਨ ਨਗਰ ਕੌਂਸਲ, ਅਸ਼ੋਕ ਸਚਦੇਵਾ ਨਗਰ ਕੌਂਸਲ ਪ੍ਰਧਾਨ, ਕਮੇਟੀ ਮੀਤ ਪ੍ਰਧਾਨ ਬੋਹੜ ਸਿੰਘ ਬੀਕਾਨੇਰੀਆ, ਰਿਸ਼ੀ ਸ਼ਰਮਾ ਐਮਸੀ, ਸਤਨਾਮ ਸਿੰਘ ਐਮਸੀ, ਚਾਨਣਾ ਐਮਸੀ, ਨਸੀਬ ਸਿੰਘ ਸੰਧੂ, ਬਲਜਿੰਦਰ ਸਿੰਘ ਬੱਬੂ, ਆਰੀਅਨ ਭੱਟ, ਸੈਲੀ ਵਾਲਾ ਕੇਵਲ ਕ੍ਰਿਸ਼ਨ ਹਾਂਡਾ, ਹਰਜੀਤ ਸਿੰਘ ਧਾਲੀਵਾਲ ਨਿਰਮਲ ਸਿੰਘ, ਹਰਦੀਪ ਸਿੰਘ ਸਰਪੰਚ ਰੱਜੀਵਾਲਾ, ਦਰਸ਼ਨ ਲਾਲ ਹੀਰਾ, ਮਨੋਹਰ ਲਾਲ, ਪਰਮਜੀਤ ਸਿੰਘ ਔਲਖ, ਇੰਦਰ ਪਾਲ ਪ੍ਰਿੰਸ ਗੁਰਮੀਤ ਸਿੰਘ ਔਲਖ, ਮੋਹਨ ਸਿੰਘ, ਬਲਵੀਰ ਸਿੰਘ ਰਾਮੂਵਾਲੀਆ ਮੋਗਾ, ਤਜਿੰਦਰ ਸਿੰਘ ਬਿੱਟੂ ਗੁਰਮੇਲ ਸਿੰਘ ਗੁਰੂ ਰਾਮਦਾਸ ਨਗਰ, ਪ੍ਰਿੰਸੀਪਲ ਜਸਵਿੰਦਰ ਸਿੰਘ ਸੰਧੂ, ਪਰਮਜੀਤ ਸਿੰਘ ਜੋਸਨ, ਭਾਈ ਸੰਦੀਪ ਸਿੰਘ, ਭਾਈ ਕਮਲਜੀਤ ਸਿੰਘ ਜੱਥੇ ਨੇ ਕਥਾ ਕੀਰਤਨ ਆਈ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

### ਅਧਿਆਪਕ ਦਲ ਪੰਜਾਬ ਵੱਲੋਂ ਡੀ.ਪੀ. ਆਈ ( ਸੈਕੰਡਰੀ)

# ਸਕੱਤਰ ਸਿੰਘ ਬੱਲ ਨਾਲ ਕੀਤੀ ਗਈ ਅਹਿਮ ਮੀਟਿੰਗ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅਧਿਆਪਕ ਦਲ ਪੰਜਾਬ ਦੇ ਸੂਬਾ ਸਰਪ੍ਰਸਤ ਹਰਦੇਵ ਸਿੰਘ ਜਵੰਧਾ, ਸੂਬਾ ਕਨਵੀਨਰ ਜਸਵਿੰਦਰ ਸਿੰਘ ਔਲਖ , ਸੂਬਾ ਪ੍ਰਧਾਨ ਸਤਨਾਮ ਸਿੰਘ ਰੰਧਾਵਾ, ਸੂਬਾ ਸਕੱਤਰ ਜਨਰਲ ਰਵਿੰਦਰਜੀਤ ਸਿੰਘ ਪੰਨੂੰ ਅਤੇ ਸੂਬਾ ਇੰਚਾਰਜ ਗੁਰਸਿਮਰਤ ਸਿੰਘ ਜਖੇਪਲ ਦੀ ਅਗਵਾਈ ਹੇਠ ਸਟੇਟ ਕਮੇਟੀ ਅਤੇ ਜਿਲਾ ਅਹੁਦੇਦਾਰਾਂ ਵੱਲੋਂ ਡੀ ਪੀ ਆਈ ( ਸੈਕੰਡਰੀ) ਸਕੱਤਰ ਸਿੰਘ ਬੱਲ ਨਾਲ ਬਹੁਤ ਸੁਖਾਵੇਂ ਮਾਹੌਲ ਵਿੱਚ ਮੀਟਿੰਗ ਕੀਤੀ ਗਈ ਅਤੇ ਅਧਿਆਪਕਾਂ ਦੀਆਂ ਮੰਗਾਂ ਅਤੇ ਮੁਸ਼ਿਕਲਾਂ ਸਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਇਸ ਮੌਕੇ ਜਥੇਬੰਦੀ ਵਲੋਂ ਅਧਿਆਪਕਾਂ ਦੀਆਂ ਤਰੱਕੀਆਂ ਸਬੰਧੀ ਕੀਤੀ ਗਈ ਮੰਗ ਸਬੰਧੀ ਡੀਪੀ ਆਈ ਵੱਲੋਂ ਭਰੋਸਾ ਦਿੱਤਾ ਗਿਆ ਕਿ ਇੱਕ ਮਹੀਨੇ ਦੇ ਅੰਦਰ ਲੈਕਚਰਾਰ ਤੋਂ ਪ੍ਰਿੰਸੀਪਲ ਦੀਆਂ ਤਰੱਕੀਆਂ ਪਹਿਲ ਦੇ ਆਧਾਰ ਤੇ ਕਰ ਦਿੱਤੀਆਂ ਜਾਣਗੀਆਂ ਅਤੇ ਨਾਲ ਹੀ ਮਾਸਟਰ ਕੇਡਰ ਤੋਂ ਲੈਕ ਚਰਾਰ ਅਤੇ ਮੁੱਖ ਅਧਿਆਪਕ ਦੀਆਂ ਤਰੱਕੀਆਂ ਵੀ ਕਰ ਦਿੱਤੀਆਂ ਜਾਣਗੀਆਂ ਅਤੇ ਇਸ ਤੋਂ ਬਾਅਦ ਮਾਸਟਰ ਕੇਡਰ ਦੀ ਭਰਤੀ ਦੇ ਨਾਲ ਨਾਲ ਪ੍ਰਾਇਮਰੀ ਕੇਡਰ ਤੋ ਮਾਸਟਰ ਕੇਡਰ ਦੀਆਂ ਤਰੱਕੀਆਂ ਵੀ ਜਲਦੀ ਕੀਤੀਆਂ ਜਾਣਗੀਆਂ। ਇਸ ਮੌਕੇ ਜਥੇਬੰਦੀ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਉਹਨਾਂ ਵਿਸ਼ਵਾਸ ਦਿਵਾਇਆ ਕਿ ਬਾਰਡਰ ਏਰੀਏ ਦੀਆਂ ਅਸਾਮੀਆਂ ਪਹਿਲ ਦੇ ਆਧਾਰ ਤੇ ਭਰੀਆਂ ਜਾਣਗੀਆਂ ਅਤੇ ਬਾਰਡਰ ਏਰੀਏ ਦੀ ਵੱਖਰੀ ਸੀਨੀਆਰਤਾ ਸੂਚੀ ਵੀ ਬਣਾਈ ਜਾਵੇਗੀ, ਬਦਲੀਆਂ ਸਮੇਂ 50% ਸਟਾਫ ਦੀ ਸ਼ਰਤ ਤੇ ਪੁਨਰ ਵਿਚਾਰ ਦਾ ਭਰੋਸਾ ਦਿੰਦੇ ਹੋਏ ਤਰੱਕੀਆਂ ਦੌਰਾਨ ਇਹਨਾਂ ਸਟੇਸ਼ਨਾਂ ਨੂੰ ਪਹਿਲ ਦੇ ਅਧਾਰ ਤੇ ਭਰਨ ਦਾ ਭਰੋਸਾ ਦਿੱਤਾ ਗਿਆ , ਅਧਿਆਪਕਾਂ ਦੀ ਪੰਦਰਾਂ ਦਿਨ ਦੀ ਵਿਦੇਸ਼ ਛੁੱਟੀ ਮਨਜ਼ੂਰ ਕਰਨ ਦੇ ਅਧਿਕਾਰ ਡੀਡੀਓ ਅਤੇ ਇਕ ਮਹੀਨੇ ਦੀ ਛੁੱਟੀ ਦੇ ਅਧਿਕਾਰ ਡੀ ਈ ਓ ਪੱਧਰ ਤੇ ਜਾਰੀ ਕਰਨ ਸਬੰਧੀ ਵੀ ਪੁਨਰ ਵਿਚਾਰ ਕਰਨ ਦਾ ਭਰੋਸਾ ਦਿੱਤਾ ਗਿਆ, ਸਕੂਲ ਆਫ ਐਮੀਨੈਂਸ ਅਤੇ ਪੀ ਐਮ ਸ੍ਰੀ ਸਕੂਲਾਂ ਦੀਆਂ ਅਸਾਮੀਆਂ ਵੀ ਪਹਿਲ ਦੇ ਅਧਾਰ ਤੇ ਭਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਅਧਿਆਪਕਾਂ ਦੀਆਂ ਹੋਰ ਮੰਗਾਂ ਅਤੇ ਮਸਲਿਆਂ ਸਬੰਧੀ ਵੀ ਵਿਚਾਰ ਚਰਚਾ ਹੋਈ ਜਿਸ ਦੌਰਾਨ ਡੀਪੀ ਆਈ ਸਕੱਤਰ ਸਿੰਘ ਬੱਲ ਵੱਲੋਂ ਸੰਜੀਦਗੀ ਨਾਲ ਮੁਸ਼ਿਕਲਾਂ ਦਾ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸਟੇਟ ਕਮੇਟੀ ਅਹੁਦੇਦਾਰ ਰਾਜਦੀਪ ਸਿੰਘ ਬਰੇਟਾ, ਭੁਪਿੰਦਰ ਸਿੰਘ ਨਾਗਰਾ ,ਆਤਮਜੀਤ ਸਿੰਘ ਢਿੱਲੋਂ, ਵਰਿੰਦਰ ਸਿੰਘ ਕੰਬੋਜ, ਰਵਿੰਦਰ ਸਿੰਘ ਗਿੱਲ, ਤਰਪਿੰਦਰ ਸਿੰਘ ਭੱਟੀਵਾਲ, ਰਜਨੀਸ਼ ਕੁਮਾਰ ,ਰਵਿੰਦਰ ਸਿੰਘ ਦੁੱਗਰੀ, ਭੁਪਿੰਦਰ ਸਿੰਘ ,ਜਸਵਿੰਦਰ ਸਿੰਘ ਮਾਨਾਂਵਾਲਾ, ਬਲਬੀਰ ਸਿੰਘ ਧਾਮੀ , ਕੁਲਵਿੰਦਰ ਸਿੰਘ ਬਰਾੜ ,ਕੁਲਦੀਪ ਸਿੰਘ ਵਿਰਕ, ਜਸਬੀਰ ਸਿੰਘ ਮੁੰਡਾ ਪਿੰਡ, ਅਤੇ ਜਿਲ੍ਹਾ ਅਹੁਦੇਦਾਰ ਦਿਲਬਾਗ ਸਿੰਘ ਪੱਡਾ, ਗੁਰਬਚਨ ਸਿੰਘ ਮੋਹਾਲੀ, ਬਲਬੀਰ ਸਿੰਘ, ਰਾਜਦੀਪ ਸਿੰਘ, ਪ੍ਰਿੰਸੀਪਲ ਸ਼ਿੰਗਾਰਾ ਸਿੰਘ ,ਸੁਰਿੰਦਰ ਸਿੰਘ ਜੌਹਲ, ਜਸਪਾਲ ਸਿੰਘ ਢੀਂਡਸਾ, ਦਲਵਿੰਦਰ ਝਿੱਕਾ, ਮਨੋਹਰ ਸਿੰਘ ਬੈਂਸ, ਹਰਪਾਲ ਸਿੰਘ, ਜਸਪਾਲ ਸਿੰਘ, ਦਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਲੈਕਚਰਾਰ ਤੋਂ ਪ੍ਰਿੰਸੀਪਲ, ਮਾਸਟਰ ਕੇਡਰ ਤੋਂ ਲੈਕਚਰਾਰ ਅਤੇ ਮੁੱਖ ਅਧਿਆਪਕ ਦੀਆਂ ਤਰੱਕੀਆਂ ਡੀ.ਪੀ. ਆਈ ਵੱਲੋਂ ਇੱਕ ਮਹੀਨੇ ਵਿਚ ਕਰਨ ਦਾ ਦਿੱਤਾ ਭਰੋਸਾ**

### ਪੈਰ ਪੈਰ 'ਤੇ ਕਿਸਾਨ ਵਿਰੋਧੀ ਸਾਬਿਤ ਹੋ ਰਹੀ ਹੈ

# ਸੂਬੇ ਦੀ 'ਆਪ' ਸਰਕਾਰ- ਜੀਤਮਹਿੰਦਰ ਸਿੰਘ ਸਿੱਧੂ



**ਤਲਵੰਡੀ ਸਾਬੋ/ਮੌੜ ਮੰਡੀ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਕਿਸਾਨਾਂ ਸਮੇਤ ਸੂਬੇ ਦੇ ਸਾਰੇ ਵਰਗਾਂ ਦੇ ਭਾਰੀ ਸਹਿਯੋਗ ਸਦਕਾ 2022 'ਚ ਸੱਤਾ 'ਤੇ ਕਾਬਿਜ਼ ਹੋਈ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਹੁਣ ਤੱਕ ਦੇ ਕਾਰਜਕਾਲ ਦੌਰਾਨ ਪੈਰ ਪੈਰ 'ਤੇ ਕਿਸਾਨ ਵਿਰੋਧੀ ਸਾਬਿਤ ਹੋਈ ਹੈ ਤੇ ਹੁਣ ਮੌੜ ਮੰਡੀ ਹਲਕੇ 'ਚ ਡਰੋਨਾਂ ਰਾਹੀਂ ਵਾਹੀਯੋਗ ਜ਼ਮੀਨਾਂ ਦੇ ਕਰਵਾਏ ਜਾ ਰਹੇ ਸਰਵੇ ਵੀ ਦਰਸਾ ਰਹੇ ਨੇ ਕਿ ਸਰਕਾਰ ਕਿਸਾਨਾਂ ਦੀ ਵਜਾਏ ਉਦਯੋਗਿਕ ਘਰਾਣਿਆਂ ਦਾ ਪੱਖ ਪੂਰ ਰਹੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ 'ਚ ਕਾਂਗਰਸ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਗੱਲਬਾਤ ਕਰਦਿਆਂ ਕੀਤਾ। ਹਲਕੇ ਦੇ ਪਿੰਡਾਂ 'ਚ ਜਨਤਕ ਪ੍ਰੋਗਰਾਮਾਂ 'ਚ ਹਾਜ਼ਰੀਆਂ ਭਰਨ ਉਪਰੰਤ ਗੱਲਬਾਤ ਕਰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਫਸਲਾਂ ਦੇ ਘੱਟੋ-ਘੱਟ ਸਮੱਰਥਨ ਮੁੱਲ ਸਮੇਤ ਹੋਰ ਕਿਸਾਨੀ ਮੰਗਾਂ ਲਈ ਕਿਸਾਨਾਂ ਵੱਲੋਂ ਪਿਛਲੇ ਸਮਿਆਂ 'ਚ ਸ਼ੰਭੂ ਅਤੇ ਖਨੌਰੀ ਵਿਖੇ ਲਾਏ ਮੋਰਚਿਆਂ ਨੂੰ ਜਿਸ ਤਰ੍ਹਾਂ 'ਆਪ' ਸਰਕਾਰ ਨੇ ਜ਼ਬਰੀ ਪੁਟਵਾਇਆ ਉਸਤੋਂ ਪਤਾ ਲੱਗ ਗਿਆ ਸੀ ਕਿ ਆਪਣੇ ਦਿੱਲੀ ਵਾਲੇ ਆਕਾਵਾਂ ਨੂੰ ਖੁਸ਼ ਕਰਨ ਲਈ ਇਹ ਸਰਕਾਰ ਕਿਸਾਨਾਂ ਨਾਲ ਧ੍ਰੋਹ ਤੱਕ ਕਮਾ ਸਕਦੀ ਹੈ ਤੇ ਉਸਤੋਂ ਬਾਅਦ ਹਰ ਸੰਘਰਸ਼ ਸਮੇਂ ਇਸ ਸਰਕਾਰ ਨੇ ਕਿਸਾਨਾਂ ਨੂੰ ਦਬਾਉਣ ਦੀ ਕੋਸ਼ਿਸ ਹੀ ਕੀਤੀ। ਸਿੱਧੂ ਨੇ ਕਿਹਾ ਕਿ ਲੈਂਡ ਪੂਲਿੰਗ ਵਰਗੀ ਕਿਸਾਨ ਵਿਰੋਧੀ ਨੀਤੀ ਨੂੰ ਅਮਲ ਚ ਲਿਆਉਣ ਵਾਲੀ ਇਹ ਸਰਕਾਰ ਹੁਣ ਕਿਸਾਨਾਂ ਦੀਆਂ ਵਾਹੀਯੋਗ ਜ਼ਮੀਨਾਂ ਤੇ ਉਦਯੋਗ ਸਥਾਪਿਤ ਕਰਕੇ ਕਿਸਾਨਾਂ ਨੂੰ ਬੇਜ਼ਮੀਨੇ ਬਣਾਉਣ ਦੇ ਰਾਹ ਪਈ ਲੱਗਦੀ ਹੈ ਜਿਸਦਾ ਸਬੂਤ ਹਲਕਾ ਮੌੜ ਚ ਉਦਯੋਗਿਕ ਘਰਾਣਿਆਂ ਵੱਲੋਂ ਡਰੋਨ ਰਾਹੀਂ ਕਰਵਾਏ ਜਾ ਰਹੇ ਸਰਵੇ ਹਨ।ਉਨਾਂ ਕਿਹਾ ਕਿ ਇਹ ਧੱਕੇਸ਼ਾਹੀ ਹੁਣ ਨਹੀ ਚੱਲਣ ਦਿੱਤੀ ਜਾਵੇਗੀ ਤੇ ਭਲਾ ਇਸੇ 'ਚ ਹੈ ਕਿ ਸਰਕਾਰ ਕਿਸਾਨ ਵਿਰੋਧੀ ਨੀਤੀਆਂ ਨੂੰ ਤਿਆਗ ਦੇਵੇ ਨਹੀ ਤਾਂ ਨਤੀਜੇ ਭੁਗਤਣ ਲਈ ਤਿਆਰ ਰਹੇ। ਇਸ ਮੌਕੇ ਉਨਾਂ ਨਾਲ ਹਲਕੇ ਦੇ ਵੱਡੀ ਗਿਣਤੀ ਕਾਂਗਰਸੀ ਆਗੂ ਵੀ ਮੌਜੂਦ ਦਿਖਾਈ ਦਿੱਤੇ।



ਆਵਾਜ਼ਿ ਕੌਮ AWAZE QAUM International Newspaper & WEB TV

# ਤਿੰਨ ਜਥੇਬੰਦੀਆਂ ਵੱਲੋਂ ਕੌਮੀ ਇਨਸਾਫ਼ ਮੋਰਚੇ ਨੂੰ ਪੂਰਨ ਸਮਰਥਨ ਦੇਣ ਦਾ ਐਲਾਨ



ਫ਼ਿਰੋਜ਼ਪੁਰ, 20 ਅਗਸਤ (ਮਨੋਹਰ ਲਾਲ) :— ਕੌਮੀ ਇਨਸਾਫ਼ ਮੋਰਚੇ ਦੀਆਂ ਹੱਕੀ ਮੰਗਾਂ ਅਤੇ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਤੁਰੰਤ ਰਿਹਾਈ ਦੀ ਅਵਾਜ਼ ਨੂੰ ਹੋਰ ਬੁਲੰਦ ਕਰਨ ਲਈ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ, ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ, ਭਾਰਤੀ ਕਿਸਾਨ ਯੂਨੀਅਨ ਮਾਨਸਾ ਵੱਲੋਂ ਵੱਡਾ ਐਲਾਨ ਕੀਤਾ ਗਿਆ ਹੈ। ਸੋਸਾਇਟੀਆ ਪ੍ਰਧਾਨ ਹਰਭਜਨ ਸਿੰਘ ਦੜਿਆਲਾ, ਜਰਨੈਲ ਸਿੰਘ ਗਾਬੜੀਆ ਅਤੇ ਨਿਰਮਲ ਸਿੰਘ ਔਲਖ ਜ਼ਿਲਾ ਪ੍ਰਧਾਨ ਅਤੇ ਮੈਂਬਰਾ ਦੀ ਹੋਈ ਵਿਸ਼ੇਸ਼ ਇਕੱਤਰਤਾ ਦੌਰਾਨ ਕੌਮੀ ਇਨਸਾਫ਼ ਮੋਰਚੇ ਨੂੰ ਪੂਰਨ ਸਮਰਥਨ ਦੇਣ ਦਾ ਫੈਸਲਾ ਲਿਆ ਗਿਆ ਇਸ ਦੇ ਨਾਲ ਹੀ ਬੰਦੀ ਸਿੰਘਾਂ ਦੀ ਰਿਹਾਈ ਲਈ ਸਰਕਾਰ ਤੇ ਦਬਾਅ ਬਣਾਉਣ ਵਾਸਤੇ ਸਵੇਰੇ 7 ਵਜੇ ਤੋਂ ਲੇ ਕੇ ਦੁਪਹਿਰ 2 ਵਜੇ ਤੱਕ ਸ਼ਾਂਤਮਈ ਢੰਗ ਨਾਲ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰ ਟਰਾਂਸਪੋਰਟ ਭਾਈਚਾਰੇ ਅਤੇ ਆਮ ਜਨਤਾ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ ਕਿ ਉਹ ਬੰਦੀ ਸਿੰਘਾਂ ਦੀ ਰਿਹਾਈ ਦੀ ਇਸ ਆਵਾਜ਼ ਦਾ ਹਿੱਸਾ ਬਣਨ ਲਈ ਆਪਣੇ ਕਾਰੋਬਾਰ ਤੇ ਅਦਾਰੇ ਮੁਕੰਮਲ ਤੌਰ ਤੇ ਬੰਦ ਰੱਖ ਕੇ ਅਪਣਾ ਸ਼ਾਂਤਮਈ ਯੋਗਦਾਨ ਪਾਉਣ, ਇਹ ਬੰਦ ਪੂਰੀ ਤਰ੍ਹਾਂ ਨਾਲ ਸ਼ਾਂਤਮਈ ਅਤੇ ਅਮਨ ਅਮਾਨ ਨਾਲ ਰਖਿਆ ਜਾਵੇਗਾ। ਇਸ ਦੋਰਾਨ ਐਂਬੂਲੈਂਸ ਮੈਡੀਕਲ ਸਟੋਰਾਂ ਫਾਇਰ ਬ੍ਰਿਗੇਡ ਅਤੇ ਹੋਰ ਜ਼ਰੂਰੀ ਸੇਵਾਵਾਂ ਨੂੰ ਬੰਦ ਤੋਂ ਪੂਰੀ ਤਰ੍ਹਾਂ ਛੋਟ ਰਹੇਗੀ। ਇਸ ਮੌਕੇ ਭਗਵਾਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ, ਜਸਬੀਰ ਸਿੰਘ ਕਲਸੀ, ਸਤਨਾਮ ਸਿੰਘ ਹਰਿਆਨ, ਸੁਖਚੈਨ ਸਿੰਘ ਨਾਗੀ, ਸਵਰਨ ਸਿੰਘ ਐਸ.ਜੀ.ਪੀ.ਸੀ, ਅਮਰ ਸਿੰਘ ਗਾਬੜੀਆ, ਹਰਜਿੰਦਰ ਸਿੰਘ ਦੜਿਆਲਾ, ਬਾਬਾ ਬਲਕਾਰ ਸਿੰਘ, ਜਥੇਦਾਰ ਸੁਖਦੇਵ ਸਿੰਘ, ਕੁਲਦੀਪ ਸਿੰਘ ਲੋਕੋ ਸਾਹਿਬ ਸਿੰਘ ਮੱਲ੍ਹੀ ਜ਼ਿਲ੍ਹਾ ਜਨਰਲ ਸਕੱਤਰ ਬੋਹੜ ਸਿੰਘ, ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਨੱਥਾ ਸਿੰਘ, ਅੰਗਰੇਜ਼ ਸਿੰਘ, ਪ੍ਰਗਟ ਸਿੰਘ, ਨਿਰਮਲ ਸਿੰਘ, ਗੁਰਮੀਤ ਸਿੰਘ ਬੋਬੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੱਜਣ ਕੁਮਾਰ ਦੀ ਮੌਤ 'ਤੇ ਸਰਨਾ ਦਾ ਤਿੱਖਾ ਹਮਲਾ: ਦੋਸ਼ੀ ਤਾਂ ਮਰ ਗਿਆ, ਪਰ ਹਾਈ ਕੋਰਟ ਦਾ 'ਨਸਲਕੁਸ਼ੀ ਵਿਰੋਧੀ ਕਾਨੂੰਨ' ਵਾਲਾ ਸਵਾਲ ਅਜੇ ਵੀ ਜ਼ਿੰਦਾ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- 1984 ਦੇ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਅਤੇ ਸਾਬਕਾ ਕਾਂਗਰਸੀ ਆਗੂ ਸੱਜਣ ਕੁਮਾਰ ਦੀ ਜੇਲ੍ਹ ਵਿੱਚ ਹੋਈ ਮੌਤ ਤੋਂ ਬਾਅਦ ਦਿੱਲੀ ਦੀ ਸਿਆਸਤ ਵਿੱਚ ਭੂਚਾਲ ਆ ਗਿਆ ਹੈ। ਦਿੱਲੀ ਅਕਾਲੀ ਦਲ ਦੇ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਕੇਂਦਰ ਸਰਕਾਰ ਅਤੇ ਦੇਸ਼ ਦੀ ਨਿਆਂ ਪ੍ਰਣਾਲੀ ਵਿਰੁੱਧ ਬੇਹੱਦ ਤਿੱਖਾ ਤੇ ਹਮਲਾਵਰ ਰੁੱਖ ਅਪਣਾਉਂਦਿਆਂ ਸਵਾਲ ਦਾਗਿਆ ਹੈ ਕਿ ਕੀ ਦੋਸ਼ੀ ਦੀ ਮੌਤ ਦੇ ਨਾਲ ਹੀ ਦਿੱਲੀ ਹਾਈ ਕੋਰਟ ਵੱਲੋਂ ਦਿੱਤੀ ਗਈ ਵੱਡੀ ਚੇਤਾਵਨੀ ਵੀ ਦਫ਼ਨ ਕਰ ਦਿੱਤੀ ਗਈ ਹੈ ? ਸ. ਸਰਨਾ ਨੇ ਸਖ਼ਤ ਸ਼ਬਦਾਂ ਵਿੱਚ ਯਾਦ ਦਿਵਾਇਆ ਕਿ 2018 ਵਿੱਚ ਦਿੱਲੀ ਹਾਈ ਕੋਰਟ ਦੇ ਜਸਟਿਸ ਐੱਸ. ਮੁਰਲੀਧਰ ਅਤੇ ਜਸਟਿਸ ਵਿਨੋਦ ਗੋਇਲ ਦੇ ਬੈਂਚ ਨੇ ਸੱਜਣ ਕੁਮਾਰ ਨੂੰ ਉਮਰ ਕੈਦ ਦੀ ਸੁਣਾਉਂਦੇ ਹੋਏ ਸਪੱਸ਼ਟ ਲਿਖਿਆ ਸੀ ਕਿ ਭਾਰਤੀ ਫੌਜਦਾਰੀ ਕਾਨੂੰਨ ਵਿੱਚ 'ਨਸਲਕੁਸ਼ੀ' (ਜੀਨੋਸਾਈਡ) ਅਤੇ 'ਮਨੁੱਖਤਾ ਵਿਰੁੱਧ ਅਪਰਾਧ' ਨਾਲ ਨਜਿੱਠਣ ਲਈ ਕੋਈ ਠੋਸ ਕਾਨੂੰਨੀ ਢਾਂਚਾ ਨਹੀਂ ਹੈ।ਅਦਾਲਤ ਨੇ ਇਸ ਵੱਡੀ ਕਾਨੂੰਨੀ ਖਾਮੀ (ਲੂਫੋਲੇ) ਨੂੰ 'ਤੁਰੰਤ' ਭਰਨ ਦੀ ਹਦਾਇਤ ਕੀਤੀ ਸੀ। ਸ. ਸਰਨਾ ਨੇ ਸਰਕਾਰ ਦੀ ਨੀਅਤ 'ਤੇ ਤਿੱਖੇ ਤੀਰ ਚਲਾਉਂਦਿਆਂ ਪੁੱਛਿਆ, "ਅੱਠ ਸਾਲ ਬੀਤ ਜਾਣ ਦੇ ਬਾਵਜੂਦ ਕਾਨੂੰਨ ਨਾ ਬਣਨਾ ਸਾਬਤ ਕਰਦਾ ਹੈ ਕਿ ਸਰਕਾਰਾਂ ਲਈ 'ਤੁਰੰਤ' (ਅਰਜੇਂਟ) ਸ਼ਬਦ ਦੇ ਕੋਈ ਮਾਇਨੇ ਨਹੀਂ ਹਨ।ਅੱਜ ਦੋਸ਼ੀ ਮਰ ਚੁੱਕਾ ਹੈ, ਪਰ ਕੀ 84 ਦੇ ਪੀੜਤਾਂ ਨੂੰ ਨਿਆਂ ਦੇਣ ਵਾਲਾ ਉਹ ਕਾਨੂੰਨ ਵੀ ਮਰ ਗਿਆ ?" ਉਨ੍ਹਾਂ ਅੱਗੇ ਕਿਹਾ ਕਿ ਦੋਸ਼ੀ ਦੇ ਮਰਨ ਨਾਲ 1984 ਦੇ ਖ਼ੂਨੀ ਕਤਲੇਆਮ ਦੇ ਦਾਗ ਮਿਟ ਨਹੀਂ ਸਕਦੇ। ਦੇਸ਼ ਵਿੱਚ ਘੱਟ ਗਿਣਤੀਆਂ 'ਤੇ ਹੁੰਦੇ ਸਮੂਹਿਕ ਜ਼ੁਲਮਾਂ ਨੂੰ ਰੋਕਣ ਲਈ ਨਸਲਕੁਸ਼ੀ ਵਿਰੋਧੀ ਵਿਸ਼ੇਸ਼ ਕਾਨੂੰਨ ਦਾ ਨਾ ਹੋਣਾ ਭਾਰਤੀ ਡੈਮੋਕ੍ਰੇਸੀ ਅਤੇ ਨਿਆਂ ਪ੍ਰਣਾਲੀ 'ਤੇ ਇੱਕ ਗੰਭੀਰ ਤੇ ਕਾਲਾ ਧੱਬਾ ਹੈ। ਸ. ਸਰਨਾ ਨੇ ਚੇਤਾਵਨੀ ਭਰੇ ਲਹਿਜੇ ਵਿੱਚ ਆਖਿਆ— "ਸੱਜਣ ਕੁਮਾਰ ਮਰ ਗਿਆ, ਪਰ ਅੱਠ ਸਾਲ ਪਹਿਲਾਂ ਹਾਈ ਕੋਰਟ ਵੱਲੋਂ ਦਾਗਿਆ ਗਿਆ ਸਵਾਲ ਅੱਜ ਵੀ ਸਰਕਾਰ ਦੇ ਸਾਹਮਣੇ ਜਿਉਂ ਦਾ ਤਿਉਂ ਖੜ੍ਹਾ ਹੈ—'ਆਖਿਰ ਨਸਲਕੁਸ਼ੀ ਵਿਰੋਧੀ ਕਾਨੂੰਨ ਕਿੱਥੇ ਹੈ ?'

ਆਵਾਜ਼ਿ ਕੌਮ AWAZE QAUM International Newspaper & WEB TV

## ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ ਦੀ 45 ਵੀ ਬਰਸੀਂ ਕੱਲ, ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ



ਚੌਕ ਮਹਿਤਾ,20 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ) ਗੁਰਦੁਆਰਾ ਹੋਲਗੜ੍ਹ ਸਾਹਿਬ ਸੰਪਰਦਾਇ ਹਰਖੋਵਾਲ ਖੁਜਾਲਾ ਦੇ ਮੌਜੂਦਾ ਮੁੱਖੀ ਸੰਤ ਬਾਬਾ ਗੁਰਭੇਜ ਸਿੰਘ ਖ਼ੁਜਾਲਾ ਮੁੱਖ ਬੁਲਾਰੇ ਸੰਤ ਸਮਾਜ, ਦੀ ਅਗਵਾਈ ਹੇਠ ਬ੍ਰਹਮ ਗਿਆਨੀ ਸੰਤ ਬਾਬਾ ਜਵਾਲਾ ਸਿੰਘ ਜੀ ਚਰਨ ਸੇਵਕ ਸੰਤ ਬਾਬਾ ਗੁਰਬਚਨ ਸਿੰਘ ਜੀ ਡੰਡੇ ਵਾਲਿਆਂ ਦੀ ਸਲਾਨਾ 45 ਵੀ ਬਰਸੀਂ ਇਲਾਕੇ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਈ ਜਾ ਰਹੀ ਹੈ, ਇਸ ਦੀ ਜਾਣਕਾਰੀ ਦਿੰਦੇ ਹੋਏ ਭਾਈ ਸ਼ਰਨਜੀਤ ਸਿੰਘ ਖੁਜਾਲਾ ਨੇ ਦੱਸਿਆ ਕਿ ਪਵਿੱਤਰ ਪਾਵਨ ਗੁਰਬਾਣੀ ਦੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ 10 ਵਜੇ ਪਾਏਂ ਜਾਣਗੇ ਉਪਰੰਤ ਖੁੱਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਜਾਣਗੇ ਜਿਸ ਵਿਚ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ ਆਏ ਹੋਏ ਮੁੱਖ ਵਾਕ ਦੀ ਕਥਾ ਵਿਚਾਰਾਂ ਦੀ ਸਾਂਝ ਪਾਉਣਗੇ। ਇਸ ਤੋਂ ਉਪਰੰਤ ਸਿੱਖ ਪੰਥ ਦੇ ਮਹਾਨ ਵਿਦਵਾਨ ਕਥਾਵਾਚਕ, ਕੀਰਤਨੀਏ, ਕਵੀਸ਼ਰੀ, ਢਾਡੀ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਤੇ ਸੰਤ, ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ, ਸਮਾਜ ਸੇਵੀ ਸੰਸਥਾਵਾਂ, ਰਾਜਨੀਤਕ ਸੰਗਤਾਂ ਹਾਜ਼ਰੀ ਭਰਨਗੀਆ, ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਵੱਲੋਂ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ।

### ਜਗਾ ਰਾਮ ਤੀਰਥ ਵਿਖੇ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ

# ਕਰਵਾਇਆ ਹਰਿਆਲੀ ਤੀਆਂ ਦਾ ਸਮਾਗਮ









**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਤਲਵੰਡੀ ਸਾਬੋ ਹਲਕੇ ਦੇ ਪਿੰਡ ਜਗਾ ਰਾਮ ਤੀਰਥ ਵਿਖੇ ਹਲਕਾ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ ਹਰਿਆਲੀ ਤੀਆਂ ਦਾ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਤਲਵੰਡੀ ਸਾਬੋ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਮਹਿਲਾਵਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਮਾਗਮ ਦੌਰਾਨ ਪੰਜਾਬੀ ਸੱਭਿਆਚਾਰ ਅਤੇ ਤੀਆਂ ਦੀਆਂ ਰਵਾਇਤੀ ਰੌਣਕਾਂ ਦੇਖਣ ਨੂੰ ਮਿਲੀਆਂ। ਮਹਿਲਾਵਾਂ ਨੇ ਗਿੱਧਾ, ਬੋਲੀਆਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਰਾਹੀਂ ਤੀਆਂ ਦੇ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ। ਸਮਾਗਮ ਨੂੰ ਹੋਰ ਵੀ ਰੰਗੀਨ ਬਣਾਉਣ ਲਈ ਪੰਜਾਬੀ ਗਾਇਕ ਜੋੜੀ ਦੀਪ ਢਿੱਲੋਂ ਅਤੇ ਜੈਸਮੀਨ ਜੱਸੀ ਨੇ ਆਪਣੀਆਂ ਪੇਸ਼ਕਾਰੀਆਂ ਨਾਲ ਖੂਬ ਰੰਗ ਬੰਨ੍ਹਿਆ, ਜਿਸ ਦਾ ਹਾਜ਼ਰ ਮਹਿਲਾਵਾਂ ਨੇ ਭਰਪੂਰ ਆਨੰਦ ਮਾਣਿਆ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਵੱਲੋਂ ਸਮਾਗਮ ਵਿੱਚ ਸ਼ਾਮਲ ਹੋਈਆਂ ਮਹਿਲਾਵਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਦੇ ਨਾਲ ਹੀ ਵਾਤਾਵਰਨ ਦੀ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਲਈ ਲਗਭਗ 2500 ਬੂਟੇ ਲਗਾਏ ਗਏ, ਜਿਸ ਨਾਲ ਸਮਾਗਮ ਨੂੰ ਸਮਾਜਿਕ ਅਤੇ ਵਾਤਾਵਰਨ ਪੱਖੋਂ ਵੀ ਵਿਸ਼ੇਸ਼ ਮਹੱਤਤਾ ਮਿਲੀ। ਇਸ ਮੌਕੇ ਬੋਲਦਿਆਂ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਤੀਆਂ ਪੰਜਾਬੀ ਸੱਭਿਆਚਾਰ ਦਾ ਅਹਿਮ ਹਿੱਸਾ ਹਨ ਅਤੇ ਅਜਿਹੇ ਸਮਾਗਮ ਸਾਡੀਆਂ ਪੁਰਾਤਨ ਸੱਭਿਆਚਾਰਕ ਰਵਾਇਤਾਂ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਸਮਾਜ ਵਿੱਚ ਅਹਿਮ ਭੂਮਿਕਾ ਹੈ ਅਤੇ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣਾ ਸਾਡੀ ਜ਼ਿੰਮੇਵਾਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਤੀਆਂ ਦੇ ਇਸ ਸਮਾਗਮ ਨੂੰ ਹਰਿਆਲੀ ਨਾਲ ਜੋੜਨ ਦਾ ਮੁੱਖ ਮਕਸਦ ਲੋਕਾਂ ਨੂੰ ਵਾਤਾਵਰਨ ਦੀ ਸੰਭਾਲ ਪ੍ਰਤੀ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਵੱਧ ਤੋਂ ਵੱਧ ਬੂਟੇ ਲਗਾਉਣਾ ਅਤੇ ਉਨ੍ਹਾਂ ਦੀ ਸੰਭਾਲ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਨ ਦੀ ਰੱਖਿਆ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਅਤੇ ਇਨ੍ਹਾਂ ਦੀ ਸੰਭਾਲ ਵੀ ਯਕੀਨੀ ਬਣਾਉਣ। ਸਮਾਗਮ ਦੌਰਾਨ ਮਹਿਲਾਵਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਪੂਰਾ ਮਾਹੌਲ ਪੰਜਾਬੀ ਸੱਭਿਆਚਾਰ ਦੀਆਂ ਰਵਾਇਤੀ ਰੰਗਤਾਂ ਨਾਲ ਰੰਗਿਆ ਹੋਇਆ ਨਜ਼ਰ ਆਇਆ। ਇਸ ਮੌਕੇ ਜਥੇਦਾਰ ਦਰਸ਼ਨ ਸਿੰਘ, ਐਡਵੋਕੇਟ ਉਦੈਵੀਰ ਸਿੰਘ, ਰਮਨਦੀਪ ਸਿੰਘ, ਜਸਵਿੰਦਰ ਕੌਰ ਚੌਧਰੀ ਸਰਪੰਚ, ਗੁਰਪ੍ਰੀਤ ਕੌਰ ਰਾਮਾਂ, ਕੇਵਲ ਸਿੰਘ ਪੀ.ਏ., ਕੁਲਦੀਪ ਸਿੰਘ ਪੀ.ਏ., ਗੁਰਤੇਜ ਸਿੰਘ ਜੋਗੇਵਾਲਾ, ਗੁਰਾ ਧਾਲੀਵਾਲ, ਬੂਟਾ ਸਿੰਘ ਠੇਕੇਦਾਰ, ਅਵਤਾਰ ਸਿੰਘ ਪ੍ਰਧਾਨ ਟਰੱਕ ਯੂਨੀਅਨ, ਰੇਸ਼ਮ ਸਿੰਘ ਜੈਲਦਾਰ, ਨਿਰਮਲ ਸਿੰਘ ਕਾਲਾ, ਸਮੇਤ ਹੋਰ ਪਤਵੰਤੇ ਅਤੇ ਆਗੂ ਹਾਜ਼ਰ ਸਨ।



## ਬੰਦੀ ਸਿੰਘਾਂ ਦੀ ਰਿਹਾਈ ਲਈ ਅੱਜ ਪੰਜਾਬ ਬੰਦ, ਵਪਾਰੀਆਂ, ਸਕੂਲ ਪ੍ਰਬੰਧਕਾਂ ਅਤੇ ਟਰਾਂਸਪੋਰਟਰਾਂ ਤੋਂ ਮੰਗਿਆ ਸਹਿਯੋਗ; ਜਸਕਰਨ ਸਿੰਘ ਅਤੇ ਜਗਦੀਪ ਸਿੰਘ ਭੁੱਲਰ ਵੀ ਰਹੇ ਮੌਜੂਦ



**ਫਿਰੋਜ਼ਪੁਰ, 20 ਅਗਸਤ (ਮਨੋਹਰ ਲਾਲ)**-ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸੀਨੀਅਰ ਆਗੂ ਅਤੇ ਕਾਰਜਕਾਰੀ ਜਥੇਦਾਰ ਭਾਈ ਧਿਆਨ ਸਿੰਘ ਮੰਡ ਨੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਡੱਕੇ ਬੰਦੀ ਸਿੰਘਾਂ ਦੀ ਰਿਹਾਈ ਯਕੀਨੀ ਬਣਾਉਣ ਲਈ ਸਮੁੱਚੇ ਪੰਜਾਬ ਵਿੱਚ ਇੱਕ ਦਿਨ ਦੀ ਪੂਰਨ ਹੜਤਾਲ ਦਾ ਸੱਦਾ ਦਿੱਤਾ ਹੈ। ਉਨ੍ਹਾਂ ਨੇ ਸੂਬੇ ਦੇ ਸਮੂਹ ਵਰਗਾਂ ਨੂੰ ਆਪਸੀ ਮਤਭੇਦ ਭੁਲਾ ਕੇ ਇਸ ਰੋਸ ਪ੍ਰਦਰਸ਼ਨ ਨੂੰ ਸਫ਼ਲ ਬਣਾਉਣ ਦੀ ਪੁਰਜ਼ੋਰ ਅਪੀਲ ਕੀਤੀ ਹੈ। ਕਾਰਜਕਾਰੀ ਜਥੇਦਾਰ ਭਾਈ ਧਿਆਨ ਸਿੰਘ ਮੰਡ ਨੇ ਕੌਮ ਦੇ ਨਾਂ ਇੱਕ ਵਿਸ਼ੇਸ਼ ਸੰਦੇਸ਼ ਜਾਰੀ ਕਰਦਿਆਂ ਲੰਮੇ ਅਰਸੇ ਤੋਂ ਵੱਖ-ਵੱਖ ਜੇਲ੍ਹਾਂ ਵਿੱਚ ਬੰਦ 'ਬੰਦੀ ਸਿੰਘਾਂ' ਦੀ ਤੁਰੰਤ ਰਿਹਾਈ ਦੀ ਮੰਗ ਨੂੰ ਲੈ ਕੇ 21 ਅਗਸਤ 2026 ਨੂੰ ਇੱਕ ਦਿਨ ਲਈ ਪੰਜਾਬ ਨੂੰ ਮੁਕੰਮਲ ਤੌਰ 'ਤੇ ਬੰਦ ਰੱਖਣ ਦਾ ਐਲਾਨ ਕੀਤਾ ਹੈ। ਉਨ੍ਹਾਂ ਕਿਹਾ ਕਿ ਆਪਣੀਆਂ ਸਜ਼ਾਵਾਂ ਪੂਰੀਆਂ ਕਰ ਚੁੱਕਣ ਦੇ ਬਾਵਜੂਦ ਸਿੰਘਾਂ ਨੂੰ ਰਿਹਾਅ ਨਾ ਕਰਨਾ ਘੋਰ ਅਨਿਆਂ ਹੈ, ਜਿਸ ਵਿਰੁੱਧ ਹੁਣ ਇੱਕਜੁੱਟ ਹੋ ਕੇ ਆਵਾਜ਼ ਬੁਲੰਦ ਕਰਨ ਦਾ ਸਮਾਂ ਆ ਗਿਆ ਹੈ। ਭਾਈ ਮੰਡ ਨੇ ਨਮਰਤਾ ਸਹਿਤ ਹੱਥ ਜੋੜ ਕੇ ਸਮੁੱਚੇ ਕਾਰੋਬਾਰੀ ਭਾਈਚਾਰੇ, ਦੁਕਾਨਦਾਰਾਂ, ਸਕੂਲ ਪ੍ਰਬੰਧਕਾਂ, ਬੱਸ ਸੰਚਾਲਕਾਂ ਅਤੇ ਰੇਲਵੇ ਸੇਵਾਵਾਂ ਨਾਲ ਜੁੜੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਕੰਮਕਾਜ ਪੂਰੀ ਤਰ੍ਹਾਂ ਠੱਪ ਰੱਖ ਕੇ ਇਸ ਹੜਤਾਲ ਦਾ ਸਮਰਥਨ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਕਦਮ ਕਿਸੇ ਆਮ ਲੋਕਾਂ ਨੂੰ ਪਰੇਸ਼ਾਨ ਕਰਨ ਲਈ ਨਹੀਂ, ਸਗੋਂ ਸਰਕਾਰਾਂ ਦੇ ਬੋਲੇ ਕੰਨਾਂ ਤੱਕ ਜੇਲ੍ਹਾਂ ਵਿੱਚ ਬੰਦ ਸਿੰਘਾਂ ਦੀ ਰਿਹਾਈ ਦਾ ਸੁਨੇਹਾ ਪਹੁੰਚਾਉਣ ਲਈ ਚੁੱਕਿਆ ਜਾ ਰਿਹਾ ਹੈ। ਇਸ ਮਹੱਤਵਪੂਰਨ ਐਲਾਨ ਸਮੇਂ ਉਨ੍ਹਾਂ ਦੇ ਨਾਲ ਪਾਰਟੀ ਦੇ ਸੀਨੀਅਰ ਆਗੂ ਜਸਕਰਨ ਸਿੰਘ ਕਾਹਨ ਸਿੰਘ ਵਾਲਾ ਅਤੇ 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਭਾਈ ਜਗਦੀਪ ਸਿੰਘ ਭੁੱਲਰ ਵੀ ਖ਼ਾਸ ਤੌਰ 'ਤੇ ਹਾਜ਼ਰ ਸਨ। ਇਨ੍ਹਾਂ ਆਗੂਆਂ ਨੇ ਵੀ ਸੰਗਤਾਂ, ਵਪਾਰੀਆਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਬੰਦ ਨੂੰ ਪੂਰਨ ਤੌਰ 'ਤੇ ਸਫ਼ਲ ਬਣਾਉਣ ਲਈ ਆਪਣਾ ਯੋਗਦਾਨ ਪਾਉਣ। ਉਨ੍ਹਾਂ ਆਖਿਆ ਕਿ ਸਾਰੇ ਵਰਗਾਂ ਦਾ ਸਹਿਯੋਗ ਹੀ ਸਰਕਾਰ 'ਤੇ ਜਨਤਕ ਰੋਸ ਦਾ ਪ੍ਰਭਾਵਸ਼ਾਲੀ ਦਬਾਅ ਬਣਾ ਸਕਦਾ ਹੈ।

## ਕਰਤਾਰਪੁਰ ਸਾਹਿਬ ਲਾਂਘਾ: ਸੁਰੱਖਿਆ ਦੇ ਨਾਂ 'ਤੇ ਸਿੱਖਾਂ ਨਾਲ ਵਿਤਕਰਾ ਕਿਉਂ ?—ਭਾਈ ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕੇਂਦਰ ਸਰਕਾਰ ਵੱਲੋਂ ਸੁਰੱਖਿਆ ਕਾਰਨਾਂ ਦਾ ਹਵਾਲਾ ਦੇ ਕੇ ਕਰਤਾਰਪੁਰ ਸਾਹਿਬ ਦਾ ਲਾਂਘਾ ਮੁੜ ਖੋਲ੍ਹਣ ਤੋਂ ਇਨਕਾਰ ਕਰਨਾ ਸਿੱਖ ਸੰਗਤ ਦੇ ਮਨ ਵਿੱਚ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਜੇਕਰ ਸੁਰੱਖਿਆ ਹੀ ਕਿਸੇ ਧਾਰਮਿਕ ਯਾਤਰਾ ਨੂੰ ਰੋਕਣ ਦਾ ਮਾਪਦੰਡ ਹੈ ਤਾਂ ਇਹ ਮਾਪਦੰਡ ਸਭ ਲਈ ਇਕੋ ਜਿਹਾ ਹੋਣਾ ਚਾਹੀਦਾ ਹੈ। ਅਮਰਨਾਥ ਯਾਤਰਾ ਨੂੰ ਅਤੀਤ ਵਿੱਚ ਕਈ ਵਾਰ ਹਮਲਿਆਂ ਅਤੇ ਜਾਨੀ ਨੁਕਸਾਨ ਦਾ ਸਾਹਮਣਾ ਕਰਨਾ ਪਿਆ, ਪਰ ਸੁਰੱਖਿਆ ਪ੍ਰਬੰਧ ਵਧਾ ਕੇ ਯਾਤਰਾ ਜਾਰੀ ਰੱਖੀ ਜਾਂਦੀ ਹੈ। ਫਿਰ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਸੁਰੱਖਿਆ ਪ੍ਰਬੰਧ ਮਜ਼ਬੂਤ ਕਰਨ ਦੀ ਬਜਾਏ ਲਾਂਘਾ ਬੰਦ ਕਰਨਾ ਹੀ ਕਿਉਂ ਚੁਣਿਆ ਜਾਂਦਾ ਹੈ? ਅਜਿਹੇ ਫ਼ੈਸਲੇ ਸਿੱਖਾਂ ਨੂੰ ਵਾਰ-ਵਾਰ ਇਹ ਅਹਿਸਾਸ ਕਰਵਾਉਂਦੇ ਹਨ ਕਿ ਉਨ੍ਹਾਂ ਦੇ ਧਾਰਮਿਕ ਅਧਿਕਾਰਾਂ ਨਾਲ ਬਰਾਬਰੀ ਵਾਲਾ ਵਿਹਾਰ ਨਹੀਂ ਹੋ ਰਿਹਾ। ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਬੁਲਾਰੇ ਭਾਈ ਪਰਮਜੀਤ ਸਿੰਘ ਵੀਰ ਜੀ ਨੇ ਕਿਹਾ ਕਿ ਪਾਕਿਸਤਾਨ ਸਥਿਤ ਗੁਰਧਾਮਾਂ ਦੀ ਯਾਤਰਾ ਸ਼ੁਰੂ ਹੋਣ ਤੋਂ ਬਾਅਦ ਸਿੱਖ ਸ਼ਰਧਾਲੂਆਂ ਨਾਲ ਪਾਕਿਸਤਾਨੀ ਲੋਕਾਂ ਵੱਲੋਂ ਕੀਤੀ ਜਾਂਦੀ ਸੇਵਾ ਅਤੇ ਸਤਿਕਾਰ ਇਸ ਗੱਲ ਦਾ ਪ੍ਰਤੀਕ ਹੈ ਕਿ ਧਾਰਮਿਕ ਯਾਤਰਾ ਨੂੰ ਸਿਰਫ਼ ਸਿਆਸੀ ਐਨਕ ਨਾਲ ਨਹੀਂ ਦੇਖਿਆ ਜਾਣਾ ਚਾਹੀਦਾ। ਜੇਕਰ ਸੁਰੱਖਿਆ ਦੀ ਕੋਈ ਚੁਣੌਤੀ ਹੈ ਤਾਂ ਸਰਕਾਰ ਉਸ ਦਾ ਮੁਕਾਬਲਾ ਕਰਨ ਲਈ ਪ੍ਰਬੰਧ ਕਰੇ। ਸਰਕਾਰ ਦਾ ਫ਼ਰਜ਼ ਆਪਣੇ ਨਾਗਰਿਕਾਂ ਦੀ ਹਿਫ਼ਾਜ਼ਤ ਕਰਨਾ ਹੈ, ਉਨ੍ਹਾਂ ਨੂੰ ਆਪਣੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਤੋਂ ਵਾਂਝਾ ਕਰਨਾ ਨਹੀਂ। ਜਦੋਂ ਸਰਕਾਰ ਆਪਣੇ ਆਗੂਆਂ ਲਈ ਬੇਪਨਾਹ ਸੁਰੱਖਿਆ ਪ੍ਰਬੰਧ ਕਰ ਸਕਦੀ ਹੈ ਤਾਂ ਸਿੱਖ ਸੰਗਤ ਦੀ ਕਰਤਾਰਪੁਰ ਯਾਤਰਾ ਲਈ ਵੀ ਪੂਰੇ ਸੁਰੱਖਿਆ ਪ੍ਰਬੰਧ ਕੀਤੇ ਜਾ ਸਕਦੇ ਹਨ। ਉਨ੍ਹਾਂ ਕੇਂਦਰ ਸਰਕਾਰ ਵਿੱਚ ਮੌਜੂਦ ਦੋ ਸਿੱਖ ਮੰਤਰੀਆਂ ਦੀ ਭੂਮਿਕਾ 'ਤੇ ਵੀ ਸਵਾਲ ਉਠਾਉਂਦਿਆਂ ਕਿਹਾ ਕਿ ਸਿੱਖ ਪੰਥ ਦੇ ਇਸ ਅਹਿਮ ਮਸਲੇ 'ਤੇ ਉਨ੍ਹਾਂ ਨੂੰ ਆਪਣਾ ਫ਼ਰਜ਼ ਨਿਭਾਉਂਦਿਆਂ ਸਰਕਾਰ 'ਤੇ ਲਾਂਘਾ ਖੋਲ੍ਹਣ ਲਈ ਦਬਾਅ ਬਣਾਉਣਾ ਚਾਹੀਦਾ ਹੈ। ਭਾਈ ਪਰਮਜੀਤ ਸਿੰਘ ਵੀਰਜੀ ਨੇ ਕਿਹਾ ਕਿ ਸਰਕਾਰ ਦੀ ਨੀਅਤ 'ਤੇ ਸਵਾਲ ਇਸ ਲਈ ਵਾਰ-ਵਾਰ ਉੱਠਦੇ ਹਨ ਕਿਉਂਕਿ ਸਿੱਖ ਪੰਥ ਦੇ ਮਸਲਿਆਂ ਨੂੰ ਲੋੜੀਂਦੀ ਗੰਭੀਰਤਾ ਨਾਲ ਨਹੀਂ ਲਿਆ ਜਾਂਦਾ। ਕਰਤਾਰਪੁਰ ਸਾਹਿਬ ਦਾ ਲਾਂਘਾ ਸਿਰਫ਼ ਇੱਕ ਰਸਤਾ ਨਹੀਂ, ਸਗੋਂ ਸਿੱਖਾਂ ਦੀ ਆਸਥਾ, ਇਤਿਹਾਸ ਅਤੇ ਗੁਰੂ-ਘਰ ਨਾਲ ਸਿੱਧਾ ਜੁੜਿਆ ਮਾਮਲਾ ਹੈ। ਸਰਕਾਰ ਨੂੰ ਸੁਰੱਖਿਆ ਦਾ ਹਵਾਲਾ ਦੇ ਕੇ ਰਸਤਾ ਬੰਦ ਕਰਨ ਦੀ ਬਜਾਏ ਸੁਰੱਖਿਆ ਯਕੀਨੀ ਬਣਾਉਣੀ ਚਾਹੀਦੀ ਹੈ। ਜੇਕਰ ਇਹੀ ਰਵੱਈਆ ਜਾਰੀ ਰਿਹਾ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਸਿੱਖ ਸੰਗਤ ਦੇ ਰੋਹ ਅਤੇ ਨਾਰਾਜ਼ਗੀ ਦਾ ਸਿਆਸੀ ਪ੍ਰਭਾਵ ਕੇਂਦਰ ਸਰਕਾਰ ਨੂੰ ਭੁਗਤਣਾ ਪੈ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਖਾਲਸਾ ਕਾਲਜ ਮਹਿਤਾ ਦੇ ਐਮ. ਏ. ਇਤਿਹਾਸ ਅਤੇ ਬੀ.ਸੀ.ਏ ਸਮੈਸਟਰ ਦੂਜਾ ਦਾ

# ਨਤੀਜਾ ਰਿਹਾ ਸ਼ਾਨਦਾਰ, ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ ਉਸਮਾ




**ਚੌਕ ਮਹਿਤਾ, 20 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਐਮ.ਏ ਇਤਿਹਾਸ ਅਤੇ ਬੀ.ਸੀ.ਏ ਸਮੈਸਟਰ ਦੂਜਾ ਦੇ ਨਤੀਜੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਘੋਸ਼ਿਤ ਕੀਤੇ ਗਏ । ਇਹਨਾਂ ਨਤੀਜਿਆ ਵਿੱਚ ਬੀ.ਸੀ.ਏ ਅਤੇ ਐਮ.ਏ ਇਤਿਹਾਸ ਦੇ ਵਿਦਿਆਰਥੀਆਂ ਦੀ ਮਿਹਨਤ ਸਦਕਾ ਨਤੀਜੇ ਸੌ ਫੀਸਦੀ ਰਹੇ। ਜਿਸ ਵਿੱਚ ਐਮ. ਏ. ਇਤਿਹਾਸ ਦੀ ਸਿਮਰਨਜੀਤ ਕੌਰ 84% ,ਰਮਨਦੀਪ ਕੌਰ , ਗੁਰਪ੍ਰੀਤ ਕੌਰ , ਨਿਮਰਤਬੀਰ ਕੌਰ 81% ਨਵਰੀਤ ਕੌਰ, ਅੰਮ੍ਰਿਤ ਪਾਲ ਕੌਰ, ਸੁਮਨਦੀਪ ਕੌਰ 78% ਨੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ ਅਤੇ ਇਸਦੇ ਨਾਲ ਹੀ ਬੀ.ਸੀ.ਏ ਦੀ ਨਵਦੀਪ ਕੌਰ,ਹਰਸਿਮਰਨਪ੍ਰੀਤ ਕੌਰ 80%, ਜੋਬਨਪ੍ਰੀਤ ਕੌਰ 78%, ਰਮਨਜੋਤ ਕੌਰ ਅਤੇ ਤਰਨਬੀਰ ਕੌਰ 75% ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ,ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸ ਬਿਹਤਰੀਨ ਨਤੀਜੇ ਕਰਕੇ ਕਾਲਜ ਵਿੱਚ ਵਿੱਚ ਦਾਖਲਿਆਂ ਦਾ ਰੁਝਾਨ ਕਾਫ਼ੀ ਵਧ ਗਿਆ ਹੈ ।

ਇਸ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸਰਦਾਰ ਗੁਰਦੀਪ ਸਿੰਘ ਜਲਾਲ ਉਸਮਾਂ ਨੇ ਖੁਸ਼ੀ ਜ਼ਾਹਿਰ ਕਰਦਿਆ ਵਿਦਿਆਰਥੀਆਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ, ਅਤੇ ਕਿਹਾ ਕਿ ਇਹ ਨਤੀਜੇ ਸਿਰਫ ਤੁਹਾਡੀ ਲਗਾਤਾਰ ਕੋਸ਼ਿਸ਼ ਨਹੀਂ ਸਗੋਂ ਤੁਹਾਡੇ ਭਵਿੱਖ ਦੀ ਮਜਬੂਤ ਨੀਂਹ ਵੀ ਹਨ । ਤੁਸੀ ਕਾਲਜ ਦਾ ਮਾਣ ਵਧਾਇਆ ਹੈ ਤੇ ਹੋਰ ਬੱਚਿਆਂ ਲਈ ਪ੍ਰੇਰਨਾ ਦਾ ਇੱਕ ਉਦਾਹਰਣ ਬਣੇ ਹੋ । ਉਹਨਾਂ ਨੇ ਵਿਦਿਆਰਥੀਆਂ ਨੂੰ ਦਿਲ ਲਾ ਕੇ ਪੜ੍ਹਨ ਅਤੇ ਆਪਣੀ ਜ਼ਿੰਦਗੀ ਵਿੱਚ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ।

ਇਸ ਸੁਭਾਗੇ ਮੌਕੇ 'ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ,ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਕੁਲਦੀਪ ਕੌਰ,ਗੁਰਸ਼ਰਨਪ੍ਰੀਤ ਕੌਰ, ਸੁਖਮਨਦੀਪ ਕੌਰ ,ਪਵਨਦੀਪ ਕੌਰ, ਅਮਨਦੀਪ ਕੌਰ, ਪੂਰਤੀ ਸ਼ਰਮਾ , ਨਵਨੀਤ ਕੌਰ, ਮਨਜੀਤ ਕੌਰ ,ਗੁਰਵਿੰਦਰ ਕੌਰ ,ਸੁਪ੍ਰੀਤ ਕੌਰ, ਬਲਜੀਤ ਕੌਰ, ਰੁਪਿੰਦਰ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ।

### ☛ ਸੂਬਾ ਸਰਕਾਰ ਨੇ ਕਿਸਾਨਾਂ ਦੇ ਹਰ ਖੇਤ ਵਿੱਚ ਪਹੁੰਚਾਇਆ ਨਹਿਰੀ ਪਾਣੀ ☛ 17 ਕਰੋੜ ਦੀ ਲਾਗਤ ਵਾਲੇ ਪ੍ਰੋਜੈਕਟ ਲੋਕ ਅਰਪਿਤ

# ਕੈਬਿਨੇਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਨਹਿਰੀ ਖਾਲਾਂ ਦਾ ਉਦਘਾਟਨ





**ਤਲਵੰਡੀ ਸਾਬੋ, 20 ਅਗਸਤ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਕਿਸਾਨਾਂ ਹਰ ਖੇਤ ਨੂੰ ਪਾਣੀ ਨਹਿਰੀ ਪਾਣੀ ਪਹੁੰਚਾਇਆ ਹੈ ਤਾਂ ਜੋ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਲਈ ਟਿਊਬਵੈਲ ਦੀ ਵਰਤੋਂ ਨਾ ਕਰਦਿਆਂ ਸਿਰਫ਼ ਨਹਿਰੀ ਪਾਣੀ ਹੀ ਵਰਤਿਆ ਜਾ ਸਕੇ। ਮਾਲਵਾ ਖੇਤਰ ਦੇ ਤਲਵੰਡੀ ਸਾਬੋ ਹਲਕੇ ਦੇ ਟੇਲ ਏਂਡ ਪਿੰਡਾਂ ਚ ਵੀ ਨਹਿਰੀ ਪਾਣੀ ਸਿੰਜਾਈ ਲਈ ਖੇਤਾਂ ਤੱਕ ਪੁੱਜ ਗਿਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਜਲ ਸਰੋਤ ਮੰਤਰੀ ਪੰਜਾਬ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਜ਼ਿਲ੍ਹਾ ਬਠਿੰਡਾ ਦੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਹੇਠ ਪੈਂਦੇ ਪਿੰਡ ਬਾਘਾ ਅਤੇ ਜੀਵਨ ਸਿੰਘ ਵਾਲਾ ਵਿਖੇ ਨਹਿਰੀ ਪਾਣੀ ਦੇ ਪ੍ਰੋਜੈਕਟਾਂ ਦਾ ਉਦਘਟਾਨ ਮੌਕੇ ਕੀਤਾ। ਪਿੰਡ ਬਾਘਾ ਵਿਖੇ ਉਨ੍ਹਾਂ ਬੰਗੀ ਰਜਬਾਹਾ ਅਤੇ ਹੋਰ ਮੋਘਿਆਂ ਦੇ 10.78 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਬਣਾਏ ਗਏ ਨਹਿਰੀ ਖਾਲਾਂ ਜਿਸ ਨਾਲ ਕਿਸਾਨਾਂ ਦੀ 3500 ਏਕੜ ਜ਼ਮੀਨ ਨੂੰ ਪਾਣੀ ਮਿਲੇਗਾ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਹਲਕਾ ਤਲਵੰਡੀ ਸਾਬੋ ਦੇ ਵਿਧਾਇਕ ਤੇ ਪਾਰਟੀ ਚੀਫ ਵਿੱਪ ਕੈਬਿਨੇਟ ਰੈਂਕ ਪ੍ਰੋ: ਬਲਜਿੰਦਰ ਕੌਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਕੈਬਿਨੇਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਪਿੰਡ ਜੀਵਨ ਸਿੰਘ ਵਾਲਾ ਵਿਖੇ 13 ਕਿਲੋਮੀਟਰ ਲੰਬਾਈ ਵਾਲੇ ਖਾਲ ਅਤੇ ਲਾਈਨਿੰਗ ਜਿਸ ਉਪਰ 6.50 ਕਰੋੜ ਰੁਪਏ ਖਰਚਾ ਆਇਆ ਹੈ ਦਾ ਉਦਘਾਟਨ ਕਰਨ ਮੌਕੇ ਕਿਸਾਨਾਂ ਨੂੰ ਸੰਬੋਧਤ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ ਹੈ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮਿਆਂ ਦੌਰਾਨ ਕਿਸਾਨਾਂ ਨੂੰ ਟਿਊਬਵੈਲਾਂ ਲਈ ਪੂਰੀ ਬਿਜਲੀ ਨਹੀਂ ਸੀ ਮਿਲਦੀ ਅਤੇ ਕਿਸਾਨ ਦਿਨ ਰਾਤ ਆਪਣੇ ਖੇਤਾਂ ਵਿਚ ਹੀ ਬਿਜਲੀ ਦਾ ਇੰਤਜਾਰ ਕਰਦੇ ਰਹਿੰਦੇ ਸਨ, ਪਰ ਹੁਣ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀਆਂ ਮੋਟਰਾਂ ਲਈ ਦਿਨ ਸਮੇਂ ਪੂਰੀ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਹੈ ਤਾਂ ਜੋ ਕਿਸਾਨ ਰਾਤ ਸਮੇਂ ਆਪਣੇ ਘਰਾਂ ਵਿੱਚ ਆਰਾਮ ਦੀ ਨੀਂਦ ਸੌਂ ਸਕਣ। ਸ੍ਰੀ ਗੋਇਲ ਨੇ ਪਿਛਲੇ 40 ਸਾਲਾਂ ਤੋਂ ਟੇਲਾਂ ਵਾਲੇ ਪਿੰਡਾਂ 'ਚ ਖੇਤੀ ਲਈ ਪਾਣੀ ਦੀ ਘਾਟ ਨਾਲ ਕਿਸਾਨ ਜੂਝ ਰਹੇ ਸਨ, ਜਿੰਨ੍ਹਾਂ ਦਾ ਸੁਪਨਾ ਹੁਣ ਪੂਰਾ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਹੁਣ 82 ਫੀਸਦੀ ਤੱਕ ਪ੍ਰਯੋਗ ਕੀਤਾ ਜਾ ਰਿਹਾ ਹੈ ਅਤੇ ਬਾਕੀ ਰਹਿੰਦਾ 18 ਫੀਸਦੀ ਵੀ ਜਲਦ ਇਸਤੇਮਾਲ ਯੋਗ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਹਿਰੀ ਪਾਣੀ ਨਾਲ ਜ਼ਮੀਨ ਦੀ ਸਿਹਤ ਵੀ ਬਿਹਤਰ ਹੋਵੇਗੀ, ਫ਼ਸਲਾਂ ਦੀ ਪੈਦਾਵਾਰ ਵੀ ਵਧੇਗੀ ਅਤੇ ਟਿਊਬਵੈਲਾਂ ਰਾਹੀਂ ਵੀ ਧਰਤੀ ਦੇ ਹੇਠਾਂ ਤੋਂ ਪਾਣੀ ਘੱਟ ਕੱਢਿਆ ਜਾਵੇਗਾ, ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬਚਤ ਤਾਂ ਹੋਵੇਗੀ ਹੀ ਨਾਲ-ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਵੀ ਉਪਰ ਆਵੇਗਾ, ਜੋ ਕਿ ਕਿਸਾਨੀ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ ਕੈਬਿਨਟ ਮੰਤਰੀ ਨੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਨਹਿਰਾਂ/ਖਾਲਿਆਂ ਦੀ ਸਫ਼ਾਈ ਅਤੇ ਰੱਖ-ਰਖਾਅ ਦਾ ਪੁਖ਼ਤਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਹਿਲਾਂ ਕੱਚੇ ਬਣੇ ਖਾਲਾਂ ਨਾਲ ਜਿੱਥੇ ਪਾਣੀ ਦੀ ਬਰਬਾਦੀ ਹੁੰਦੀ ਸੀ, ਉਥੇ ਹੀ ਕੱਚੇ ਖਾਲ ਜਲਦੀ ਟੁੱਟ ਜਾਂਦੇ ਸਨ। ਪਾਣੀ ਦੀ ਬਰਬਾਦੀ ਰੋਕਣ ਲਈ ਵੀ ਨਵੇਂ ਬਣਾਏ ਗਏ ਪੱਕੇ ਖਾਲ ਸਹਾਈ ਸਿੱਧ ਹੋਣਗੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਨਹਿਰੀ ਪਾਣੀ ਦਾ ਸੂਝਵਾਨ ਢੰਗ ਨਾਲ ਇਸਤੇਮਾਲ ਕਰਨ ਅਤੇ ਪਾਣੀ ਦੀ ਇੱਕ-ਇੱਕ ਬੂੰਦ ਦੀ ਕਦਰ ਕਰਨੀ ਬਹੁਤ ਜ਼ਰੂਰੀ ਹੈ। ਇਸ ਮੌਕੇ ਹਲਕਾ ਤਲਵੰਡੀ ਸਾਬੋ ਦੇ ਵਿਧਾਇਕ ਤੇ ਚੀਫ ਵਿੱਪ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਨੇ ਸੂਬਾ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਅਜਿਹੀ ਪਹਿਲੀ ਸਰਕਾਰ ਹੈ, ਜਿਸ ਨੇ ਕਿਸਾਨਾਂ ਦੀਆਂ ਦੁੱਖ ਤਕਲੀਫ਼ਾਂ ਸੁਣਦਿਆਂ ਮਸਲੇ ਹੱਲ ਕੀਤੇ ਹਨ ਅਤੇ ਕਿਸਾਨਾਂ ਦੇ ਖੇਤਾਂ ਵਿੱਚ ਟੇਲਾਂ ਤੇ ਪਾਣੀ ਪਹੁੰਚਾਉਣ ਦਾ ਕੰਮ ਕੀਤਾ ਹੈ। ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ੍ਰੀਮਤੀ ਵੀਰਪਾਲ ਕੌਰ ਤੋਂ ਇਲਾਵਾ ਪਿੰਡ ਬਾਘਾ ਅਤੇ ਜੀਵਨ ਸਿੰਘ ਵਾਲਾ ਦੀਆਂ ਪੰਚਾਇਤਾਂ, ਵੱਖ-ਵੱਖ ਅਹੁਦੇਦਾਰ, ਪਿੰਡ ਵਾਸੀ ਅਤੇ ਹੋਰ ਮੋਹਤਬਰ ਆਦਿ ਹਾਜ਼ਰ ਸਨ।



# ਸੈਨਿਕ ਵਿਹਾਰ ਗੁਰਦੁਆਰਾ ਸਾਹਿਬ ਵਿੱਚ ਕੈਂਸਰ ਸੈਂਟਰ ਅਤੇ ਪੈਥੋਲੋਜੀ ਲੈਬ ਦੀ ਸ਼ੁਰੂਆਤ



ਨਵੀਂ ਦਿੱਲੀ, 20 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸੈਨਿਕ ਵਿਹਾਰ ਗੁਰਦੁਆਰਾ ਸਾਹਿਬ ਧਾਰਮਿਕ ਆਸਥਾ ਦੇ ਨਾਲ-ਨਾਲ ਮਨੁੱਖਤਾ ਦੀ ਸੇਵਾ ਦਾ ਵੀ ਇੱਕ ਪ੍ਰਮੁੱਖ ਕੇਂਦਰ ਬਣਦਾ ਜਾ ਰਿਹਾ ਹੈ। ਗੁਰਦੁਆਰਾ ਸਾਹਿਬ ਵਿੱਚ ਮੈਡੀਕਲ ਅਤੇ ਸਿੱਖਿਆ ਦੇ ਖੇਤਰ ਵਿੱਚ ਪਹਿਲਾਂ ਤੋਂ ਹੀ ਕਈ ਸੇਵਾਵਾਂ ਚਲਾਈਆਂ ਜਾ ਰਹੀਆਂ ਹਨ। ਹੁਣ ਸੇਵਾ ਦੇ ਇਸ ਦਾਇਰੇ ਨੂੰ ਹੋਰ ਵਧਾਉਂਦਿਆਂ ਗੁਰਦੁਆਰਾ ਸਾਹਿਬ ਦੇ ਕੰਪਲੈਕਸ ਵਿੱਚ ਕੈਂਸਰ ਸੈਂਟਰ ਅਤੇ ਪੈਥੋਲੋਜੀ ਲੈਬ ਦੀ ਸ਼ੁਰੂਆਤ ਕੀਤੀ ਗਈ ਹੈ, ਜਿੱਥੇ ਹੋਰ ਲੈਬਾਂ ਦੇ ਮੁਕਾਬਲੇ ਕਾਫ਼ੀ ਕਿਫਾਇਤੀ ਦਰਾਂ 'ਤੇ ਟੈਸਟ ਕੀਤੇ ਜਾਣਗੇ। ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਬਲਜੀਤ ਸਿੰਘ ਮਰਵਾਹ ਨੇ ਦੱਸਿਆ ਕਿ ਕਰੀਬ ਅੱਠ ਸਾਲ ਪਹਿਲਾਂ ਦੁਬਈ ਨਿਵਾਸੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸੰਸਥਾਪਕ ਡਾ. ਐੱਸ. ਪੀ. ਸਿੰਘ ਓਬਰਾਏ ਦੇ ਸਹਿਯੋਗ ਨਾਲ ਇੱਥੇ ਡਾਇਲਿਸਿਸ ਸੈਂਟਰ ਦੀ ਸ਼ੁਰੂਆਤ ਕੀਤੀ ਗਈ ਸੀ। ਮੌਜੂਦਾ ਸਮੇਂ ਵਿੱਚ ਇਸ ਸੈਂਟਰ ਵਿੱਚ ਹਰ ਮਹੀਨੇ ਕਰੀਬ 200 ਮਰੀਜ਼ਾਂ ਦਾ ਮੁਫ਼ਤ ਡਾਇਲਿਸਿਸ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸੇ ਸੇਵਾ ਨੂੰ ਅੱਗੇ ਵਧਾਉਂਦਿਆਂ ਗੁਰਦੁਆਰਾ ਕਮੇਟੀ ਵੱਲੋਂ ਕੰਪਲੈਕਸ ਵਿੱਚ ਕੈਂਸਰ ਸੈਂਟਰ ਖੋਲ੍ਹਿਆ ਗਿਆ ਹੈ, ਜਿਸ ਦਾ ਉਦਘਾਟਨ ਡਾ. ਐੱਸ. ਪੀ. ਸਿੰਘ ਓਬਰਾਏ ਵੱਲੋਂ ਕੀਤਾ ਗਿਆ। ਇਸ ਸੈਂਟਰ ਦੇ ਸ਼ੁਰੂ ਹੋਣ ਨਾਲ ਲੋੜਵੰਦ ਮਰੀਜ਼ਾਂ ਨੂੰ ਇਲਾਜ ਅਤੇ ਜ਼ਰੂਰੀ ਮੈਡੀਕਲ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣਗੀਆਂ। ਗੁਰਦੁਆਰਾ ਸਾਹਿਬ ਵਿੱਚ ਸਿਹਤ ਸੇਵਾਵਾਂ ਦੇ ਨਾਲ-ਨਾਲ ਸਿੱਖਿਆ ਦੇ ਖੇਤਰ ਵਿੱਚ ਵੀ ਕਈ ਲੋਕ-ਭਲਾਈ ਸੇਵਾਵਾਂ ਚਲਾਈਆਂ ਜਾ ਰਹੀਆਂ ਹਨ। ਕਮੇਟੀ ਦਾ ਉਦੇਸ਼ ਲੋੜਵੰਦ ਪਰਿਵਾਰਾਂ ਨੂੰ ਸਿਹਤ ਅਤੇ ਸਿੱਖਿਆ ਦੋਵਾਂ ਖੇਤਰਾਂ ਵਿੱਚ ਵੱਧ ਤੋਂ ਵੱਧ ਸਹਾਇਤਾ ਮੁਹੱਈਆ ਕਰਵਾਉਣਾ ਹੈ। ਸੈਨਿਕ ਵਿਹਾਰ ਗੁਰਦੁਆਰਾ ਸਾਹਿਬ ਦੀਆਂ ਇਹ ਪਹਿਲਕਦਮੀਆਂ 'ਸਰਬੱਤ ਦੇ ਭਲੇ' ਅਤੇ ਨਿਸ਼ਕਾਮ ਸੇਵਾ ਦੀ ਸਿੱਖ ਪਰੰਪਰਾ ਨੂੰ ਅੱਗੇ ਵਧਾਉਂਦਿਆਂ ਸਮਾਜ ਦੇ ਲੋੜਵੰਦ ਵਰਗ ਲਈ ਵੱਡਾ ਸਹਾਰਾ ਬਣ ਰਹੀਆਂ ਹਨ।

# ਗੱਗੜਭਾਣਾ ਸਹਿਕਾਰੀ ਸਭਾ ਦੇ ਨਵੇਂ ਚੁਣੇ ਮੈਂਬਰਾਂ ਨੂੰ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕੀਤਾ ਸਨਮਾਨਿਤ



**ਜੰਡਿਆਲਾ ਗੁਰੂ 20 ਅਗਸਤ (ਕੁਲਵੰਤ ਸਿੰਘ ਵਿਰਦੀ )** — ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਗੱਗੜਭਾਣਾ ਦੀ ਸਹਿਕਾਰੀ ਸਭਾ ਦੀ ਹੋਈ ਚੋਣ ਦੌਰਾਨ ਗੱਗੜਭਾਣਾ ਅਤੇ ਪਿੰਡ ਪੱਲ੍ਹਾ ਤੋਂ ਨਵੇਂ ਚੁਣੇ ਗਏ ਮੈਂਬਰਾਂ ਨੂੰ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਸਨਮਾਨਿਤ ਕਰਦਿਆਂ ਦਿਲੋਂ ਵਧਾਈ ਦਿੱਤੀ ਗਈ।ਇਸ ਮੌਕੇ ਗੱਗੜਭਾਣਾ ਤੋਂ ਚੁਣੇ ਗਏ ਮੈਂਬਰ ਸੁਖਦੇਵ ਸਿੰਘ ਸਪੁੱਤਰ ਨਿਰੰਜਨ ਸਿੰਘ, ਅਜੀਤ ਸਿੰਘ ਸਪੁੱਤਰ ਲਸ਼ਮਣ ਸਿੰਘ, ਜਗਤਾਰ ਸਿੰਘ ਸਪੁੱਤਰ ਸ਼ਿਵ ਸਿੰਘ, ਹਰਜਿੰਦਰ ਸਿੰਘ ਸਪੁੱਤਰ ਜੰਗਬਹਾਦਰ ਸਿੰਘ, ਜਸਬੀਰ ਕੌਰ ਪਤਨੀ ਮੰਗਲ ਸਿੰਘ, ਨਰਿੰਦਰ ਸਿੰਘ ਸਪੁੱਤਰ ਜਗੀਰ ਸਿੰਘ, ਸ਼ਿੰਗਾਰਾ ਸਿੰਘ ਸਪੁੱਤਰ ਦਲੀਪ ਸਿੰਘ ਅਤੇ ਗੁਰਮੇਜ ਸਿੰਘ ਸਪੁੱਤਰ ਹਰਬੰਸ ਸਿੰਘ ਅਤੇ ਪਿੰਡ ਪੱਲ੍ਹਾ ਤੋਂ ਬਖਸ਼ੀਸ਼ ਸਿੰਘ ਸਪੁੱਤਰ ਵਸਣ ਸਿੰਘ, ਰਾਜਵਿੰਦਰ ਸਿੰਘ ਸਪੁੱਤਰ ਅਜਾਇਬ ਸਿੰਘ ਅਤੇ ਅਮਰਜੀਤ ਕੌਰ ਪਤਨੀ ਜਸਬੀਰ ਸਿੰਘ ਨੂੰ ਮੰਤਰੀ ਜੀ ਵੱਲੋਂ ਸਨਮਾਨਿਤ ਕੀਤਾ ਗਿਆ।ਨਵੇਂ ਚੁਣੇ ਗਏ ਮੈਂਬਰਾਂ ਨੂੰ ਵਧਾਈ ਦਿੰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਸਾਰੇ ਨਵੇਂ ਚੁਣੇ ਮੈਂਬਰ ਸਹਿਕਾਰੀ ਸਭਾ ਦੀ ਜ਼ਿੰਮੇਵਾਰੀ ਮਿਲਣ ਉਪਰੰਤ ਪੂਰੀ ਇਮਾਨਦਾਰੀ, ਤਨਦੇਹੀ ਅਤੇ ਸਮਰਪਣ ਨਾਲ ਪਿੰਡ ਦੀ ਬਿਹਤਰੀ ਅਤੇ ਲੋਕਾਂ ਦੀ ਭਲਾਈ ਲਈ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਸਹਿਕਾਰੀ ਸੰਸਥਾਵਾਂ ਪਿੰਡਾਂ ਦੇ ਆਰਥਿਕ ਅਤੇ ਸਮਾਜਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ ਅਤੇ ਨਵੇਂ ਚੁਣੇ ਮੈਂਬਰਾਂ ਨੂੰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਸਹਿਕਾਰੀ ਸਭਾ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕਰਨੇ ਚਾਹੀਦੇ ਹਨ। ਲੋਕ ਨਿਰਮਾਣ ਮੰਤਰੀ ਨੇ ਨਵੇਂ ਚੁਣੇ ਮੈਂਬਰਾਂ ਨੂੰ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਵਿਸ਼ਵਾਸ ਪ੍ਰਗਟ ਕੀਤਾ ਕਿ ਉਹ ਪਿੰਡ ਵਾਸੀਆਂ ਦੇ ਹਿੱਤਾਂ ਨੂੰ ਪਹਿਲ ਦਿੰਦਿਆਂ ਸਹਿਕਾਰੀ ਸਭਾ ਦੇ ਕੰਮਕਾਜ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਚਲਾਉਣ ਵਿੱਚ ਆਪਣਾ ਯੋਗਦਾਨ ਪਾਉਣਗੇ।

# ਪਵਨ ਸੇਵਾ ਸੰਮਤੀ ਸਕੂਲ ਵਿਖੇ ਸ੍ਰੀ ਸਤਿਆ ਸਾਈ ਸੇਵਾ ਸੰਗਠਨ ਵੱਲੋਂ ਲਗਾਏ ਗਏ ਬੂਟੇ

ਬਰਨਾਲਾ, 20 ਅਗਸਤ (ਆਵਾਜ਼ਿ ਕੌਮ ਬਿਊਰੋ)- ਸਕੂਲ ਫਾਰ ਡਿਫਰੈਂਟਲੀ ਏਬਲਡ ਚਿਲਡਰਨ ਵਿਖੇ ਸ੍ਰੀ ਸੱਤਿਆ ਸਾਈ ਸੇਵਾ ਸੰਗਠਨ ਬਰਨਾਲਾ ਵੱਲੋਂ 21 ਬੂਟੇ ਲਗਾਏ ਗਏ। ਸੰਗਠਨ ਦੇ ਜਿਲ੍ਹਾ ਪ੍ਰਧਾਨ ਸੀ ਵੀ ਜੀਂਦਲ ਨੇ ਦੱਸਿਆ ਕਿ ਸੰਗਠਨ ਵੱਲੋਂ ਪੂਰੇ ਪੰਜਾਬ ਵਿੱਚ ਬੂਟੇ ਲਗਾਉਣ ਦਾ ਮਿਸ਼ਨ ਮਿਥਿਆ ਗਿਆ ਹੈ। ਸਕੂਲ ਮੈਨੇਜਮੈਂਟ ਕਮੇਟੀ ਦੇ ਪ੍ਰਧਾਨ ਪ੍ਰਵੀਨ ਕੁਮਾਰ ਬੈਂਕ ਵਾਲਿਆਂ ਨੇ ਸ੍ਰੀ ਸੱਤਿਆ ਸਾਈ ਸੇਵਾ ਸੰਗਠਨ ਦਾ ਇਹ ਬੂਟੇ ਲਾਉਣ ਤੇ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਬੂਟੇ ਲਗਾਉਣ ਸਮੇਂ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਸੀ ਬੀ ਜਿੰਦਲ, ਕਨਵੀਨਰ ਮਾਸਟਰ ਦਰਸ਼ਨ ਕੁਮਾਰ, ਸੰਗੀਤ ਸ਼ਰਮਾ, ਜੋਗਿੰਦਰ ਕੁਮਾਰ ਵਿਪਨ ਕੁਮਾਰ ਸੁਭਾਸ਼ ਚੰਦਰ, ਹਰਸ਼ ਰਾਣੀ, ਕਨਿਕਾ, ਜੋਤੀ, ਸ਼ਸ਼ੀ ਬਾਲਾ ਤੋਂ ਇਲਾਵਾ ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਰਾਜੇਸ਼ ਕਾਂ, ਪ੍ਰਧਾਨ ਪ੍ਰਵੀਨ ਕੁਮਾਰ ਬੈਂਕ ਵਾਲੇ, ਜਨਰਲ ਸਕੱਤਰ ਵਰੁਣ ਬੱਤਾ, ਕੈਸ਼ਅਰ ਸੁਭਾਸ਼ ਗਰਗ, ਜੋਇੰਟ ਸਕੱਤਰ ਰਜਿੰਦਰ ਪ੍ਰਸਾਦ ਸਿੰਗਲਾ, ਹਿਮਾਂਸ਼ੂ ਕਾਂਸਲ, ਸੰਦੀਪ ਮੋਦੀ, ਸਕੂਲ ਪ੍ਰਿੰਸੀਪਲ ਮੈਡਮ ਦੀਪਤੀ ਸ਼ਰਮਾ ਜੀ ਨੇ ਸੇਵਾ ਸੰਗਠਨ ਦੇ ਸਮੂਹ ਮੈਂਬਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

### ਗੁਰਦੁਆਰਾ ਜੋਤੀਸਰ ਵਿਖੇ ਸੰਤ ਬਾਬਾ ਕਾਲਾ ਸਿੰਘ ਸੰਤ ਬਾਬਾ ਤੇਜਾ ਸਿੰਘ ਜੀ ਦੀ

# ਸਲਾਨਾ ਬਰਸੀ ਸ਼ਰਧਾ ਭਾਵਨਾ ਨਾਲ ਮਨਾਈ ਗਈ



**ਜੰਡਿਆਲਾ ਗੁਰੂ, 20 ਅਗਸਤ ( ਕੁਲਵੰਤ ਸਿੰਘ ਵਿਰਦੀ )**-ਅੱਜ ਬ੍ਰਹਮ ਗਿਆਨੀ ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਵਾਲਿਆਂ ਤੋਂ ਵਰਸੋਏ ਸਚਖੰਡਵਾਸੀ ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ ਯਾਦ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਜੋਤੀਸਰ ਕਲੋਨੀ ਦੀਆਂ ਸੰਗਤਾਂ, ਇਲਾਕਾ ਨਿਵਾਸੀ ਅਤੇ ਦੇਸ਼ ਵਿਦੇਸ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸਰਧਾ ਭਾਵਨਾ ਤੇ ਪਿਆਰ ਨਾਲ ਗੁਰਮਤਿ ਸਮਾਗਮ ਕਰਵਾਇਆ ਗਿਆ ! ਇਸ ਸਮਾਗਮ ਨੂੰ ਸਮਰਪਿਤ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਗੁਰੂ ਘਰ ਦੇ ਕੀਰਤਨੀਏ ਰਾਗੀ ਜਥਾ ਭਾਈ ਸਤਨਾਮ ਸਿੰਘ ਬਹਿਲਾ ਤਰਸਿੱਕੇ ਵਾਲਿਆਂ ਵੱਲੋਂ ਜਥੇ ਸਮੇਤ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦਾ ਹਰਜੱਸ ਕੀਰਤਨ ਸਰਵਣ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਸ੍ਰੋਮਣੀ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਸੰਗਤਾਂ ਨਾਲ ਕਥਾ ਵਿਚਾਰਾਂ ਰਾਹੀਂ ਸਾਂਝ ਪਾਉਂਦਿਆਂ ਹੋਇਆਂ ਸੰਤਾਂ ਮਹਾਂਪੁਰਖਾਂ ਦੇ ਜੀਵਨ ਤੇ ਚਾਨਣਾ ਪਾਉਦਿਆਂ ਬਾਣੀ ਬਾਣੇ ਦੇ ਧਾਰਨੀ ਹੋ ਕਿ ਸੰਗਤਾਂ ਕਰਕੇ ਨਾਮ ਬਾਣੀ ਨਾਲ ਜੁੜਕੇ ਗੁਰੂ ਸਾਹਿਬ ਜੀ ਦੀਆਂ ਖੁਸੀਆਂ ਕਰਨ ਲਈ ਪ੍ਰੇਰਿਤ ਕੀਤਾ ਅਤੇ ਆਖਿਰ ਵਿੱਚ ਕਵੀਸ਼ਰੀ ਜਥੇ ਵੱਲੋਂ ਵਾਰਾਂ ਗਾਇਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਸਮਾਪਤੀ ਮੌਕੇ ਸੰਤਾਂ ਦੀ ਬਰਸੀ ਨੂੰ ਸਮਰਪਿਤ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ !ਅਰਦਾਸ ਤੋਂ ਉਪਰੰਤ ਗੁਰੂ ਸਾਹਿਬ ਜੀ ਦਾ ਪਾਵਨ ਹੁਕਮਨਾਮਾ ਸਰਵਨ ਕੀਤਾ ਗਿਆ ਅਤੇ ਉਪਰੰਤ ਸੰਗਤਾਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ ਅਤੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਸੰਤ ਬਾਬਾ ਤੇਜਾ ਸਿੰਘ ਜੀ ਸੰਤ ਬਾਬਾ ਕਾਲਾ ਸਿੰਘ ਜੀ ਦੇ ਪ੍ਰੀਵਾਰ ਦੇ ਸਬੰਧੀਆਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਪਾ ਕਿ ਸਨਮਾਨ ਦਿੱਤਾ ਗਿਆ ਅਤੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਸੰਗਤਾਂ ਨੂੰ ਜੀ ਆਇਆਂ ਆਖਿਆ ਤੇ ਧੰਨਵਾਦ ਕੀਤਾ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਬ੍ਰਹਮ ਗਿਆਨੀ ਦੀ ਅਵਸਥਾ ਪ੍ਰਾਪਤ ਉਨਾਂ ਜੀਵਾਂ ਦੀ ਹੁੰਦੀ ਜਿਹੜੇ ਪਿਆਰੇ ਆਪਣੇ ਜੀਵਨ ਦੇ ਪਲਾਂ ਨੂੰ ਪ੍ਰਮਾਤਮਾ ਦੇ ਰੰਗ ਵਿੱਚ ਰੰਗਦੇ ਹਨ ਅਤੇ ਉਸ ਜੀਵ ਨੂੰ ਹਰ ਸਮੇਂ ਮਨ ਬਿਰਤੀ ਰਾਹੀਂ ਗੁਰਬਾਣੀ ਨਾਲ ਜੋੜਨਾ ਪੈਂਦਾ ਹੈ ਅਤੇ ਬ੍ਰਹਮ ਗਿਆਨੀ ਦੀ ਅਵਸਥਾ ਪ੍ਰਾਪਤ ਹੋਣ ਤੇ ਸੰਸਾਰ ਦੇ ਜੀਵ ਗੁਰਬਾਣੀ ਨਾਲ ਜੋੜ ਕਿ ਉਨਾਂ ਜੀਵਾਂ ਦਾ ਭਲਾ ਕਰਦੇ ਹਨ । ਇਸ ਮੌਕੇ ਆਈਆਂ ਸੰਗਤਾਂ ਨੂੰ ਵੱਖ ਵੱਖ ਪਦਾਰਥਾਂ ਦੇ ਅਤੁੱਟ ਲੰਗਰ ਛਕਾਏ ਗਏ ਇਸ ਮੌਕੇ ਤੇ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਪੰਜਾਬ ਪ੍ਰਧਾਨ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਜਿਲਾ ਫਿਰੋਜਪੁਰ ਕੋਰ ਕਮੇਟੀ ਮੈਂਬਰ, ਅਕਾਲੀ ਦਲ ਵਾਰਿਸ ਪੰਜਾਬ ਦੇ ਜੰਡਿਆਲਾ ਗੁਰੂ ਤੈ ਬਿਕਰਮਜੀਤ ਸਿੰਘ ਕੋਟਲਾ ਡਾ ਦਲਬੀਰ ਸਿੰਘ ਵੇਰਕਾ, ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੋਸਾਇਟੀ ਪ੍ਰਧਾਨ ਸਾਹਿਬ ਸਿੰਘ ਸੰਧੂ ,ਕਾਂਗਰਸ ਪਾਰਟੀ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਆਪਣੇ ਵਰਕਰਾਂ ਸਮੇਤ ਸੰਗਤਾਂ ਦੇ ਦਰਸ਼ਨ ਕੀਤੇ ਅਤੇ ਸਮਾਗਮ ਚ ਹਾਜਰੀ ਭਰੀ।

**ਬ੍ਰਹਮ ਗਿਆਨੀ ਦੀ ਅਵਸਥਾ ਪ੍ਰਾਪਤ ਉਨਾਂ ਜੀਵਾਂ ਦੀ ਹੁੰਦੀ ਜੋ ਆਪਣੇ ਜੀਵਨ ਦੇ ਪਲਾਂ ਨੂੰ ਪ੍ਰਮਾਤਮਾ ਦੇ ਰੰਗ ਵਿੱਚ ਰੰਗਦੇ ਹਨ-ਬਾਬਾ ਸੁੱਖਾ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

### ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਅਤੇ ਸਿੱਖਿਆਵਾਂ ’ਤੇ ਆਧਾਰਿਤ

# ਦਸਤਾਵੇਜ਼ੀ ਫਿਲਮ ਪਿੰਡਾਂ ਵਿੱਚ ਬਣ ਰਹੀ ਪ੍ਰੇਰਨਾ ਦਾ ਸਰੋਤ



**ਡਾਕੂਮੈਂਟਰੀ ਵੈਨ ਰਾਹੀਂ ਜੰਡਿਆਲਾ ਗੁਰੂ, ਮਜੀਠਾ ਅਤੇ ਬਾਬਾ ਬਕਾਲਾ ਸਾਹਿਬ ਹਲਕਿਆਂ ਦੇ ਪਿੰਡਾਂ ਵਿੱਚ ਦਿਖਾਈ ਗਈ ਦਸਤਾਵੇਜ਼ੀ ਫਿਲਮ**

ਜੰਡਿਆਲਾ ਗੁਰੂ , 20 ਅਗਸਤ ( ਕੁਲਵੰਤ ਸਿੰਘ ਵਿਰਦੀ ) – ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬਾ ਭਰ ਵਿੱਚ ਵੱਖ–ਵੱਖ ਧਾਰਮਿਕ ਅਤੇ ਸਮਾਜਿਕ ਕਰਵਾਏ ਜਾ ਰਹੇ ਹਨ। ਇਸੇ ਲੜੀ ਤਹਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਫਲਸਫੇ ਅਤੇ ਮਹਾਨ ਸਿੱਖਿਆਵਾਂ ’ਤੇ ਆਧਾਰਿਤ ਵਿਸ਼ੇਸ਼ ਦਸਤਾਵੇਜ਼ੀ ਫਿਲਮ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ–ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਿਖਾਈ ਜਾ ਰਹੀ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਬੀਤੀ ਸ਼ਾਮ ਡਾਕੂਮੈਂਟਰੀ ਫਿਲਮ ਦਿਖਾਉਣ ਵਾਲੀ ਵੈਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਭੱਟੀਕੇ, ਬੁੱਟਰ ਖੁਰਦ, ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਬੰਡਾਲਾ ਖੁਰਦ, ਬੰਡਾਲਾ ਕਲਾਂ, ਸਿੰਘਪੁਰਾ ਅਤੇ ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਡੱਡੀਆਂ, ਕਲੇਰ ਮਾਂਗਟ ਅਤੇ ਦਾਦੂਪੁਰਾ ਵਿਖੇ ਪਹੁੰਚੀ। ਇਨ੍ਹਾਂ ਪਿੰਡਾਂ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਦਸਤਾਵੇਜ਼ੀ ਫਿਲਮ ਦੇਖੀ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਨਤਾ, ਪ੍ਰਭੂ ਭਗਤੀ, ਮਨੁੱਖਤਾ, ਮਿਹਨਤ ਅਤੇ ਸਰਬ ਸਾਂਝੀਵਾਲਤਾ ਦੇ ਸੰਦੇਸ਼ ਤੋਂ ਪ੍ਰੇਰਨਾ ਹਾਸਲ ਕੀਤੀ।ਦਸਤਾਵੇਜ਼ੀ ਫਿਲਮ ਵਿੱਚ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਵਿਲੱਖਣ ਯੋਗਦਾਨ, ਮਨੁੱਖੀ ਕਦਰਾਂ–ਕੀਮਤਾਂ, ਸਮਾਜਿਕ ਬਰਾਬਰੀ, ਵਿਸ਼ਵ ਭਾਈਚਾਰੇ, ਸੇਵਾ ਭਾਵਨਾ ਅਤੇ ਕਿਰਤ ਦੀ ਮਹੱਤਤਾ ਨੂੰ ਪ੍ਰਭਾਵਸ਼ਾਲੀ ਅਤੇ ਸਰਲ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਜਿਸ ਨੇ ਦਰਸ਼ਕਾਂ ’ਤੇ ਡੂੰਘਾ ਪ੍ਰਭਾਵ ਛੱਡਿਆ।ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ ਨੂੰ ਆਮ ਲੋਕਾਂ, ਵਿਸ਼ੇਸ਼ ਕਰਕੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਉਣ ਲਈ ਡਾਕੂਮੈਂਟਰੀ ਫਿਲਮਾਂ ਦਾ ਪ੍ਰਦਰਸ਼ਨ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਨੌਜਵਾਨ ਆਪਣੇ ਮਹਾਨ ਗੁਰੂਆਂ ਦੇ ਜੀਵਨ, ਵਿਚਾਰਾਂ ਅਤੇ ਸਮਾਜਿਕ ਬਰਾਬਰੀ ਦੇ ਸੰਦੇਸ਼ ਨਾਲ ਹੋਰ ਨੇੜਿਓਂ ਜੁੜ ਸਕਣਗੇ ਅਤੇ ਸਮਾਜ ਵਿੱਚ ਆਪਸੀ ਭਾਈਚਾਰੇ ਅਤੇ ਸਦਭਾਵਨਾ ਨੂੰ ਵੀ ਹੋਰ ਮਜ਼ਬੂਤੀ ਮਿਲੇਗੀ।ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ, ਆਈ.ਏ.ਐੱਸ. ਨੇ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਨੂੰ ਘਰ–ਘਰ ਤੱਕ ਪਹੁੰਚਾਉਣਾ ਅਤੇ ਸਮਾਜ ਵਿੱਚ ਸਮਾਨਤਾ, ਭਾਈਚਾਰੇ, ਮਨੁੱਖਤਾ ਅਤੇ ਸਮਾਜਿਕ ਸਦਭਾਵਨਾ ਦੇ ਮੁੱਲਾਂ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਇਸ ਮੰਤਵ ਨੂੰ ਸਾਕਾਰ ਕਰਨ ਲਈ ਜ਼ਿਲ੍ਹੇ ਦੇ ਵੱਖ–ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਰਾਹੀਂ ਦਸਤਾਵੇਜ਼ੀ ਫਿਲਮ ਦਾ ਪ੍ਰਦਰਸ਼ਨ ਆਉਣ ਵਾਲੇ ਦਿਨਾਂ ਵਿੱਚ ਵੀ ਲਗਾਤਾਰ ਜਾਰੀ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਅੱਠਵੀਂ ਕਲਾਸ ਵਿੱਚ ਪੜ੍ਹਦਾ ਵਿਦਿਆਰਥੀ ਅਧਿਆਪਕ ਵੱਲੋਂ ਝਿੜਕਣ ਤੇ ਵਾਪਸ ਘਰ ਨਹੀਂ ਪਹੁੰਚਿਆ

## ਖਬਰ ਦੇ ਹੇਠਾਂ ਦਿੱਤੇ ਸੰਪਰਕ ਨੰਬਰ ਤੇ ਜਾਣਕਾਰੀ ਦਿੱਤੀ ਜਾਵੇ



ਜੰਡਿਆਲਾ ਗੁਰੂ 20 ਅਗਸਤ ( ਕੁਲਵੰਤ ਸਿੰਘ ਵਿਰਦੀ ) – ਜੰਡਿਆਲਾ ਗੁਰੂ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਲੜਕਿਆਂ ਵਿੱਚ ਪੜਦਾ ਤਰੁਣਦੀਪ ਸਿੰਘ ਪੁੱਤਰ ਸ੍ਰੀਮਤੀ ਗਨੀਤਾ ਦੇਵੀ ਕੱਲ ਦੁਪਹਿਰ ਤੋਂ ਲਾਪਤਾ ਦੱਸਿਆ ਜਾ ਰਿਹਾ ਹੈ ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦਮਨਦੀਪ ਸਿੰਘ ਗੁਰਮਤਿ ਸੰਗੀਤ ਅਕੈਡਮੀ ਨੇ ਦੱਸਿਆ ਕਿ ਤਰੁਣਦੀਪ ਸਿੰਘ ਜੋ ਚੰਡੀਗੜ੍ਹ ਦਾ ਨਿਵਾਸੀ ਹੈ ਅਤੇ ਸਾਡਾ ਰਿਸ਼ਤੇਦਾਰ ਹੈ ਇਥੇ ਜੰਡਿਆਲਾ ਗੁਰੂ ਸਾਡੇ ਕੋਲ ਹੀ ਰਹਿ ਰਿਹਾ ਹੈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿੱਚ ਅੱਠਵੀਂ ਕਲਾਸ ਵਿੱਚ ਪੜਦਾ ਹੈ ਉਹਨਾਂ ਨੇ ਦੱਸਿਆ ਕਿ ਕੱਲ ਸਕੂਲ ਤੋਂ ਅਧਿਆਪਕ ਦਾ ਮਿਲਣ ਲਈ ਫੋਨ ਆਇਆ ਤਾਂ ਮੇਰੀ ਪਤਨੀ ਸਕੂਲ ਗਈ ਉੱਥੇ ਅਧਿਆਪਕ ਨੇ ਦੱਸਿਆ ਕਿ ਤਰੁਣਦੀਪ ਸਿੰਘ ਸਕੂਲ ਵਿੱਚ ਬਹੁਤ ਸ਼ਰਾਰਤਾਂ ਕਰਦਾ ਹੈ ਅਤੇ ਸਕੂਲ ਦਾ ਕੰਮ ਵੀ ਨਹੀਂ ਕਰ ਰਿਹਾ। ਅਧਿਆਪਕ ਵੱਲੋਂ ਤਰੁਣਦੀਪ ਨੂੰ ਕੁਝ ਝਿੜਕਿਆ ਵੀ ਗਿਆ ।ਦਮਨਦੀਪ ਸਿੰਘ ਦੇ ਦੱਸਣ ਮੁਤਾਬਕ ਸ਼ਾਇਦ ਲੜਕੇ ਨੇ ਇਸ ਗੱਲ ਦਾ ਗੁੱਸਾ ਕਰ ਲਿਆ ਅਤੇ ਛੁੱਟੀ ਹੋਣ ਤੋਂ ਬਾਅਦ ਘਰ ਵਾਪਸ ਨਹੀਂ ਆਇਆ ।ਲੜਕਾ ਗੁਰਮਤਿ ਸੰਗੀਤ ਅਕੈਡਮੀ ਵਿੱਚ ਸੰਗੀਤ ਵੀ ਸਿੱਖਦਾ ਹੈ ।ਉਹਨਾਂ ਨੇ ਦੱਸਿਆ ਕਿ ਦੇਰ ਰਾਤ ਤੱਕ ਅਸੀਂ ਆਲੇ ਦੁਆਲੇ ਗੁਰਦੁਆਰਾ ਸਾਹਿਬ ਅਤੇ ਦੋਸਤਾਂ ਕੋਲੋਂ ਪੁੱਛ ਪੜਤਾਲ ਕੀਤੀ ਪਰ ਅਜੇ ਤੱਕ ਸਾਡਾ ਲੜਕਾ ਨਹੀਂ ਮਿਲਿਆ ਉਹਨਾਂ ਨੇ ਇਲਾਕਾ ਨਿਵਾਸੀਆਂ ਅਤੇ ਹੋਰ ਆਲੇ ਦੁਆਲੇ ਦੇ ਲੋਕਾਂ ਨੂੰ ਬੇਨਤੀ ਕੀਤੀ ਕਿ ਅਗਰ ਕਿਸੇ ਨੂੰ ਇਸ ਬਾਰੇ ਜਾਣਕਾਰੀ ਮਿਲੇ ਤਾਂ ਉਹ ਮੋਬਾਇਲ ਨੰਬਰ **77194 78928** ਤੇ ਸੰਪਰਕ ਕਰੇ ।ਇਸ ਸਬੰਧੀ ਪੁਲਿਸ ਚੌਂਕੀ ਜੰਡਿਆਲਾ ਗੁਰੂ ਵੀ ਦਰਖਾਸਤ ਦੇ ਦਿੱਤੀ ਗਈ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV

# ਸੇਂਟ ਸੋਲਜਰ ਸਕੂਲ ਦੇ ਵਿਦਿਆਰਥੀਆਂ ਨੇ ਅਥਲੈਟਿਕਸ ਖੇਡਾਂ ਵਿੱਚ ਸ਼ਾਨਦਾਰ ਮੱਲਾਂ ਮਾਰੀਆਂ



ਜੰਡਿਆਲਾ ਗੁਰੂ 20 ਅਗਸਤ ( ਕੁਲਵੰਤ ਸਿੰਘ ਵਿਰਦੀ ) ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀਆਂ ਨੇ ਸੀਬੀਐਸਈ ਦੀਆਂ ਕਲਸਟਰ ਦੀਆਂ ਅਥਲੈਟਿਕਸ ਖੇਡਾਂ ਵਿੱਚ ਸ਼ਾਨਦਾਰ ਮੱਲਾਂ ਮਾਰੀਆਂ। ਸੀਬੀਐਸਈ ਦੀਆਂ ਕਲਸਟਰ ਅਥਲੈਟਿਕਸ ਦੀਆਂ ਖੇਡਾਂ ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵਿੱਚ ਹੋਈਆਂ ।ਜਿਨਾਂ ਵਿੱਚ 100 ਮੀਟਰ ਦੌੜ ਅੰਡਰ 17 ਕੈਟੇਗਰੀ ਵਿੱਚ ਕਮਲਪ੍ਰੀਤ ਕੌਰ ਨੇ ਤੀਸਰੀ ਪੁਜੀਸ਼ਨ ਹਾਸਿਲ ਕੀਤੀ। ਇਸੇ ਤਰਾਂ 200 ਮੀਟਰ ਅੰਡਰ 17 ਵਿੱਚ ਕਮਲਪ੍ਰੀਤ ਕੌਰ ਨੇ ਕਾਂਸੀ ਦਾ ਤਮਗਾ ਆਪਣੇ ਨਾਮ ਕੀਤਾ । ਟਰਿਪਲ ਜੰਪ ਅੰਡਰ 17 ਕੈਟੇਗਰੀ ਵਿੱਚ ਕੋਮਲਪ੍ਰੀਤ ਕੌਰ ਨੇ ਦੂਸਰੀ ਪੁਜੀਸ਼ਨ ਹਾਸਲ ਕਰਕੇ ਚਾਂਦੀ ਦਾ ਤਗਮਾ ਆਪਣੇ ਨਾਮ ਕੀਤਾ ਅਤੇ ਕੋਮਲਪ੍ਰੀਤ ਕੌਰ ਨੂੰ ਨੈਸ਼ਨਲ ਖੇਡਾਂ ਲਈ ਵੀ ਚੁਣਿਆ ਗਿਆ ।ਇਸੇ ਤਰ੍ਹਾਂ 1500 ਮੀਟਰ ਦੌੜ ਵਿੱਚ ਅੰਡਰ 19 ਕੈਟੇਗਰੀ ਵਿੱਚ ਪਰਨੀਤ ਕੌਰ ਨੇ ਤੀਸਰਾ ਸਥਾਨ ਹਾਸਿਲ ਕੀਤਾ। ਸਕੂਲ ਪਹੁੰਚਣ ਤੇ ਸਕੂਲ ਦੇ ਮੈਨੇਜਰ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਡਾਇਰੈਕਟਰ ਪ੍ਰਿੰਸੀਪਲ ਸ੍ਰੀਮਤੀ ਡਾ.ਅਮਰਪ੍ਰੀਤ ਕੌਰ ਜੀ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ ਅਤੇ ਅੱਗੇ ਤੋਂ ਹੋਰ ਸਖਤ ਮਿਹਨਤ ਕਰਨ ਲਈ ਪ੍ਰੇਰਿਆ .ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ ,ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ ਕੁਆਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।।

ਆਵਾਜ਼ਿ ਕੌਮ AWAZE QAUM International Newspaper & WEB TV

## ਸਿੱਧੀਆਂ ਤੇ ਠੋਕ-ਠੋਕ ਕੇ ਗੱਲ ਕਰਨ ਵਾਲਿਆਂ ਨੂੰ ਹੰਕਾਰੀ ਸਮਝਦੀ ਹੈ ਦੁਨੀਆਂ, ਪਰ ਅਸਲ ਵਿੱਚ ਇਹ ਜੀਵਨ ਦੇ ਕੌੜੇ ਸੱਚ ਦੀ ਸਮਝ ਦਾ ਹੀ ਇੱਕ ਵੱਖਰਾ ਰੁਤਬਾ ਹੈ

ਮਹਾਨ ਬੁੱਧੀਜੀਵੀ ਤੇ ਲੇਖਕਾਂ ਦੇ ਹਵਾਲੇ ਦੱਸਦੇ ਹਨ ਕਿ ਸੱਚੀ ਬੇਬਾਕੀ ਨੂੰ ਅਕਸਰ ਸਮਾਜ ਵੱਲੋਂ ਹੰਕਾਰ ਦਾ ਨਾਂ ਦੇ ਕੇ ਖਾਰਜ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਜਦੋਂ ਮਨੁੱਖ ਚਲਾਕੀਆਂ, ਮੁਲਾਹਜ਼ਿਆਂ ਅਤੇ ਦਿਖਾਵੇ ਦੀ ਦੁਨੀਆਂ ਤੋਂ ਉੱਪਰ ਉੱਠ ਕੇ ਸਿੱਧੀ ਤੇ ਠੋਕ–ਠੋਕ ਕੇ ਗੱਲ ਕਰਨ ਲੱਗ ਪੈਂਦਾ ਹੈ, ਤਾਂ ਦੁਨੀਆਂ ਅਕਸਰ ਉਸ ਨੂੰ “ਹੰਕਾਰੀ” ਦਾ ਲੇਬਲ ਲਗਾ ਦਿੰਦੀ ਹੈ। ਪਰ ਅਸਲ ਵਿੱਚ ਇਹ ਹੰਕਾਰ ਨਹੀਂ, ਸਗੋਂ ਜੀਵਨ ਦੇ ਕੌੜੇ ਸੱਚ ਦੀ ਸਮਝ ਅਤੇ ਮਾਨਸਿਕ ਆਜ਼ਾਦੀ ਦਾ ਉਹ ’ਰੁਤਬਾ’ ਹੈ, ਜੋ ਹਰ ਕਿਸੇ ਦੇ ਹਿੱਸੇ ਨਹੀਂ ਆਉਂਦਾ। ਜਦੋਂ ਬੰਦੇ ਨੂੰ ਦੁਨੀਆਂਦਾਰੀ ਦੇ ਝੂਠੇ ਮੁਖੌਟਿਆਂ ਦੀ ਸਮਝ ਆ ਜਾਂਦੀ ਹੈ, ਤਾਂ ਉਹ ਸਮੇਂ ਅਤੇ ਸ਼ਬਦਾਂ ਦੀ ਫਜ਼ੂਲ ਖਰਚੀ ਕਰਨਾ ਛੱਡ ਦਿੰਦਾ ਹੈ। ਜਰਮਨ ਲੇਖਕ ਫਰੈਡਰਿਕ ਨੀਚੇ ਨੇ ਆਪਣੀ ਚਰਚਿਤ ਕਿਤਾਬ “hus Spoke Zarathustra ਵਿੱਚ ਲਿਖਿਆ ਹੈ ਕਿ ਜਦੋਂ ਕੋਈ ਵਿਅਕਤੀ ਆਮ ਭੀੜ ਤੋਂ ਵੱਖਰਾ ਹੋ ਕੇ ਆਪਣੇ ਅੰਦਰਲੇ ਸੱਚ ਨੂੰ ਪਛਾਣ ਲੈਂਦਾ ਹੈ, ਤਾਂ ਭੀੜ ਉਸ ਨੂੰ ਅਹੰਕਾਰੀ ਸਮਝਣ ਲੱਗਦੀ ਹੈ। ਨੀਚੇ ਅਨੁਸਾਰ, ਉੱਚੀ ਉਡਾਰੀ ਮਾਰਨ ਵਾਲੇ ਪੰਛੀ ਨੂੰ ਹਮੇਸ਼ਾ ਉੱਡਣਾ ਨਾ ਜਾਣਨ ਵਾਲਿਆਂ ਵੱਲੋਂ ਅਹੰਕਾਰੀ ਜਾਂ ਪਾਗਲ ਹੀ ਸਮਝਿਆ ਜਾਂਦਾ ਹੈ। ਬਰਟਰੈਂਡ ਰਸਲ ਨੇ ਆਪਣੇ ਲੇਖਾਂ ਵਿੱਚ ਲਿਖਿਆ ਹੈ ਕਿ ਦੁਨੀਆਂ ਦਾ ਸਭ ਤੋਂ ਵੱਡਾ ਦੁਖਾਂਤ ਇਹ ਹੈ ਕਿ ਸਮਝਦਾਰ ਅਤੇ ਸੱਚੇ ਲੋਕ ਸਿੱਧੇ ਅਤੇ ਬੇਬਾਕ ਹੋ ਜਾਂਦੇ ਹਨ, ਜਦੋਂ ਕਿ ਮੂਰਖ ਝੂਠੇ ਆਤਮ–ਵਿਸ਼ਵਾਸ ਨਾਲ ਭਰੇ ਹੁੰਦੇ ਹਨ। ਜਦੋਂ ਇੱਕ ਸਮਝਦਾਰ ਵਿਅਕਤੀ ਸੱਚ ਨੂੰ ਬਿਨਾਂ ਡਰ ਤੋਂ ਪ੍ਰਗਟ ਕਰਦਾ ਹੈ, ਤਾਂ ਸਮਾਜ ਉਸ ਦੇ ਸਪੱਸ਼ਟਵਾਦ ਨੂੰ ਹੰਕਾਰ ਦਾ ਨਾਂ ਦੇ ਦਿੰਦਾ ਹੈ। ਯੂਨਾਨੀ ਲੇਖਕ ਸੁਕਰਾਤ ਦਾ ਮੰਨਣਾ ਸੀ ਕਿ ਸੱਚ ਬੋਲਣ ਵਾਲਾ ਵਿਅਕਤੀ ਸਮਾਜ ਲਈ ਅਕਸਰ ਕੌੜਾ ਹੁੰਦਾ ਹੈ। ਜਦੋਂ ਕੋਈ ਵਿਅਕਤੀ ਝੂਠੇ ਸਮਾਜਿਕ ਦਸਤੂਰਾਂ ਨੂੰ ਨਕਾਰ ਕੇ ਸਿੱਧੀ ਗੱਲ ਕਰਦਾ ਹੈ, ਤਾਂ ਲੋਕ ਆਪਣੀ ਕਮਜ਼ੋਰੀ ਛੁਪਾਉਣ ਲਈ ਉਸ ’ਤੇ ਬਦਤਮੀਜ਼ ਜਾਂ ਹੰਕਾਰੀ ਹੋਣ ਦਾ ਦੋਸ਼ ਲਗਾਉਂਦੇ ਹਨ। ਪੰਜਾਬੀ ਕਵੀ ਪਾਸ਼ ਦੀਆਂ ਕਵਿਤਾਵਾਂ ਵਿੱਚ ਵੀ ਇਹ ਬੇਬਾਕੀ ਸਪਸ਼ਟ ਦਿਸਦੀ ਹੈ। ਉਨ੍ਹਾਂ ਦੀ ਲੇਖਣੀ ਅਨੁਸਾਰ ਚੁੱਪ ਰਹਿ ਕੇ ਸਮਝੌਤਾ ਕਰਨਾ ਜ਼ਿੰਦਗੀ ਨਹੀਂ, ਸਗੋਂ ਆਪਣੇ ਰੁਤਬੇ ਅਤੇ ਬੇਬਾਕ ਸੱਚ ਨਾਲ ਖੜ੍ਹਨਾ ਹੀ ਅਸਲ ਜੀਵਨ ਹੈ। ਦੁਨੀਆਂ ਅਕਸਰ “ਜੀ–ਹੁਜ਼ੂਰੀ” ਨੂੰ ਨਿਮਰਤਾ ਅਤੇ “ਸੱਚ” ਨੂੰ ਹੰਕਾਰ ਸਮਝਣ ਦੀ ਭੁਲੇਖੇ ਵਿੱਚ ਰਹਿੰਦੀ ਹੈ। ਪਰ ਜਦੋਂ ਮਨੁੱਖ ਨੂੰ ਦੁਨੀਆਂਦਾਰੀ ਦਾ ਅਸਲ ਗਿਆਨ ਹੋ ਜਾਂਦਾ ਹੈ, ਤਾਂ ਉਹ ਲੋਕਾਂ ਦੇ ਦਿੱਤੇ ਲੇਬਲਾਂ ਦੀ ਪ੍ਰਵਾਹ ਕਰਨੀ ਛੱਡ ਦਿੰਦਾ ਹੈ। ਇਹ ਸਿੱਧਾਪਣ ਹੰਕਾਰ ਨਹੀਂ, ਸਗੋਂ ਆਪਣੇ ਵਿਚਾਰਾਂ ਦੀ ਸੱਚਾਈ ਅਤੇ ਅੰਦਰੂਨੀ ਰੁਤਬੇ ਦੀ ਪਛਾਣ ਹੈ।

**-ਪਰਗਟ ਸਿੰਘ ਬਲਬੇੜਾ, 9022000070**

ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 'ਸਾਚਾ ਗੁਰ ਲਾਧੋ ਰੇ' ਦਿਵਸ ਮੌਕੇ ਬਾਬਾ ਬਕਾਲਾ ਸਾਹਿਬ ਵਿਖੇ

# ਕਾਨਫਰੰਸ ਦੀਆਂ ਤਿਆਰੀਆਂ ਲਈ ਮਾਝਾ ਜੋਨ ਦੀ ਅਹਿਮ ਮੀਟਿੰਗ



**ਅੰਮ੍ਰਿਤਸਰ 20 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ 'ਸਾਚਾ ਗੁਰ ਲਾਧੋ ਰੇ' ਦੇ ਪਵਿੱਤਰ ਦਿਹਾੜੇ ਮੌਕੇ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਕਰਵਾਈ ਜਾ ਰਹੀ 'ਪੰਥ ਬਚਾਓ ਪੰਜਾਬ ਬਚਾਓ' ਕਾਨਫਰੰਸ ਦੀਆਂ ਤਿਆਰੀਆਂ ਸਬੰਧੀ ਮਾਝਾ ਜੋਨ ਦੇ ਹਲਕਾ ਇੰਚਾਰਜਾਂ, ਜ਼ਿਲ੍ਹਾ ਪ੍ਰਧਾਨਾਂ, ਆਗੂਆਂ ਅਤੇ ਵਰਕਰਾਂ ਦੀ ਅਹਿਮ ਮੀਟਿੰਗ ਗੁਰਦੁਆਰਾ ਸ੍ਰੀ ਬਾਬਾ ਕਾਲੇ ਮਹਿਰ ਸਾਹਿਬ, ਜੱਲੂਪੁਰ ਖੇੜਾ ਵਿਖੇ ਹੋਈ। ਮੀਟਿੰਗ ਦੀ ਅਗਵਾਈ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕੀਤੀ। ਮੀਟਿੰਗ ਦੌਰਾਨ ਕਾਨਫਰੰਸ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਸਬੰਧੀ ਵਿਚਾਰ-ਵਟਾਂਦਰਾ ਕਰਦਿਆਂ ਵੱਖ-ਵੱਖ ਹਲਕਿਆਂ ਵਿੱਚ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਆਗੂਆਂ ਤੇ ਵਰਕਰਾਂ ਨੂੰ ਵੱਧ ਤੋਂ ਵੱਧ ਸੰਗਤ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ। ਇਸ ਮੌਕੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਮੀਟਿੰਗ ਕੁਝ ਹੀ ਸਮੇਂ ਵਿੱਚ ਇੱਕ ਵਿਸ਼ਾਲ ਇਕੱਠ ਦਾ ਰੂਪ ਧਾਰ ਗਈ। ਬਾਪੂ ਤਰਸੇਮ ਸਿੰਘ ਜੀ ਨੇ ਕਿਹਾ ਕਿ 'ਪੰਥ ਬਚਾਓ ਪੰਜਾਬ ਬਚਾਓ' ਕਾਨਫਰੰਸ ਪੰਥ ਅਤੇ ਪੰਜਾਬ ਦੇ ਹੱਕਾਂ ਨਾਲ ਜੁੜੇ ਅਹਿਮ ਮਸਲਿਆਂ ਨੂੰ ਉਠਾਉਣ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਇੱਕ ਮਹੱਤਵਪੂਰਨ ਮੰਚ ਹੋਵੇਗੀ। ਉਨ੍ਹਾਂ ਸਮੂਹ ਆਗੂਆਂ ਅਤੇ ਵਰਕਰਾਂ ਨੂੰ ਪੂਰੇ ਜੋਸ਼ ਨਾਲ ਤਿਆਰੀਆਂ ਵਿੱਚ ਜੁਟਣ ਅਤੇ 28 ਅਗਸਤ ਨੂੰ ਬਾਬਾ ਬਕਾਲਾ ਸਾਹਿਬ ਵਿਖੇ ਵੱਧ ਤੋਂ ਵੱਧ ਸੰਗਤ ਦੀ ਸ਼ਮੂਲੀਅਤ ਯਕੀਨੀ ਬਣਾਉਣ ਦੀ ਅਪੀਲ ਕੀਤੀ। ਇਸ ਮੌਕੇ ਸੀਨੀਅਰ ਲੀਡਰਸ਼ਿਪ ਅਤੇ ਮੁੱਖ ਆਗੂ ਸਾਹਿਬਾਨ ਵਿੱਚੋਂ ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਚਾਚਾ ਸੁਖਚੈਨ ਸਿੰਘ, ਸ੍ਰ. ਪ੍ਰਗਟ ਸਿੰਘ ਸੰਧੂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਸੁਖਦੇਵ ਸਿੰਘ ਕਾਦੀਆਂ, ਸ੍ਰ. ਪ੍ਰਿਥੀਪਾਲ ਸਿੰਘ, ਭਾਈ ਜੁਗਰਾਜ ਸਿੰਘ ਲਾਲਾਨੰਗਲ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਬੀਬੀ ਨਰਿੰਦਰ ਕੌਰ ਕਲਸੀ, ਬੀਬੀ ਮਨਜੀਤ ਕੌਰ, ਬੀਬੀ ਰਾਜਵੰਤ ਕੌਰ, ਭਾਈ ਜਸਕਰਨ ਸਿੰਘ ਰਿਆੜ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਪਰਮਜੀਤ ਸਿੰਘ ਵਣੀਏਕੇ, ਸਰਪੰਚ ਹਰਜਿੰਦਰ ਸਿੰਘ ਜੀਰਾ, ਐਡਵੋਕੇਟ ਅਜੇਪਾਲ ਸਿੰਘ ਢਿਲੋਂ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਜੁਗਰਾਜ ਸਿੰਘ ਉਦੋਨੰਗਲ, ਭਾਈ ਦਯਾ ਸਿੰਘ, ਭਾਈ ਜਗਨੰਦਨ ਸਿੰਘ, ਸ੍ਰ ਗੁਰਦੇਵ ਸਿੰਘ ਸੰਧੂ, ਭਾਈ ਇਕਬਾਲ ਸਿੰਘ ਸੰਧੂ, ਭਾਈ ਦਲਜੀਤ ਸਿੰਘ ਜਵੰਦਾ, ਸ੍ਰ ਨਰਿੰਦਰ ਸਿੰਘ ਕਲਸੀਆਂ, ਭਾਈ ਸੁਖਬੀਰ ਸਿੰਘ ਚੀਮਾਂ, ਸ੍ਰ ਸਵਰਨ ਸਿੰਘ ਗੋਲਡਨ, ਸ੍ਰ ਬਲਜੀਤ ਸਿੰਘ ਚਾਟੀਵਿੰਡ, ਭਾਈ ਨਾਥਵਿੰਦਰ ਸਿੰਘ, ਭਾਈ ਕੁਲਦਮਨਰੂਪ ਸਿੰਘ, ਭਾਈ ਰਜਿੰਦਰ ਸਿੰਘ ਤਲਵੰਡੀ, ਸ੍ਰ ਗੁਰਵਿੰਦਰ ਸਿੰਘ ਝੰਡੇਰ, ਐਡਵੋਕੇਟ ਗੁਰਜੀਤ ਸਿੰਘ, ਸ੍ਰ ਸ਼ਾਹਜੀਤ ਸਿੰਘ ਬੱਲ, ਸ੍ਰ ਮਨਵਿੰਦਰ ਸਿੰਘ ਦਕੋਹਾ, ਜਸਵਿੰਦਰ ਸਿੰਘ ਕਾਹਨੂੰਵਾਨ, ਭਾਈ ਸਤਿੰਦਰਜੀਤ ਸਿੰਘ, ਭਾਈ ਜਰਮਨਦੀਪ ਸਿੰਘ, ਭਾਈ ਮਹਿੰਦਰਪਾਲ ਸਿੰਘ ਤੁੰਗ, ਬਾਬਾ ਗੁਰਪਾਲ ਸਿੰਘ, ਸ੍ਰ ਹਰਪ੍ਰੀਤ ਸਿੰਘ ਰੰਧਾਵਾ, ਸ੍ਰ ਦਲਜੀਤ ਸਿੰਘ ਪੱਧਰੀ, ਸ੍ਰ ਕੁਲਵੰਤ ਸਿੰਘ ਸੈਦੋਲੈਲ, ਭਾਈ ਪ੍ਰਿਤਪਾਲ ਸਿੰਘ ਮੀਰਾਂਕੋਟ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ ਅਤੇ ਸ੍ਰ ਗੁਲਜਾਰ ਸਿੰਘ ਖਾਸਾ ਹਾਜਰ ਸਨ।



28 ਅਗਸਤ ਦੀ 'ਪੰਥ ਬਚਾਓ ਪੰਜਾਬ ਬਚਾਓ' ਕਾਨਫਰੰਸ ਨੂੰ ਸਫ਼ਲ ਬਣਾਉਣ ਲਈ ਪਾਰਟੀ ਵਰਕਰ ਪੂਰੇ ਉਤਸ਼ਾਹ ਨਾਲ ਜੁਟ ਜਾਣ : ਬਾਪੂ ਤਰਸੇਮ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

'ਨਸ਼ਾ ਮੁੱਕਤੀ ਅਤੇ ਰੋਕਥਾਮ' ਦੇ ਸੈਮੀਨਾਰ 'ਚ ਵਿਸ਼ਾ ਮਾਹਿਰ ਡਾ. ਜਗਦੀਪ ਪਾਲ ਸਿੰਘ ਭਾਟੀਆ ਨੇ ਨੌਜਵਾਨਾਂ ਨੂੰ

# ਨਸ਼ਿਆਂ ਦੇ ਖ਼ਤਰੇ ਪ੍ਰਤੀ ਕੀਤਾ ਜਾਗਰੂਕ: ਇੰਜ. ਦਲਜੀਤ ਸਿੰਘ ਕੋਹਲੀ

**ਚੌਕ ਮਹਿਤਾ 20 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੰਮ੍ਰਿਤਸਰ ਹਰਿਆਵਲ ਮੰਚ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਦੇ ਵਧ ਰਹੇ ਖ਼ਤਰੇ ਪ੍ਰਤੀ ਜਾਗਰੂਕ ਕਰਨ ਅਤੇ ਇੱਕ ਸਿਹਤਮੰਦ, ਮਜ਼ਬੂਤ ਤੇ ਨਸ਼ਾ-ਮੁਕਤ ਪੰਜਾਬ ਦੀ ਸਿਰਜਣਾ ਦੇ ਉਦੇਸ਼ ਨਾਲ "ਨਸ਼ਾ ਮੁਕਤੀ ਅਤੇ ਰੋਕਥਾਮ" ਵਿਸ਼ੇ 'ਤੇ ਇੱਕ ਵਿਸ਼ੇਸ਼ ਜਾਗਰੂਕਤਾ ਸੈਮੀਨਾਰ ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਅੰਮ੍ਰਿਤਸਰ ਵਿਖੇ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਾਇਕੋ ਡਰਾਮਾ ਥੈਰੇਪਿਸਟ ਮਿਸ ਵੰਸਿਕਾ ਸ਼ਰਮਾ ਵੱਲੋਂ ਪੇਸ਼ ਕੀਤੇ ਗਏ ਪ੍ਰਭਾਵਸ਼ਾਲੀ ਸਾਇਕੋ ਡਰਾਮਾ ਨਾਲ ਹੋਈ, ਜਿਸ ਨੇ ਵਿਦਿਆਰਥੀਆਂ ਦਾ ਧਿਆਨ ਨਸ਼ਿਆਂ ਦੇ ਮਾਨਸਿਕ ਅਤੇ ਸਮਾਜਿਕ ਪ੍ਰਭਾਵਾਂ ਵੱਲ ਖਿੱਚਿਆ। ਅੰਮ੍ਰਿਤਸਰ ਹਰਿਆਵਲ ਮੰਚ ਦੇ ਪ੍ਰਧਾਨ ਇੰਜ. ਦਲਜੀਤ ਸਿੰਘ ਕੋਹਲੀ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਮੰਚ ਵੱਲੋਂ ਹੁਣ ਤੱਕ 37 ਮਿਨੀ ਜੰਗਲ ਸਥਾਪਿਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਵਾਤਾਵਰਨ ਦੀ ਸੰਭਾਲ ਅਤੇ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਦਾ ਖਾਤਮਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਸ ਲਈ ਸਮਾਜ ਦੇ ਹਰ ਵਰਗ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਮੁੱਖ ਵਕਤਾ ਅਤੇ ਵਿਸ਼ਾ ਮਾਹਿਰ ਡਾ. ਜਗਦੀਪ ਪਾਲ ਸਿੰਘ ਭਾਟੀਆ, ਭਾਟੀਆ ਨਿਊਰੋਸਾਈਕਿਆਟਰੀ ਹਸਪਤਾਲ, ਅੰਮ੍ਰਿਤਸਰ, ਨੇ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਨਸ਼ਿਆਂ ਦੇ ਮਾਨਸਿਕ, ਸਰੀਰਕ, ਸਮਾਜਿਕ ਅਤੇ ਭਾਵਨਾਤਮਕ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਨਸ਼ੇ ਦੀ ਸਮੱਸਿਆ ਨਾਲ ਨਜਿੱਠਣ ਲਈ ਸਮੇਂ ਸਿਰ ਜਾਗਰੂਕਤਾ, ਸ਼ੁਰੂਆਤੀ ਪੱਧਰ 'ਤੇ ਦਖ਼ਲਅੰਦਾਜ਼ੀ ਅਤੇ ਪਰਿਵਾਰਕ ਤੇ ਸਮਾਜਿਕ ਸਹਿਯੋਗ ਬਹੁਤ ਜ਼ਰੂਰੀ ਹੈ। ਡਾ. ਭਾਟੀਆ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਸ਼ੁਰੂਆਤੀ ਸੰਕੇਤਾਂ ਦੀ ਪਛਾਣ ਕਰਨ, ਮਾਨਸਿਕ ਸਿਹਤ ਪ੍ਰਤੀ ਸਚੇਤ ਰਹਿਣ ਅਤੇ ਲੋੜ ਪੈਣ 'ਤੇ ਬਿਨਾਂ ਕਿਸੇ ਝਿਜਕ ਮਾਹਿਰ ਡਾਕਟਰੀ ਸਲਾਹ ਅਤੇ ਮਾਨਸਿਕ ਸਿਹਤ ਸਹਾਇਤਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਅਤੇ ਆਪਣੇ ਪਰਿਵਾਰਾਂ ਤੇ ਸਮਾਜ ਵਿੱਚ ਨਸ਼ਾ-ਮੁਕਤੀ ਦੇ ਸੰਦੇਸ਼ ਦੇ ਦੂਤ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਨਸ਼ਿਆਂ ਨੂੰ ਸਮਝਣਾ, ਇਸ ਦੇ ਪ੍ਰਭਾਵਾਂ ਤੋਂ ਜਾਣੂ ਹੋਣਾ, ਰੋਕਥਾਮ ਅਤੇ ਸ਼ੁਰੂਆਤੀ ਦਖ਼ਲਅੰਦਾਜ਼ੀ, ਮਾਨਸਿਕ ਸਿਹਤ ਸਬੰਧੀ ਜਾਗਰੂਕਤਾ, ਸਿਹਤਮੰਦ ਅਤੇ ਨਸ਼ਾ-ਮੁਕਤ ਜੀਵਨ ਲਈ ਵਿਹਾਰਕ ਮਾਰਗਦਰਸ਼ਨ ਅਤੇ ਇਲਾਜ ਤੇ ਪੁਨਰਵਾਸ ਦੇ ਰਾਹਾਂ ਬਾਰੇ ਜਾਣਕਾਰੀ ਹਰ ਨੌਜਵਾਨ ਲਈ ਬਹੁਤ ਮਹੱਤਵਪੂਰਨ ਹੈ। ਇੰਜ. ਦਲਜੀਤ ਸਿੰਘ ਕੋਹਲੀ ਨੇ ਜ਼ੋਰ ਦੇ ਕੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਡਾਕਟਰੀ ਇਲਾਜ ਤੱਕ ਸੀਮਿਤ ਨਹੀਂ ਰਹਿ ਸਕਦੀ। ਇਸ ਲਈ ਸਿੱਖਿਆ ਸੰਸਥਾਵਾਂ, ਸਿਹਤ ਮਾਹਿਰਾਂ, ਪਰਿਵਾਰਾਂ, ਸਮਾਜਿਕ ਸੰਸਥਾਵਾਂ ਅਤੇ ਨੌਜਵਾਨਾਂ ਦੇ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਿਹਤਮੰਦ ਨੌਜਵਾਨ ਅਤੇ ਸਾਫ਼-ਸੁਥਰਾ ਵਾਤਾਵਰਨ ਇੱਕ ਮਜ਼ਬੂਤ ਸਮਾਜ ਦੇ ਦੋ ਅਹਿਮ ਥੰਮ੍ਹ ਹਨ ਅਤੇ ਜਾਗਰੂਕਤਾ, ਸਿੱਖਿਆ ਅਤੇ ਸਮਾਜਿਕ ਭਾਗੀਦਾਰੀ ਰਾਹੀਂ ਹੀ ਨਸ਼ਾ-ਮੁਕਤ ਅਤੇ ਸਸ਼ਕਤ ਪੰਜਾਬ ਦੀ ਸਿਰਜਣਾ ਸੰਭਵ ਹੈ। ਅੰਮ੍ਰਿਤਸਰ ਹਰਿਆਵਲ ਮੰਚ ਦੀ ਮੀਤ ਪ੍ਰਧਾਨ ਡਾ. ਜਸਪ੍ਰੀਤ ਕੌਰ ਅਤੇ ਸਮੂਹ ਟੀਮ ਵੱਲੋਂ ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਦੇ ਪ੍ਰਬੰਧਕਾਂ ਮੈਡਮ ਰਿਪਣ ਕੋਹਲੀ, ਮੈਡਮ ਸ਼ਿਲਪੀ ਅਤੇ ਸਮੂਹ ਸਟਾਫ਼ ਦਾ ਇਸ ਮਹੱਤਵਪੂਰਨ ਉਪਰਾਲੇ ਵਿੱਚ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਡਾ. ਜਗਦੀਪ ਪਾਲ ਸਿੰਘ ਭਾਟੀਆ ਨੂੰ ਉਨ੍ਹਾਂ ਦੀ ਵਿਸ਼ੇਸ਼ ਮਾਹਿਰਤਾ ਅਤੇ ਵਿਦਿਆਰਥੀਆਂ ਨਾਲ ਕੀਤੀ ਪ੍ਰਭਾਵਸ਼ਾਲੀ ਗੱਲਬਾਤ ਲਈ ਸਨਮਾਨਿਤ ਵੀ ਕੀਤਾ ਗਿਆ। ਅੰਤ ਵਿੱਚ ਡਾ. ਜਸਪ੍ਰੀਤ ਕੌਰ ਨੇ ਨੌਜਵਾਨਾਂ ਨੂੰ ਨਸ਼ਿਆਂ ਨੂੰ "ਨਾ" ਕਹਿਣ, ਮਾਨਸਿਕ ਸਿਹਤ ਨੂੰ ਤਰਜੀਹ ਦੇਣ ਅਤੇ ਇੱਕ ਸਿਹਤਮੰਦ ਤੇ ਜ਼ਿੰਮੇਵਾਰ ਸਮਾਜ ਦੀ ਸਿਰਜਣਾ ਵਿੱਚ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ "ਸਿਹਤਮੰਦ ਨੌਜਵਾਨ - ਸਾਫ਼ ਵਾਤਾਵਰਨ - ਨਸ਼ਾ-ਮੁਕਤ ਪੰਜਾਬ" ਹੀ ਸਮਾਜ ਦੀ ਤਰੱਕੀ ਅਤੇ ਖੁਸ਼ਹਾਲੀ ਦਾ ਮੂਲ ਮੰਤਰ ਹੈ। ਇਸ ਮੌਕੇ ਡਾ. ਨਿਰਮਲ ਸਿੰਘ ਆਨੰਦ, ਸ੍ਰੀ ਅਵਤਾਰ ਸਿੰਘ ਬੁੱਟਰ, ਸ੍ਰੀ ਕਿਰਪਾਲ ਸਿੰਘ ਬੱਬਰ, ਸ੍ਰੀ ਰਮੇਸ਼ਵਰ ਦੱਤ ਸ਼ਰਮਾ, ਸ੍ਰੀ ਦੀਪਕ ਬੱਬਰ, ਡਾ. ਇੰਦੂ ਵਰਮਾ, ਸ੍ਰੀ ਕਮਲ ਘਈ, ਮੈਡਮ ਜਿਯੋਤੀ, ਸ੍ਰੀ ਚਰਨਜੀਤ ਸਿੰਘ ਭਾਗੋਵਾਲੀਆ, ਸ਼੍ਰ ਜਸਵੰਤ ਸਿੰਘ ਘਈ, ਇੰਜ. ਸਤਬੀਰ ਸਿੰਘ, ਇੰਜ. ਜਤਿੰਦਰ ਸਿੰਘ ਲਖਨਪਾਲ, ਸ੍ਰੀ ਜੋਗਿੰਦਰ ਸਿੰਘ, ਸ੍ਰੀ ਸੁਖਦੇਵ ਸਿੰਘ, ਸ੍ਰੀ ਸੰਦੀਪ ਸਿੰਘ, ਸ੍ਰੀ ਗੁਰਪ੍ਰੀਤ ਸਿੰਘ, ਸ੍ਰੀ ਸੁਖਬੀਰ ਸਿੰਘ ਅਤੇ ਰਾਜਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਸਾਹਿਬ ਜੀ, ਸਿਹਤ ਵਿਭਾਗ ਅੰਮ੍ਰਿਤਸਰ ਦੇ ਜ਼ਿਲ੍ਹਾ ਪੱਧਰੀ ਦਫ਼ਤਰ ਸਿਵਲ ਸਰਜਨ ਦੀ ਫ਼ਰਿਆਦ ਵੀ ਸੁਣੋ : ਪੰਡਿਤ ਰਾਕੇਸ਼ ਸ਼ਰਮਾ

**ਚੌਕ ਮਹਿਤਾ,20 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਆਫ਼ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਨੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੂੰ ਅਪੀਲ ਕਰਦਿਆਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੀ ਪਵਿੱਤਰ ਨਗਰੀ ਅੰਮ੍ਰਿਤਸਰ ਨਾਲ ਕਿਸੇ ਵੀ ਪੱਧਰ 'ਤੇ ਵਿਤਕਰਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਖੇ ਸਿਹਤ ਵਿਭਾਗ ਦੇ ਜ਼ਿਲ੍ਹਾ ਪੱਧਰੀ ਦਫ਼ਤਰ ਸਿਵਲ ਸਰਜਨ ਦੀਆਂ ਬੁਨਿਆਦੀ ਸਹੂਲਤਾਂ ਦੀ ਸਥਿਤੀ ਚਿੰਤਾਜਨਕ ਹੈ ਅਤੇ ਸਰਕਾਰ ਨੂੰ ਇਸ ਮਾਮਲੇ ਦਾ ਤੁਰੰਤ ਗੰਭੀਰ ਨੋਟਿਸ ਲੈਣਾ ਚਾਹੀਦਾ ਹੈ। ਪੰਡਿਤ ਰਾਕੇਸ਼ ਸ਼ਰਮਾ ਨੇ ਕਿਹਾ ਕਿ ਜੇਕਰ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਜ਼ਮੀਨੀ ਹਕੀਕਤ ਬਾਰੇ ਕੋਈ ਸ਼ੱਕ ਹੈ ਤਾਂ ਉਹ ਖੁਦ ਮੌਕੇ 'ਤੇ ਆ ਕੇ ਸਥਿਤੀ ਦਾ ਜਾਇਜ਼ਾ ਲੈਣ। ਉਨ੍ਹਾਂ ਕਿਹਾ, "ਸਿਹਤ ਮੰਤਰੀ ਸਾਹਿਬ ਜੀ, ਮੇਰੇ ਨਾਲ ਚੱਲੋ। ਮੈਂ ਤੁਹਾਨੂੰ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਦੀ ਜ਼ਮੀਨੀ ਹਕੀਕਤ ਤੋਂ ਰੂਬਰੂ ਕਰਵਾਉਂਦਾ ਹਾਂ। ਜੋ ਗੱਲ ਤੁਹਾਡੇ ਧਿਆਨ ਵਿੱਚ ਨਹੀਂ ਆਉਂਦੀ, ਉਹ ਮੈਂ ਮੌਕੇ 'ਤੇ ਦਿਖਾਉਣ ਲਈ ਤਿਆਰ ਹਾਂ।" ਉਨ੍ਹਾਂ ਦੱਸਿਆ ਕਿ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਵਿੱਚ ਦਫ਼ਤਰ ਦੇ ਮੁਲਾਜ਼ਮਾਂ ਅਤੇ ਦੂਰ-ਦੁਰਾਡੇ ਤੋਂ ਆਪਣੇ ਕੰਮਾਂ ਲਈ ਆਉਣ ਵਾਲੀ ਜਨਤਾ ਲਈ ਪੀਣ ਵਾਲੇ ਪਾਣੀ ਦੀ ਢੁੱਕਵੀਂ ਵਿਵਸਥਾ, ਬੈਠਣ ਲਈ ਬੈਂਚ ਅਤੇ ਹੋਰ ਜ਼ਰੂਰੀ ਜਨਤਕ ਸਹੂਲਤਾਂ ਦੀ ਘਾਟ ਹੈ। ਉਨ੍ਹਾਂ ਕਿਹਾ ਕਿ ਇੰਨੇ ਮਹੱਤਵਪੂਰਨ ਜ਼ਿਲ੍ਹਾ ਪੱਧਰੀ ਦਫ਼ਤਰ ਵਿੱਚ ਇਹ ਸਥਿਤੀ ਸਰਕਾਰ ਅਤੇ ਸਿਹਤ ਵਿਭਾਗ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਪੰਡਿਤ ਰਾਕੇਸ਼ ਸ਼ਰਮਾ ਨੇ ਦਾਅਵਾ ਕੀਤਾ ਕਿ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਵਿੱਚ ਕੇਵਲ ਇੱਕ ਛੋਟਾ ਅਤੇ ਬਹੁਤ ਖ਼ਰਾਬ ਹਾਲਤ ਵਾਲਾ ਬਾਥਰੂਮ ਹੈ, ਜੋ ਦਫ਼ਤਰ ਵਿੱਚ ਆਉਣ ਵਾਲੀ ਜਨਤਾ ਅਤੇ ਮੁਲਾਜ਼ਮਾਂ ਲਈ ਸਾਂਝੇ ਤੌਰ 'ਤੇ ਵਰਤਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਦੀ ਸਫ਼ਾਈ ਅਤੇ ਹਾਲਤ ਨੂੰ ਦੇਖਦਿਆਂ ਇਸ ਨੂੰ ਵਰਤਣਾ ਤਾਂ ਦੂਰ ਦੀ ਗੱਲ, ਇਸ ਦੇ ਨੇੜਿਓਂ ਲੰਘਣਾ ਵੀ ਮੁਸ਼ਕਲ ਹੈ। ਉਨ੍ਹਾਂ ਸਿਹਤ ਵਿਭਾਗ ਦੇ ਮੰਤਰੀ ਅਤੇ ਪ੍ਰਮੁੱਖ ਸਕੱਤਰ ਸ੍ਰੀ ਕੁਮਾਰ ਰਾਹੁਲ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਖੁਦ ਮੌਕੇ 'ਤੇ ਪਹੁੰਚ ਕੇ ਇਸ ਬਾਥਰੂਮ ਦੀ ਸਥਿਤੀ ਦੇਖਣ ਅਤੇ ਜੇਕਰ ਇਹ ਸਹੂਲਤ ਉਨ੍ਹਾਂ ਲਈ ਵਰਤਣਯੋਗ ਨਹੀਂ ਹੈ ਤਾਂ ਗੁਰੂ ਨਗਰੀ ਦੀ ਜਨਤਾ ਅਤੇ ਵਿਭਾਗੀ ਮੁਲਾਜ਼ਮਾਂ ਤੋਂ ਅਜਿਹੀ ਸਹੂਲਤ ਦੀ ਉਮੀਦ ਕਿਵੇਂ ਕੀਤੀ ਜਾ ਸਕਦੀ ਹੈ। ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਨੇ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦੀ ਮੰਗ ਕਰਦਿਆਂ ਕਿਹਾ ਕਿ ਸਰਕਾਰੀ ਦਫ਼ਤਰਾਂ ਅਤੇ ਸਿਹਤ ਸੰਸਥਾਵਾਂ ਵਿੱਚ ਸੁਰੱਖਿਆ ਅਤੇ ਪਾਰਦਰਸ਼ਤਾ ਦੇ ਮੱਦੇਨਜ਼ਰ ਸੀ.ਸੀ.ਟੀ.ਵੀ. ਨਿਗਰਾਨੀ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਸਵਾਲ ਉਠਾਇਆ ਕਿ ਜ਼ਿਲ੍ਹਾ ਪੱਧਰ ਦੇ ਇੱਕ ਅਹਿਮ ਸਿਹਤ ਦਫ਼ਤਰ ਵਿੱਚ ਸੀ.ਸੀ.ਟੀ.ਵੀ. ਪ੍ਰਬੰਧ ਕਿਉਂ ਨਹੀਂ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਦਰਜਾ-ਚਾਰ ਕਰਮਚਾਰੀਆਂ ਤੋਂ ਅਧਿਕਾਰੀਆਂ ਦੀਆਂ ਆਨਲਾਈਨ ਆਈ.ਡੀਜ਼ ਨਾਲ ਸਬੰਧਤ ਕੰਮ ਕਰਵਾਏ ਜਾਣ ਅਤੇ ਕਰਮਚਾਰੀਆਂ ਦੀ ਹਾਜ਼ਰੀ ਤੇ ਡਿਊਟੀ ਪ੍ਰਬੰਧ ਵਿੱਚ ਕਥਿਤ ਬੇਤਰਤੀਬੀ ਕਾਰਨ ਦਫ਼ਤਰ ਦੀ ਪ੍ਰਸ਼ਾਸਨਿਕ ਵਿਵਸਥਾ 'ਤੇ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾਂ ਮੰਗ ਕੀਤੀ ਕਿ ਇਸ ਸਬੰਧੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਜੇਕਰ ਕੋਈ ਨਿਯਮਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਜ਼ਿੰਮੇਵਾਰੀ ਤੈਅ ਕੀਤੀ ਜਾਵੇ। ਪੰਡਿਤ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਕੋਲ ਇਹ ਮਾਮਲਾ ਵੀ ਧਿਆਨ ਵਿੱਚ ਆਇਆ ਹੈ ਕਿ ਸਿਵਲ ਹਸਪਤਾਲ ਅੰਮ੍ਰਿਤਸਰ ਦੇ ਲਗਭਗ 130-140 ਮੁਲਾਜ਼ਮਾਂ ਨਾਲ ਸਬੰਧਤ ਤਨਖ਼ਾਹ ਬਿੱਲ ਤਿਆਰ ਕਰਨ ਵਾਲਾ ਕੁਝ ਦਫ਼ਤਰੀ ਸਟਾਫ਼ ਸਿਵਲ ਹਸਪਤਾਲ ਦੀ ਬਜਾਇ ਸਿਵਲ ਸਰਜਨ ਦਫ਼ਤਰ ਵਿੱਚ ਬੈਠਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਤਨਖ਼ਾਹ ਬਿੱਲ ਤਿਆਰ ਕਰਨ ਦਾ ਕੰਮ ਕੁਝ ਦਿਨਾਂ ਵਿੱਚ ਮੁਕੰਮਲ ਹੋ ਜਾਂਦਾ ਹੈ ਅਤੇ ਬਿੱਲ ਖ਼ਜ਼ਾਨਾ ਦਫ਼ਤਰ ਵਿੱਚ ਜਮ੍ਹਾਂ ਕਰਵਾ ਦਿੱਤੇ ਜਾਂਦੇ ਹਨ ਤਾਂ ਇਸ ਪ੍ਰਬੰਧ ਦੀ ਪ੍ਰਸ਼ਾਸਨਿਕ ਅਤੇ ਕਾਰਜਕੁਸ਼ਲਤਾ ਦੇ ਪੱਖੋਂ ਸਮੀਖਿਆ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਤਨਖ਼ਾਹ ਬਿੱਲਾਂ 'ਤੇ ਦਸਤਖ਼ਤ ਕਰਨ ਵਾਲੇ ਡੀ.ਡੀ.ਓ.-ਕਮ-ਸੀਨੀਅਰ ਮੈਡੀਕਲ ਅਫ਼ਸਰ ਵੀ ਸਿਵਲ ਹਸਪਤਾਲ ਵਿੱਚ ਹੀ ਬੈਠਦੇ ਹਨ। ਇਸ ਲਈ ਤਨਖ਼ਾਹ ਬਿੱਲਾਂ ਨਾਲ ਸਬੰਧਤ ਦਫ਼ਤਰੀ ਕੰਮ ਲਈ ਸਟਾਫ਼ ਨੂੰ ਸਿਵਲ ਹਸਪਤਾਲ ਵਿੱਚ ਬਿਠਾਉਣ ਦੀ ਬਜਾਇ ਸਿਵਲ ਸਰਜਨ ਦਫ਼ਤਰ ਵਿੱਚ ਰੱਖਣ ਦਾ ਪ੍ਰਸ਼ਾਸਨਿਕ ਤਰਕ ਸਪਸ਼ਟ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਹਰ ਕਰਮਚਾਰੀ ਦੀ ਡਿਊਟੀ, ਹਾਜ਼ਰੀ ਅਤੇ ਕੰਮ ਦੀ ਜਵਾਬਦੇਹੀ ਸਪਸ਼ਟ ਹੋਣੀ ਚਾਹੀਦੀ ਹੈ। ਜੇਕਰ ਕਿਸੇ ਕਰਮਚਾਰੀ ਵੱਲੋਂ ਨਿਰਧਾਰਤ ਡਿਊਟੀ ਤੋਂ ਇਲਾਵਾ ਕੋਈ ਕੰਮ ਕੀਤਾ ਜਾ ਰਿਹਾ ਹੈ ਤਾਂ ਉਸ ਦੀ ਵੀ ਨਿਯਮਾਂ ਅਨੁਸਾਰ ਸਮੀਖਿਆ ਹੋਣੀ ਚਾਹੀਦੀ ਹੈ। ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਇਸ ਸਬੰਧੀ ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਮੈਨ ਨੂੰ ਪੱਤਰ ਲਿਖ ਕੇ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਦਾ ਅਚਨਚੇਤ ਦੌਰਾ ਕਰਨ ਦੀ ਬੇਨਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦਫ਼ਤਰ ਵਿੱਚ ਆਉਣ ਵਾਲੀ ਆਮ ਜਨਤਾ ਅਤੇ ਮੁਲਾਜ਼ਮਾਂ ਨੂੰ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰੀ ਪ੍ਰਬੰਧ ਦੀ ਬੁਨਿਆਦੀ ਜ਼ਿੰਮੇਵਾਰੀ ਹੈ। ਪੰਡਿਤ ਰਾਕੇਸ਼ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਵੱਲੋਂ ਸਬੰਧਤ ਉੱਚ ਅਧਿਕਾਰੀਆਂ ਨੂੰ ਟੈਲੀਫੋਨ ਰਾਹੀਂ ਵੀ ਮਾਮਲੇ ਤੋਂ ਜਾਣੂ ਕਰਵਾਇਆ ਗਿਆ ਹੈ ਅਤੇ ਮੰਗ ਕੀਤੀ ਗਈ ਹੈ ਕਿ ਬਿਨਾਂ ਕਿਸੇ ਪੂਰਵ-ਸੂਚਨਾ ਦੇ ਅਚਨਚੇਤ ਨਿਰੀਖਣ ਕਰਕੇ ਅਸਲ ਸਥਿਤੀ ਦੀ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ "ਇਹ ਕਿਸੇ ਵਿਅਕਤੀ ਵਿਸ਼ੇਸ਼ ਦੇ ਖ਼ਿਲਾਫ਼ ਮੁਹਿੰਮ ਨਹੀਂ, ਸਗੋਂ ਸਰਕਾਰੀ ਦਫ਼ਤਰ ਵਿੱਚ ਪਾਰਦਰਸ਼ਤਾ, ਜਵਾਬਦੇਹੀ, ਸਫ਼ਾਈ, ਸੁਰੱਖਿਆ ਅਤੇ ਜਨਤਾ ਨੂੰ ਸਨਮਾਨਜਨਕ ਸਹੂਲਤਾਂ ਦਿਵਾਉਣ ਦੀ ਮੰਗ ਹੈ।" ਚੇਅਰਮੈਨ ਨੇ ਮੁੱਖ ਮੰਤਰੀ ਪੰਜਾਬ ਅਤੇ ਸਿਹਤ ਮੰਤਰੀ ਤੋਂ ਮੰਗ ਕੀਤੀ ਕਿ ਦਫ਼ਤਰ ਸਿਵਲ ਸਰਜਨ ਅੰਮ੍ਰਿਤਸਰ ਦੀ ਅਚਨਚੇਤ ਉੱਚ ਪੱਧਰੀ ਜਾਂਚ ਕਰਵਾਈ ਜਾਵੇ, ਪੀਣ ਵਾਲੇ ਪਾਣੀ, ਸਾਫ਼-ਸੁਥਰੇ ਬਾਥਰੂਮ, ਜਨਤਾ ਲਈ ਬੈਠਣ ਦੀ ਵਿਵਸਥਾ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਸਮੇਤ ਬੁਨਿਆਦੀ ਸਹੂਲਤਾਂ ਤੁਰੰਤ ਯਕੀਨੀ ਬਣਾਈਆਂ ਜਾਣ ਅਤੇ ਕਰਮਚਾਰੀਆਂ ਦੀ ਡਿਊਟੀ ਤੇ ਕੰਮ ਦੀ ਨਿਰਪੱਖ ਸਮੀਖਿਆ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦੀ ਪਵਿੱਤਰ ਨਗਰੀ ਅੰਮ੍ਰਿਤਸਰ ਦੇ ਲੋਕਾਂ ਨੂੰ ਵੀ ਉਹੀ ਮਿਆਰੀ ਸਰਕਾਰੀ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ, ਜਿਨ੍ਹਾਂ ਦਾ ਉਹ ਹੱਕ ਰੱਖਦੇ ਹਨ। ਪੰਡਿਤ ਰਾਕੇਸ਼ ਸ਼ਰਮਾ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਤੁਰੰਤ ਠੋਸ ਕਾਰਵਾਈ ਕੀਤੀ ਜਾਂਦੀ ਹੈ ਤਾਂ ਇਹ ਗੁਰੂ ਨਗਰੀ ਦੀ ਜਨਤਾ ਅਤੇ ਸਰਕਾਰੀ ਮੁਲਾਜ਼ਮਾਂ ਲਈ ਇੱਕ ਸਕਾਰਾਤਮਕ ਕਦਮ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243